ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2638 8 November, 2026 Sunday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ +1 (209) 303-1260

ਟਰੰਪ ਵੱਲੋਂ ਮਿਡਟਰਮ ਚੋਣਾਂ 'ਚ ਹਾਰ ਪਿੱਛੋਂ ਵ੍ਹਾਈਟ ਹਾਊਸ ਦੇ ਪ੍ਰਸ਼ਾਸਨ 'ਚ ਸੂਸੀ ਵਾਈਲਜ਼ ਦੀ ਥਾਂ ਸਟੀਫਨ ਮਿੱਲਰ ਨੂੰ ਨਵੇਂ ਚੀਫ ਆਫ਼ ਸਟਾਫ਼ ਨਿਯੁਕਤ ਕਰਨ ਦਾ ਐਲਾਨ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਵਿਚ ਹੋਈਆਂ ਮਿਡਟਰਮ ਚੋਣਾਂ ਵਿਚ ਰਿਪਬਲਿਕਨ ਪਾਰਟੀ ਦੀ ਕਰਾਰੀ ਹਾਰ ਤੋਂ ਬਾਅਦ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵ੍ਹਾਈਟ ਹਾਊਸ ਦੇ ਪ੍ਰਸ਼ਾਸਨ ਵਿਚ ਵੱਡਾ ਫੇਰਬਦਲ ਕੀਤਾ ਹੈ। ਟਰੰਪ ਨੇ ਆਪਣੀ ਸਭ ਤੋਂ ਭਰੋਸੇਮੰਦ ਸਹਿਯੋਗੀ ਸੂਸੀ ਵਾਈਲਜ਼ ਨੂੰ ਚੀਫ਼ ਆਫ਼ ਸਟਾਫ ਦੇ ਅਹੁਦੇ ਤੋਂ ਹਟਾ ਕੇ ਉਨ੍ਹਾਂ ਦੀ ਜਗ੍ਹਾ ਸਟੀਫਨ ਮਿੱਲਰ ਨੂੰ ਨਵਾਂ ਚੀਫ਼ ਆਫ਼ ਸਟਾਫ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ। ਟਰੰਪ ਨੇ ਸ਼ੁੱਕਰਵਾਰ ਨੂੰ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੁੱਥ ਸੋਸ਼ਲ' 'ਤੇ ਇਸ ਸਬੰਧੀ ਜਾਣਕਾਰੀ ਸਾਂਝੀ ਕੀਤੀ। ਵ੍ਹਾਈਟ ਹਾਊਸ ਵਿਚ ਫਿਲਹਾਲ ਡਿਪਟੀ ਚੀਫ਼ ਆਫ਼ ਸਟਾਫ ਵਜੋਂ ਸੇਵਾ ਨਿਭਾ ਰਹੇ ਸਟੀਫਨ ਮਿੱਲਰ 9 ਨਵੰਬਰ (ਸੋਮਵਾਰ) ਤੋਂ ਇਹ ਨਵੀਂ ਜ਼ਿੰਮੇਵਾਰੀ ਸੰਭਾਲਣਗੇ।3 ਨਵੰਬਰ ਨੂੰ ਹੋਈਆਂ ਮਿਡਟਰਮ ਚੋਣਾਂ ਵਿਚ ਡੈਮੋਕ੍ਰੇਟਿਕ ਪਾਰਟੀ ਨੇ ਵੱਡੀ ਜਿੱਤ ਦਰਜ ਕਰਦਿਆਂ ਅਮਰੀਕੀ ਸੰਸਦ ਦੇ ਦੋਵਾਂ ਸਦਨਾਂ, ਹਾਊਸ ਆਫ਼ ਰਿਪ੍ਰੈਜ਼ੈਂਟੇਟਿਵਜ਼ ਅਤੇ ਸੈਨੇਟ 'ਤੇ ਰਿਪਬਲਿਕਨਾਂ ਦਾ ਕੰਟਰੋਲ ਖਤਮ ਕਰ ਦਿੱਤਾ ਹੈ। ਚੋਣਾਂ ਵਿਚ ਹੋਈ ਇਸ ਹਾਰ ਨਾਲ ਟਰੰਪ ਲਈ ਆਪਣੇ ਬਾਕੀ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਨੀਤੀਆਂ ਲਾਗੂ ਕਰਨਾ ਚੁਣੌਤੀਪੂਰਨ ਹੋ ਸਕਦਾ ਹੈ। ਹੁਣ ਸੰਸਦੀ ਕਮੇਟੀਆਂ ਦੀ ਕਮਾਂਡ ਡੈਮੋਕ੍ਰੇਟਸ ਦੇ ਹੱਥਾਂ ਵਿਚ ਜਾਣ ਨਾਲ ਉਨ੍ਹਾਂ ਨੂੰ ਟਰੰਪ ਪ੍ਰਸ਼ਾਸਨ ਦੇ ਕੰਮਕਾਜ ਦੀ ਜਾਂਚ ਕਰਨ ਦਾ ਅਧਿਕਾਰ ਮਿਲੇਗਾ। ਵਿਸ਼ਲੇਸ਼ਕਾਂ ਅਨੁਸਾਰ ਮਹਿੰਗਾਈ, ਟੈਰਿਫ ਨਾਲ ਜੁੜੀਆਂ ਆਰਥਿਕ ਮੁਸ਼ਕਲਾਂ ਅਤੇ ਈਰਾਨ ਨਾਲ ਤਣਾਅ ਨੂੰ ਲੈ ਕੇ ਵੋਟਰਾਂ ਵਿਚ ਫੈਲੀ ਨਾਰਾਜ਼ਗੀ ਰਿਪਬਲਿਕਨਾਂ ਦੀ ਹਾਰ ਦਾ ਮੁੱਖ ਕਾਰਨ ਬਣੀ ਹੈ।ਸੂਸੀ ਵਾਈਲਜ਼ ਨੇ ਟਰੰਪ ਦੀਆਂ 2016, 2020 ਅਤੇ 2024 ਦੀਆਂ ਚੋਣ ਮੁਹਿੰਮਾਂ ਵਿਚ ਅਹਿਮ ਭੂਮਿਕਾ ਨਿਭਾਈ ਸੀ। ਟਰੰਪ ਦੇ ਦੂਜੇ ਕਾਰਜਕਾਲ ਦੀ ਸ਼ੁਰੂਆਤ ਵਿਚ ਉਹ ਇਸ ਅਹੁਦੇ 'ਤੇ ਪਹੁੰਚਣ ਵਾਲੀ ਪਹਿਲੀ ਮਹਿਲਾ ਬਣੀ ਸੀ। ਟਰੰਪ ਨੇ ਵਾਈਲਜ਼ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਹੁਣ ਉਨ੍ਹਾਂ ਦੇ ਸਿਆਸੀ ਸੰਗਠਨ ਨਾਲ ਕੰਮ ਕਰਨਗੇ। ਦੂਜੇ ਪਾਸੇ, ਵਾਈਲਜ਼ ਨੇ ਵੀ ਵ੍ਹਾਈਟ ਹਾਊਸ ਵਿਚ ਕੰਮ ਕਰਨ ਨੂੰ ਆਪਣੇ ਜੀਵਨ ਦਾ ਵੱਡਾ ਸਨਮਾਨ ਦੱਸਿਆ ਹੈ। ਸਟੀਫਨ ਮਿੱਲਰ ਲੰਮੇ ਸਮੇਂ ਤੋਂ ਡੋਨਾਲਡ ਟਰੰਪ ਦੇ ਨਜ਼ਦੀਕੀ ਸਹਿਯੋਗੀ ਰਹੇ ਹਨ, ਜੋ 2016 ਦੀ ਰਾਸ਼ਟਰਪਤੀ ਚੋਣ ਮੁਹਿੰਮ ਦੌਰਾਨ ਭਾਸ਼ਣ ਲੇਖਕ ਵਜੋਂ ਉਨ੍ਹਾਂ ਨਾਲ ਜੁੜੇ ਸਨ। ਮਿੱਲਰ ਅਮਰੀਕਾ ਦੀਆਂ ਸਖ਼ਤ ਇਮੀਗ੍ਰੇਸ਼ਨ (ਪ੍ਰਵਾਸ) ਅਤੇ ਸੀਮਾ ਸੁਰੱਖਿਆ ਨੀਤੀਆਂ ਨੂੰ ਤਿਆਰ ਕਰਨ ਲਈ ਜਾਣੇ ਜਾਂਦੇ ਹਨ। ਵ੍ਹਾਈਟ ਹਾਊਸ ਦੇ ਚੀਫ਼ ਆਫ਼ ਸਟਾਫ ਦਾ ਅਹੁਦਾ ਰਾਸ਼ਟਰਪਤੀ ਦੇ ਰੋਜ਼ਾਨਾ ਦੇ ਕੰਮਕਾਜ ਅਤੇ ਪ੍ਰਸ਼ਾਸਨ 'ਚ ਤਾਲਮੇਲ ਬਣਾਉਣ ਲਈ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ।



ਦੀਵਾਲੀ ਦੀ ਛੁੱਟੀ

ਅਦਾਰਾ ਸਾਂਝੀ ਸੋਚ 'ਚ ਦੀਵਾਲੀ ਦੇ ਸ਼ੁਭ ਮੌਕੇ ਛੁੱਟੀ ਰਹੇਗੀ, ਜਿਸ ਕਾਰਨ 9 ਨਵੰਬਰ ਦਾ ਅਖ਼ਬਾਰ ਨਹੀਂ ਆਵੇਗਾ। ਹੁਣ 10 ਨਵੰਬਰ ਦਾ ਅਖ਼ਬਾਰ ਹੀ ਪਾਠਕਾਂ ਤੱਕ ਪਹੁੰਚੇਗਾ।
ਮੁੱਖ ਸੰਪਾਦਕ

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com



LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor® CalDRE # 02115235
ਤੁਸੀਂ ਆਪਣੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
• ਰਾਸ਼ਟਰਪਤੀ ਜੋਅ ਬਾਇਡਨ ਦੁਆਰਾ ਪਾਸ ਕੀਤੀ ਗਈ ਅਮਰੀਕੀ ਬਚਾਅ ਯੋਜਨਾ ਤੁਹਾਨੂੰ ਮਹੀਨੇ ਵਿੱਚ ਹਜ਼ਾਰਾਂ ਡਾਲਰ ਦੀ ਬਚਤ ਕਰਵਾ ਸਕਦੀ ਹੈ।
• ਪਹਿਲਾਂ ਨਾਲੋਂ ਬਹੁਤੇ ਵਿੱਤੀ ਮਦਦ ਮਿਲਦੀ ਹੈ।
• ਭਾਵੇਂ ਤੁਸੀਂ ਪਹਿਲਾਂ ਸਬਸਿਡੀਆਂ ਲਈ ਯੋਗਤਾ ਪੂਰੀ ਨਹੀਂ ਕਰਦੇ ਹੋ, ਪਰ ਹੁਣ ਤੁਸੀਂ ਸਿਹਤ ਬੀਮਾ ਪ੍ਰੀਮੀਅਮਾਂ 'ਤੇ ਹਜ਼ਾਰਾਂ ਲੋਕਾਂ ਨੂੰ ਬਚਾਉਣ ਦੇ ਯੋਗ ਹੋ ਸਕਦੇ ਹੋ।
• ਭਾਰੀ ਟੈਕਸ ਰੈਬਿਟ ਕੇਵਲ ਤਾਂ ਹੀ ਉਪਲਬਧ ਹੋਏ ਹਨ, ਜੇ ਤੁਸੀਂ ਕਵਰਡ ਕੈਲੀਫੋਰਨੀਆ ਦੁਆਰਾ ਅਰਜ਼ੀ ਦਿਓਗੇ ਹੋ।
ਹੈਲਥ ਇੰਸੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000




Certified INSURANCE AGENT
COVERED CALIFORNIA
Free Confidential Help
Call : Gurcharan Singh Mann
Medicare
Licensed Insurance Agent
CA Lic # 0C70672
CALL TO ENROL
510-557-0061

Space available for Ad
Contact #
+1 (209) 303-1260



THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137



Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

JRP REALTY GROUP

A TRADITION OF REAL ESTATE EXCELLENCE

SERVING CALIFORNIA FOR COMMERCIAL REAL ESTATE NEEDS





Specializing in all Types of Commercial Proprtries

Gas Stations, Apartments, Commercial Buildings, Liquor stores and Land

CALL TODAY TO BUY/SELL YOUR REAL ESTATE/ BUSINESS

Jaswant S.Pannu
Office: 209-900-1994
Cell: 408-340-0157
jaswantpannu@yahoo.com

Raman Singh
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you



For more properties or business, contact us.



LENDINGASSETS
Elevating Your Mortgage Experience

Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

Refinance @2.75% APR or lower



LOVEPREET KAUR
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

Apply online at www.lendingassets.com and check out the live lowest rates on our website

ONLY WAY TO GROW YOUR BUSINESS FASTER

BNG

(Business Network Gateway)

We work for you to

Boost Your Business

VIDEO ADVERTISEMENTS

We make professional video advertisements for your business in Punjabi, Hindi & English



POSTERS DESIGN

We design flyers, Posters and
Post Cards to promote your business



BUSINESS CARD DESIGN

WE DESIGN YOUR
BUSINESS CARD



SOCIAL MEDIA HANDLERS

We can manage your Business social media handlers Facebook, instagram & YouTube



24/7 TECH SUPPORT

We provide 24/7 tech support



For more information call

Boota Singh Basi +1 (209) 303-1260

ਸਾਂਝੀ ਸੋਚ SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER
ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER

2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com

Visit at: www.sanjhisoch.com

ਭਾਰਤੀ ਰਾਜਨੀਤੀ 'ਚ ਸਰਦਾਰ ਪਟੇਲ ਦੀਆਂ ਅਮਿੱਟ ਪੈੜਾਂ

ਆਧੁਨਿਕ ਭਾਰਤ ਦੀ ਏਕਤਾ ਤੋਂ ਵਿਕਸਿਤ ਭਾਰਤ ਦੇ ਸੰਕਲਪ ਤੱਕ



ਪ੍ਰੋ: ਸਰਚਾਂਦ ਸਿੰਘ ਖਿਆਲਾ
97813-55522

ਆਜ਼ਾਦੀ ਮਿਲਣਾ ਇੱਕ ਗੱਲ ਸੀ, ਪਰ ਆਜ਼ਾਦ ਭਾਰਤ ਨੂੰ ਇੱਕਜੁੱਟ ਰੱਖਣਾ ਇਸ ਤੋਂ ਕਿਤੇ ਵੱਡੀ ਚੁਣੌਤੀ ਸੀ। 1947 ਵਿੱਚ ਅੰਗਰੇਜ਼ੀ ਸ਼ਾਸਨ ਦੇ ਅੰਤ ਨਾਲ ਭਾਰਤ ਸਾਹਮਣੇ 560 ਤੋਂ ਵੱਧ ਰਿਆਸਤਾਂ ਨੂੰ ਇੱਕ ਕੌਮੀ ਢਾਂਚੇ ਵਿੱਚ ਜੋੜਨ ਅਤੇ ਦੇਸ਼ ਦੀ ਭੂਗੋਲਿਕ ਤੇ ਸਿਆਸੀ ਅਖੰਡਤਾ ਕਾਇਮ ਕਰਨ ਦਾ ਔਖਾ ਕਾਰਜ ਖੜ੍ਹਾ ਸੀ। ਜੇ ਉਸ ਸਮੇਂ ਦੂਰਦਰਸ਼ੀ ਅਗਵਾਈ, ਦ੍ਰਿੜ੍ਹ ਇੱਛਾ-ਸ਼ਕਤੀ ਅਤੇ ਅਸਾਧਾਰਨ ਰਾਜਨੀਤਕ ਸੂਝ-ਬੂਝ ਦਾ ਪ੍ਰਦਰਸ਼ਨ ਨਾ ਕੀਤਾ ਜਾਂਦਾ, ਤਾਂ ਅੱਜ ਦਾ ਭਾਰਤ ਸ਼ਾਇਦ ਇਸ ਰੂਪ ਵਿੱਚ ਸਾਡੇ ਸਾਹਮਣੇ ਨਾ ਹੁੰਦਾ। ਇਸ ਇਤਿਹਾਸਕ ਕਾਰਜ ਦੇ ਕੇਂਦਰ ਵਿੱਚ ਸਨ ਭਾਰਤ ਦੇ ਲੋਹ ਪੁਰਸ਼ ਸਰਦਾਰ ਵੱਲਭਭਾਈ ਪਟੇਲ, ਜਿਨ੍ਹਾਂ ਨੇ ਆਪਣੀ ਅਗਵਾਈ ਨਾਲ ਰਿਆਸਤਾਂ ਨੂੰ ਜੋੜ ਕੇ ਆਧੁਨਿਕ ਭਾਰਤ ਦੀ ਏਕਤਾ ਦੀ ਮਜ਼ਬੂਤ ਨੀਂਹ ਰੱਖੀ। ਉਨ੍ਹਾਂ ਦੀ ਵਿਰਾਸਤ ਨੂੰ ਸਮਰਪਿਤ ਏਕਤਾ ਨਗਰ ਅਤੇ ਸਟੈਚੂ ਆਫ਼ ਯੂਨਿਟੀ ਅੱਜ ਵੀ ਉਸੇ ਕੌਮੀ ਸੰਕਲਪ ਦੀ ਯਾਦ ਦਿਵਾਉਂਦੇ ਹਨ।

ਭਾਰਤ ਵਿੱਚ ਹਰ ਸਾਲ 31 ਅਕਤੂਬਰ ਨੂੰ ਸਰਦਾਰ ਵੱਲਭਭਾਈ ਪਟੇਲ ਦੇ ਜਨਮ ਦਿਵਸ ਨੂੰ ਰਾਸ਼ਟਰੀ ਏਕਤਾ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਹ ਦਿਨ ਉਸ ਮਹਾਨ ਸ਼ਖ਼ਸੀਅਤ ਨੂੰ ਯਾਦ ਕਰਨ ਦਾ ਮੌਕਾ ਹੈ, ਜਿਸ ਨੇ ਆਜ਼ਾਦੀ ਮਗਰੋਂ ਦੇਸ਼ ਦੀਆਂ 560 ਤੋਂ ਵੱਧ ਰਿਆਸਤਾਂ ਨੂੰ ਭਾਰਤੀ ਸੰਘ ਨਾਲ ਜੋੜਨ ਵਿੱਚ ਨਿਰਣਾਇਕ ਭੂਮਿਕਾ ਨਿਭਾਈ। ਉਨ੍ਹਾਂ ਦੀ ਰਾਸ਼ਟਰਵਾਦੀ ਸੋਚ, ਫ਼ੈਸਲਾਕੁਨ ਅਗਵਾਈ, ਮਜ਼ਬੂਤ ਪ੍ਰਸ਼ਾਸਕੀ ਦ੍ਰਿਸ਼ਟੀ ਅਤੇ ਕੌਮੀ ਏਕਤਾ ਪ੍ਰਤੀ ਅਟੁੱਟ ਵਚਨਬੱਧਤਾ ਅੱਜ ਵੀ ਭਾਰਤੀ ਰਾਜਨੀਤੀ ਅਤੇ ਸ਼ਾਸਨ ਵਿਵਸਥਾ ਲਈ ਪ੍ਰੇਰਨਾ ਦਾ ਸਰੋਤ ਹੈ।

ਸਰਦਾਰ ਪਟੇਲ ਦੀ ਵਿਰਾਸਤ ਨੂੰ ਵਿਸ਼ੇਸ਼ ਮਹੱਤਵ ਦੇਣਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹਿੱਸੇ ਆਇਆ। ਸਾਲ 2014 ਤੋਂ ਰਾਸ਼ਟਰੀ ਏਕਤਾ ਦਿਵਸ ਦੇ ਸਮਾਗਮਾਂ ਨੂੰ ਵਿਆਪਕ ਰੂਪ ਦੇਣ, 'ਰਨ ਫ਼ਾਰ ਯੂਨਿਟੀ' ਦੀ ਸ਼ੁਰੂਆਤ, ਸਟੈਚੂ ਆਫ਼ ਯੂਨਿਟੀ ਦੀ ਉਸਾਰੀ ਅਤੇ ਏਕਤਾ ਨਗਰ ਦੇ ਵਿਕਾਸ ਰਾਹੀਂ ਉਨ੍ਹਾਂ ਦੇ ਯੋਗਦਾਨ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਯਤਨ ਕੀਤਾ ਗਿਆ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਈ ਮੌਕਿਆਂ 'ਤੇ ਸਰਦਾਰ ਪਟੇਲ ਨੂੰ ਆਧੁਨਿਕ ਭਾਰਤ ਦੀ ਏਕਤਾ ਦਾ ਸ਼ਿਲਪਕਾਰ ਦੱਸਦਿਆਂ ਉਨ੍ਹਾਂ ਦੀ ਦੂਰਅੰਦੇਸ਼ੀ ਅਤੇ ਦ੍ਰਿੜ੍ਹ ਇੱਛਾ-ਸ਼ਕਤੀ ਨੂੰ ਰਾਸ਼ਟਰ ਨਿਰਮਾਣ ਦਾ ਆਦਰਸ਼ ਮੰਨਿਆ ਹੈ। ਭਾਵੇਂ ਪਟੇਲ ਦੀ ਵਿਰਾਸਤ ਸਮੁੱਚੇ ਦੇਸ਼ ਦੀ ਸਾਂਝੀ ਧਰੋਹਰ ਹੈ, ਪਰ ਇਸ ਨੂੰ ਜਨਤਕ ਚੇਤਨਾ ਵਿੱਚ ਮੁੜ ਪ੍ਰਮੁੱਖ ਸਥਾਨ ਦਿਵਾਉਣ ਦੇ ਯਤਨਾਂ ਨੇ ਅੱਜ ਦੇ ਭਾਰਤ ਵਿੱਚ ਉਨ੍ਹਾਂ ਦੀ ਪ੍ਰਸੰਗਿਕਤਾ ਨੂੰ ਹੋਰ ਉਜਾਗਰ ਕੀਤਾ ਹੈ।

ਗੁਜਰਾਤ ਦੇ ਨਡਿਆਦ ਵਿਖੇ 31 ਅਕਤੂਬਰ 1875 ਨੂੰ ਜਨਮੇ ਸਰਦਾਰ ਵੱਲਭਭਾਈ ਪਟੇਲ ਨੇ ਵਕਾਲਤ ਦੇ ਖੇਤਰ ਵਿੱਚ ਆਪਣੀ ਪਛਾਣ ਬਣਾਉਣ ਮਗਰੋਂ ਆਜ਼ਾਦੀ ਦੀ ਲਹਿਰ ਵਿੱਚ ਸਰਗਰਮ ਭੂਮਿਕਾ ਨਿਭਾਈ। ਮਹਾਤਮਾ ਗਾਂਧੀ ਦੇ ਸੰਪਰਕ ਵਿੱਚ ਆਉਣ ਤੋਂ ਬਾਅਦ ਉਹ ਜਨਤਕ ਜੀਵਨ ਅਤੇ ਆਜ਼ਾਦੀ ਦੇ ਸੰਘਰਸ਼ ਨੂੰ ਸਮਰਪਿਤ ਹੋ ਗਏ।

1918 ਦੇ ਖੇੜਾ ਸਤਿਆਗ੍ਰਹਿ ਅਤੇ ਅਹਿਮਦਾਬਾਦ ਮਜ਼ਦੂਰ ਅੰਦੋਲਨ ਵਿੱਚ ਉਨ੍ਹਾਂ ਦੀ ਅਗਵਾਈ ਨੇ ਉਨ੍ਹਾਂ ਨੂੰ ਲੋਕਾਂ ਵਿੱਚ ਮਕਬੂਲ ਕੀਤਾ। ਪਰ 1928 ਦਾ ਬਾਰਡੋਲੀ ਸਤਿਆਗ੍ਰਹਿ ਉਨ੍ਹਾਂ ਦੇ ਜੀਵਨ ਦਾ ਨਿਰਣਾਇਕ ਮੋੜ ਸਾਬਤ ਹੋਇਆ। ਕਿਸਾਨਾਂ ਦੇ ਹੱਕ ਵਿੱਚ ਉਨ੍ਹਾਂ ਦੀ ਦ੍ਰਿੜ੍ਹ ਅਤੇ ਸਫਲ ਅਗਵਾਈ ਤੋਂ ਪ੍ਰਭਾਵਿਤ ਹੋ ਕੇ ਲੋਕਾਂ ਨੇ ਉਨ੍ਹਾਂ ਨੂੰ 'ਸਰਦਾਰ' ਦੀ ਉਪਾਧੀ ਦਿੱਤੀ, ਜੋ ਅੱਗੇ ਚੱਲ ਕੇ ਉਨ੍ਹਾਂ ਦੀ ਪਛਾਣ ਬਣ ਗਈ।

ਆਜ਼ਾਦੀ ਮਗਰੋਂ ਦੇਸ਼ ਦੇ ਪਹਿਲੇ ਉਪ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਵਜੋਂ ਉਨ੍ਹਾਂ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਰਿਆਸਤਾਂ ਦਾ ਭਾਰਤੀ ਸੰਘ ਵਿੱਚ ਏਕੀਕਰਨ ਸੀ। ਉਸ ਸਮੇਂ ਹਰ ਰਿਆਸਤ ਦੇ ਆਪਣੇ ਸ਼ਾਸਕ, ਹਿੱਤ ਅਤੇ ਵੱਖਰੀਆਂ ਸਿਆਸੀ ਸਥਿਤੀਆਂ ਸਨ। ਸਰਦਾਰ ਪਟੇਲ ਨੇ ਰਿਆਸਤਾਂ ਦੇ ਵਿਭਾਗ ਦੀ ਜ਼ਿੰਮੇਵਾਰੀ ਸੰਭਾਲਦਿਆਂ ਆਪਣੇ ਸਕੱਤਰ ਵੀ.ਪੀ. ਮੈਨਨ ਨਾਲ ਮਿਲ ਕੇ ਇਸ ਗੁੰਝਲਦਾਰ ਕਾਰਜ ਨੂੰ ਅੱਗੇ ਵਧਾਇਆ। ਕੂਟਨੀਤਕ ਗੱਲਬਾਤ, ਸਮਝੌਤਿਆਂ ਅਤੇ ਲੋੜ ਪੈਣ 'ਤੇ ਸਖ਼ਤ ਫ਼ੈਸਲੇ ਲੈਣ ਦੀ ਸਮਰੱਥਾ ਨਾਲ ਉਨ੍ਹਾਂ ਨੇ ਵੱਖ-ਵੱਖ ਰਿਆਸਤਾਂ ਨੂੰ ਭਾਰਤੀ ਸੰਘ ਨਾਲ ਜੋੜਿਆ।

ਜੂਨਾਗੜ੍ਹ ਦੀ ਰਿਆਸਤ ਦੇ ਭਾਰਤ ਵਿੱਚ ਰਲੇਵੇਂ ਦਾ ਮਸਲਾ ਹੋਵੇ ਜਾਂ ਹੈਦਰਾਬਾਦ ਦੇ ਨਿਜ਼ਾਮ ਵੱਲੋਂ ਭਾਰਤੀ ਸੰਘ ਵਿੱਚ ਸ਼ਾਮਲ ਹੋਣ ਤੋਂ ਇਨਕਾਰ, ਸਰਦਾਰ ਪਟੇਲ ਨੇ ਕੌਮੀ ਹਿੱਤਾਂ ਨੂੰ ਸਭ ਤੋਂ ਉੱਪਰ ਰੱਖਿਆ। ਸਤੰਬਰ 1948 ਵਿੱਚ ਹੈਦਰਾਬਾਦ ਵਿੱਚ ਚਲਾਈ ਗਈ 'ਕਾਰਵਾਈ' ਰਾਹੀਂ ਇਸ ਰਿਆਸਤ ਦਾ ਭਾਰਤ ਵਿੱਚ ਏਕੀਕਰਨ ਸੰਭਵ ਹੋਇਆ। ਜੂਨਾਗੜ੍ਹ ਵਿੱਚ ਵੀ ਲੋਕਮਤ ਨੇ ਭਾਰਤ ਨਾਲ ਰਲੇਵੇਂ ਦੇ ਹੱਕ ਵਿੱਚ ਫ਼ੈਸਲਾ ਦਿੱਤਾ। ਇਹ ਘਟਨਾਵਾਂ ਉਨ੍ਹਾਂ ਦੀ ਦ੍ਰਿੜ੍ਹਤਾ ਅਤੇ ਫ਼ੈਸਲਾਕੁਨ ਅਗਵਾਈ ਦੀਆਂ ਅਹਿਮ ਮਿਸਾਲਾਂ ਹਨ।

ਉਨ੍ਹਾਂ ਦੀ ਦੂਰਦਰਸ਼ਤਾ ਸਿਰਫ਼ ਰਿਆਸਤਾਂ ਦੇ ਰਲੇਵੇਂ ਤੱਕ ਸੀਮਤ ਨਹੀਂ ਸੀ। ਉਹ ਜਾਣਦੇ ਸਨ ਕਿ ਇੱਕ ਨਵੇਂ ਆਜ਼ਾਦ ਦੇਸ਼ ਨੂੰ ਮਜ਼ਬੂਤ ਪ੍ਰਸ਼ਾਸਕੀ ਢਾਂਚੇ ਦੀ ਵੀ ਲੋੜ ਹੈ। ਇਸੇ ਲਈ ਉਨ੍ਹਾਂ ਨੇ ਅਖਿਲ ਭਾਰਤੀ ਸੇਵਾਵਾਂ ਨੂੰ ਮਜ਼ਬੂਤ ਕਰਨ ਦੀ ਵਕਾਲਤ ਕੀਤੀ ਅਤੇ ਉਨ੍ਹਾਂ ਨੂੰ ਦੇਸ਼ ਦੀ ਏਕਤਾ ਤੇ ਪ੍ਰਸ਼ਾਸਕੀ ਸਥਿਰਤਾ ਦਾ ਅਹਿਮ ਆਧਾਰ ਮੰਨਿਆ। ਉਨ੍ਹਾਂ ਲਈ ਆਜ਼ਾਦੀ ਦਾ ਅਸਲ ਅਰਥ ਸਿਰਫ਼ ਵਿਦੇਸ਼ੀ ਸ਼ਾਸਨ ਤੋਂ ਮੁਕਤੀ ਨਹੀਂ, ਸਗੋਂ ਮਜ਼ਬੂਤ ਪ੍ਰਭੂਸੱਤਾ, ਸਮਰੱਥ ਪ੍ਰਸ਼ਾਸਨ ਅਤੇ ਅਖੰਡ ਰਾਸ਼ਟਰ ਦੀ ਸਥਾਪਨਾ ਸੀ।

ਇਸੇ ਮਹਾਨ ਯੋਗਦਾਨ ਨੂੰ ਸਮਰਪਿਤ ਸਟੈਚੂ ਆਫ਼ ਯੂਨਿਟੀ ਦਾ ਉਦਘਾਟਨ 31 ਅਕਤੂਬਰ 2018 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤਾ ਗਿਆ। ਗੁਜਰਾਤ ਵਿੱਚ ਨਰਮਦਾ ਨਦੀ ਦੇ ਕੰਢੇ ਸਥਿਤ 182 ਮੀਟਰ ਉੱਚਾ ਇਹ ਬੁੱਤ ਦੁਨੀਆ ਦਾ ਸਭ ਤੋਂ ਉੱਚਾ ਬੁੱਤ ਹੈ ਅਤੇ ਆਧੁਨਿਕ ਇੰਜੀਨੀਅਰਿੰਗ ਦੀ ਸਮਰੱਥਾ ਦਾ ਵੀ ਪ੍ਰਮਾਣ ਹੈ। ਪਰ ਇਸ ਦੀ ਅਸਲ ਮਹੱਤਤਾ ਸਿਰਫ਼ ਇਸ ਦੀ ਵਿਸ਼ਾਲਤਾ ਵਿੱਚ ਨਹੀਂ, ਸਗੋਂ ਉਸ ਇਤਿਹਾਸਕ ਸੰਦੇਸ਼ ਵਿੱਚ ਹੈ, ਜੋ ਮਜ਼ਬੂਤ ਰਾਸ਼ਟਰ ਦੀ ਉਸਾਰੀ ਲਈ ਦੂਰਦਰਸ਼ਤਾ, ਦ੍ਰਿੜ੍ਹ ਇੱਛਾ-ਸ਼ਕਤੀ ਅਤੇ ਸਾਂਝੇ ਕੌਮੀ ਹਿੱਤਾਂ ਪ੍ਰਤੀ ਸਮਰਪਣ ਦੀ ਲੋੜ ਨੂੰ ਉਜਾਗਰ ਕਰਦਾ ਹੈ।

ਗੁਜਰਾਤ ਦੇ ਕੇਵੜੀਆ ਖੇਤਰ ਦਾ ਏਕਤਾ ਨਗਰ ਵਜੋਂ ਵਿਕਾਸ ਇਸੇ ਕੌਮੀ ਚੇਤਨਾ ਅਤੇ ਬਦਲਦੇ ਵਿਕਾਸ ਮਾਡਲ ਦੀ ਮਿਸਾਲ ਹੈ। ਇਹ ਸਥਾਨ ਹੁਣ ਸਿਰਫ਼ ਸਰਦਾਰ ਪਟੇਲ ਦੀ ਯਾਦਗਾਰ ਤੱਕ ਸੀਮਤ ਨਹੀਂ ਰਿਹਾ, ਸਗੋਂ ਇਤਿਹਾਸ, ਸੱਭਿਆਚਾਰ, ਸਿੱਖਿਆ, ਕੁਦਰਤ, ਸੈਰ-ਸਪਾਟੇ ਅਤੇ ਸਥਾਨਕ ਆਰਥਿਕਤਾ ਨੂੰ ਜੋੜਨ ਵਾਲੇ ਬਹੁਪੱਖੀ ਕੇਂਦਰ ਵਜੋਂ ਉੱਭਰਿਆ ਹੈ। ਏਕਤਾ ਨਗਰ ਦਾ ਨਾਮ ਆਪਣੇ ਆਪ ਵਿੱਚ ਇਹ ਸੰਦੇਸ਼ ਦਿੰਦਾ ਹੈ ਕਿ ਵੱਖ-ਵੱਖ ਸੂਬਿਆਂ, ਭਾਸ਼ਾਵਾਂ, ਧਰਮਾਂ ਅਤੇ ਸੱਭਿਆਚਾਰਾਂ ਦੇ ਬਾਵਜੂਦ ਭਾਰਤ ਦੀ ਅਸਲ ਪਛਾਣ ਅਨੇਕਤਾਵਾਂ ਦੇ ਸੁੰਦਰ ਸੰਗਮ ਅਤੇ ਸਾਂਝੀ ਕੌਮੀ ਵਿਰਾਸਤ ਵਿੱਚ ਵੱਸਦੀ ਹੈ।

ਇੱਥੋਂ ਦੇ ਅਜਾਇਬ ਘਰ ਅਤੇ ਪ੍ਰਦਰਸ਼ਨੀ ਕੇਂਦਰ ਸਰਦਾਰ ਪਟੇਲ ਦੇ ਜੀਵਨ, ਆਜ਼ਾਦੀ ਦੀ ਲਹਿਰ ਅਤੇ ਰਿਆਸਤਾਂ ਦੇ ਏਕੀਕਰਨ ਦੀ ਇਤਿਹਾਸਕ ਪ੍ਰਕਿਰਿਆ ਨਾਲ ਜਾਣੂ ਕਰਵਾਉਂਦੇ ਹਨ। ਖ਼ਾਸ ਕਰਕੇ ਨੌਜਵਾਨ ਪੀੜ੍ਹੀ ਲਈ ਇਹ ਸਥਾਨ ਇਤਿਹਾਸ ਨੂੰ ਨੇੜਿਓਂ ਸਮਝਣ ਦਾ ਮੌਕਾ ਪ੍ਰਦਾਨ ਕਰਦਾ ਹੈ। ਇਸ ਤਰ੍ਹਾਂ ਸੈਰ-ਸਪਾਟਾ ਮਨੋਰੰਜਨ ਦੇ ਨਾਲ-ਨਾਲ ਇਤਿਹਾਸਕ ਚੇਤਨਾ, ਦੇਸ਼ ਭਗਤੀ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਸਿੱਖਿਆ ਦਾ ਮਾਧਿਅਮ ਵੀ ਬਣਦਾ ਹੈ।

ਏਕਤਾ ਨਗਰ ਦੀ ਇੱਕ ਹੋਰ ਵਿਸ਼ੇਸ਼ਤਾ ਇਸ ਦੇ ਆਲੇ-ਦੁਆਲੇ ਵਿਕਸਿਤ ਕੀਤੇ ਕੁਦਰਤ ਅਤੇ ਵਾਤਾਵਰਨ ਨਾਲ ਜੁੜੇ ਆਕਰਸ਼ਣ ਹਨ। ਵੈਲੀ ਆਫ਼ ਫਲਾਵਰਜ਼, ਜੰਗਲ ਸਫ਼ਾਰੀ, ਆਰੋਗਿਆ ਵਨ, ਵਿਸ਼ਵ ਵਨ ਅਤੇ ਏਕਤਾ ਨਰਸਰੀ ਵਰਗੇ ਸਥਾਨ ਸੈਲਾਨੀਆਂ ਨੂੰ ਕੁਦਰਤੀ ਸੁੰਦਰਤਾ ਨਾਲ ਜੋੜਨ ਦੇ ਨਾਲ-ਨਾਲ ਜੈਵ-ਵਿਭਿੰਨਤਾ, ਬਨਸਪਤੀ ਅਤੇ ਵਾਤਾਵਰਨ ਸੰਭਾਲ ਪ੍ਰਤੀ ਜਾਗਰੂਕਤਾ ਵੀ ਪੈਦਾ ਕਰਦੇ ਹਨ। ਇਸ ਤਰ੍ਹਾਂ ਏਕਤਾ ਨਗਰ ਇੱਕ ਸਮਾਰਕ ਤੋਂ ਅੱਗੇ ਵਧ ਕੇ ਕੌਮੀ ਮਾਣ, ਵਾਤਾਵਰਨ ਸੰਭਾਲ, ਸੈਰ-ਸਪਾਟੇ ਅਤੇ ਖੇਤਰੀ ਵਿਕਾਸ ਦੇ ਬਹੁਪੱਖੀ ਕੇਂਦਰ ਵਜੋਂ ਆਪਣੀ ਪਛਾਣ ਸਥਾਪਤ ਕਰ ਰਿਹਾ ਹੈ।

ਨਰਮਦਾ ਨਦੀ ਦਾ ਕੁਦਰਤੀ ਵਾਤਾਵਰਨ ਅਤੇ ਸਰਦਾਰ ਸਰੋਵਰ ਡੈਮ ਵੀ ਇਸ ਸਮੁੱਚੇ ਖੇਤਰ ਦੀ ਮਹੱਤਤਾ ਨੂੰ ਹੋਰ ਵਧਾਉਂਦੇ ਹਨ। ਇੱਥੇ ਕੁਦਰਤੀ ਸਰੋਤਾਂ, ਜਲ ਪ੍ਰਬੰਧਨ, ਬੁਨਿਆਦੀ ਢਾਂਚੇ ਅਤੇ ਆਰਥਿਕ ਵਿਕਾਸ ਦਾ ਆਪਸੀ ਤਾਲਮੇਲ ਦੇਖਣ ਨੂੰ ਮਿਲਦਾ ਹੈ। ਇਹ ਭਾਰਤ ਦੀ ਉਸ ਵਿਕਾਸਮੁਖੀ ਸੋਚ ਨੂੰ ਦਰਸਾਉਂਦਾ ਹੈ, ਜਿਸ ਵਿੱਚ ਇਤਿਹਾਸਕ ਵਿਰਾਸਤ ਅਤੇ ਕੁਦਰਤੀ ਸਰੋਤਾਂ ਨੂੰ ਆਧੁਨਿਕ ਵਿਕਾਸ ਨਾਲ ਜੋੜਿਆ ਜਾ ਰਿਹਾ ਹੈ।

ਇਸ ਵਿਕਾਸ ਦਾ ਇੱਕ ਅਹਿਮ ਪੱਖ ਸਥਾਨਕ ਆਰਥਿਕਤਾ ਨਾਲ ਜੁੜਿਆ ਹੋਇਆ ਹੈ। ਸੈਰ-ਸਪਾਟੇ ਦੇ ਵਿਸਥਾਰ ਨਾਲ ਹੋਟਲਾਂ, ਆਵਾਜਾਈ, ਖਾਣ-ਪੀਣ, ਸਥਾਨਕ ਉਤਪਾਦਾਂ ਅਤੇ ਹੋਰ ਸੇਵਾਵਾਂ ਦੇ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਹੋਏ ਹਨ। ਇਸ ਨਾਲ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੀਆਂ ਸੰਭਾਵਨਾਵਾਂ ਵਧੀਆਂ ਹਨ। ਖ਼ਾਸ ਕਰਕੇ ਆਲੇ-ਦੁਆਲੇ ਦੇ ਪੇਂਡੂ ਅਤੇ ਆਦਿਵਾਸੀ ਭਾਈਚਾਰਿਆਂ ਦੀ ਭਾਗੀਦਾਰੀ ਇਸ ਵਿਕਾਸ ਨੂੰ ਸਮਾਜਿਕ ਪੱਖੋਂ ਵੀ ਮਹੱਤਵਪੂਰਨ ਬਣਾਉਂਦੀ ਹੈ।

ਹਾਲਾਂਕਿ, ਕਿਸੇ ਵੀ ਵਿਕਾਸ ਮਾਡਲ ਦੀ ਸਫ਼ਲਤਾ ਸਿਰਫ਼ ਸੈਲਾਨੀਆਂ ਦੀ ਗਿਣਤੀ ਜਾਂ ਬੁਨਿਆਦੀ ਢਾਂਚੇ ਦੀ ਵਿਸ਼ਾਲਤਾ ਨਾਲ ਨਹੀਂ ਮਾਪੀ ਜਾ ਸਕਦੀ।

ਇਸ ਦੀ ਅਸਲ ਕਸੌਟੀ ਸਥਾਨਕ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ, ਉਨ੍ਹਾਂ ਲਈ ਰੁਜ਼ਗਾਰ ਦੇ ਸਥਾਈ ਮੌਕਿਆਂ ਦੀ ਸਿਰਜਣਾ ਅਤੇ ਵਾਤਾਵਰਨ ਦੀ ਪ੍ਰਭਾਵਸ਼ਾਲੀ ਸੰਭਾਲ ਹੈ। ਏਕਤਾ ਨਗਰ ਦੇ ਲੰਮੇ ਸਮੇਂ ਦੇ ਵਿਕਾਸ ਲਈ ਇਨ੍ਹਾਂ ਤਿੰਨਾਂ ਪਹਿਲੂਆਂ ਵਿਚਕਾਰ ਸੰਤੁਲਨ ਬਣਾਈ ਰੱਖਣਾ ਲਾਜ਼ਮੀ ਹੈ।

ਰਾਸ਼ਟਰੀ ਏਕਤਾ ਦਿਵਸ ਦਾ ਸੰਦੇਸ਼ ਕਿਸੇ ਇੱਕ ਦਿਨ ਦੇ ਸਮਾਗਮ ਜਾਂ ਰਸਮੀ ਸ਼ਰਧਾਂਜਲੀ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣਾ ਹਰ ਪੀੜ੍ਹੀ ਦੀ ਸਾਂਝੀ ਜ਼ਿੰਮੇਵਾਰੀ ਹੈ। ਭਾਰਤ ਦੀ ਸਭ ਤੋਂ ਵੱਡੀ ਤਾਕਤ ਇਸ ਦੀ ਵਿਭਿੰਨਤਾ ਹੈ। ਵੱਖ-ਵੱਖ ਧਰਮਾਂ, ਭਾਸ਼ਾਵਾਂ, ਜਾਤਾਂ ਅਤੇ ਸੱਭਿਆਚਾਰਾਂ ਦੇ ਬਾਵਜੂਦ ਸਾਂਝੀ ਕੌਮੀ ਪਛਾਣ, ਸੰਵਿਧਾਨਕ ਮਰਿਆਦਾਵਾਂ ਅਤੇ ਆਪਸੀ ਸਤਿਕਾਰ ਦੀ ਭਾਵਨਾ ਹੀ ਸਾਨੂੰ ਇੱਕ ਰਾਸ਼ਟਰ ਵਜੋਂ ਜੋੜਦੀ ਹੈ। ਸਮਾਜਿਕ ਸਦਭਾਵਨਾ, ਸੰਸਥਾਵਾਂ ਵਿੱਚ ਭਰੋਸਾ ਅਤੇ ਕੌਮੀ ਹਿੱਤਾਂ ਨੂੰ ਪਹਿਲ ਦੇਣ ਦਾ ਜਜ਼ਬਾ ਇਸ ਏਕਤਾ ਦੇ ਬੁਨਿਆਦੀ ਥੰਮ੍ਹ ਹਨ।

ਭਾਰਤ ਜਦੋਂ ਆਜ਼ਾਦੀ ਦੇ ਸੌ ਸਾਲ ਪੂਰੇ ਹੋਣ 'ਤੇ 2047 ਤੱਕ ਵਿਕਸਿਤ ਰਾਸ਼ਟਰ ਬਣਨ ਦੇ ਸੰਕਲਪ ਨਾਲ ਅੱਗੇ ਵਧ ਰਿਹਾ ਹੈ, ਤਾਂ ਏਕਤਾ ਨਗਰ ਦਾ ਮਹੱਤਵ ਹੋਰ ਵੀ ਵਧ ਜਾਂਦਾ ਹੈ। ਇਹ ਸਥਾਨ ਇੱਕ ਪਾਸੇ ਆਧੁਨਿਕ ਭਾਰਤ ਦੀ ਉਸ ਇਤਿਹਾਸਕ ਨੀਂਹ ਦੀ ਯਾਦ ਦਿਵਾਉਂਦਾ ਹੈ, ਜਿਸ ਦੀ ਉਸਾਰੀ ਵਿੱਚ ਸਰਦਾਰ ਪਟੇਲ ਨੇ ਨਿਰਣਾਇਕ ਭੂਮਿਕਾ ਨਿਭਾਈ ਅਤੇ ਦੂਜੇ ਪਾਸੇ ਭਵਿੱਖ ਦੇ ਭਾਰਤ ਦੀਆਂ ਵਿਕਾਸਮੁਖੀ ਇੱਛਾਵਾਂ ਦਾ ਪ੍ਰਤੀਕ ਬਣਦਾ ਹੈ।

ਵਿਕਸਿਤ ਭਾਰਤ ਦਾ ਸੁਪਨਾ ਸਿਰਫ਼ ਆਰਥਿਕ ਖ਼ੁਸ਼ਹਾਲੀ, ਆਧੁਨਿਕ ਬੁਨਿਆਦੀ ਢਾਂਚੇ ਜਾਂ ਵਿਸ਼ਵ ਪੱਧਰ 'ਤੇ ਪ੍ਰਭਾਵਸ਼ਾਲੀ ਸਥਾਨ ਹਾਸਲ ਕਰਨ ਤੱਕ ਸੀਮਤ ਨਹੀਂ ਹੋ ਸਕਦਾ। ਇਸ ਦੀ ਸਫ਼ਲਤਾ ਲਈ ਕੌਮੀ ਅਖੰਡਤਾ, ਸਮਾਜਿਕ ਸਦਭਾਵਨਾ, ਸਾਰਿਆਂ ਲਈ ਬਰਾਬਰ ਮੌਕੇ ਅਤੇ ਵਿਕਾਸ ਦੇ ਲਾਭਾਂ ਦੀ ਨਿਆਂਪੂਰਨ ਵੰਡ ਵੀ ਲਾਜ਼ਮੀ ਹੈ। ਮਜ਼ਬੂਤ ਰਾਸ਼ਟਰ ਉਹੀ ਹੁੰਦਾ ਹੈ, ਜਿੱਥੇ ਵਿਕਾਸ ਦੇ ਨਾਲ-ਨਾਲ ਸਮਾਜਿਕ ਭਰੋਸਾ, ਸਾਂਝੀ ਜ਼ਿੰਮੇਵਾਰੀ ਅਤੇ ਕੌਮੀ ਮਾਣ ਦੀ ਭਾਵਨਾ ਵੀ ਮਜ਼ਬੂਤ ਹੋਵੇ।

ਏਕਤਾ ਨਗਰ ਦੀ ਅਸਲ ਮਹੱਤਤਾ ਇਸ ਦੇ 182 ਮੀਟਰ ਉੱਚੇ ਬੁੱਤ ਵਿੱਚ ਹੀ ਨਹੀਂ, ਸਗੋਂ ਉਸ ਕੌਮੀ ਸੰਕਲਪ ਵਿੱਚ ਹੈ, ਜਿਸ ਦੀ ਇਹ ਪ੍ਰਤੀਨਿਧਤਾ ਕਰਦਾ ਹੈ। ਸਰਦਾਰ ਪਟੇਲ ਨੇ ਆਪਣੀ ਦੂਰਦਰਸ਼ਤਾ, ਦ੍ਰਿੜ੍ਹ ਇੱਛਾ-ਸ਼ਕਤੀ ਅਤੇ ਅਸਾਧਾਰਨ ਅਗਵਾਈ ਨਾਲ ਜਿਸ ਰਾਸ਼ਟਰੀ ਏਕਤਾ ਨੂੰ ਹਕੀਕਤ ਬਣਾਇਆ, ਉਸ ਨੂੰ ਸੰਭਾਲਣਾ ਅਤੇ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਾਡਾ ਫ਼ਰਜ਼ ਹੈ। ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਏਕਤਾ ਦੇ ਉਸ ਸੰਕਲਪ ਨੂੰ ਆਪਣੇ ਜੀਵਨ ਅਤੇ ਕੌਮੀ ਵਿਹਾਰ ਦਾ ਹਿੱਸਾ ਬਣਾਈਏ। ਕਿਉਂਕਿ ਰਾਸ਼ਟਰ ਸਿਰਫ਼ ਭੂਗੋਲਿਕ ਹੱਦਾਂ ਨਾਲ ਨਹੀਂ, ਸਗੋਂ ਸਾਂਝੇ ਵਿਸ਼ਵਾਸ, ਆਪਸੀ ਸਦਭਾਵਨਾ ਅਤੇ ਇਕਜੁੱਟ ਸੰਕਲਪ ਨਾਲ ਮਜ਼ਬੂਤ ਹੁੰਦੇ ਹਨ। ਇਹੀ ਰਾਸ਼ਟਰੀ ਏਕਤਾ ਦਿਵਸ ਦਾ ਸੰਦੇਸ਼ ਅਤੇ ਵਿਕਸਿਤ ਭਾਰਤ 2047 ਦੀ ਮਜ਼ਬੂਤ ਨੀਂਹ ਹੈ।

information in Public Interest
ਡਾ.ਗੁਰਦੀਪ ਸਿੰਘ ਵੱਲੋਂ ਪ੍ਰਸਾਰਿਤ ਸਿਹਤ ਵਿਗਿਆਨ (Health Education) ਦੀ ਲੜੀਵਾਰ ਲੈਕਚਰ ਸੀਰੀਜ਼ ਸੁਣੋ। ਰੋਜ਼ਾਨਾ ਕੈਲੀਫੋਰਨੀਆ ਟਾਈਮ ਸਮਾਂ ਸ਼ਾਮ 5 ਵਜੇ ਤੋਂ 6 ਵਜੇ ਤੱਕ। ਇਕ ਦਿਨ ਪੰਜਾਬੀ, ਇਕ ਦਿਨ ਅੰਗਰੇਜੀ ਅਤੇ ਇਕ ਦਿਨ ਹਿੰਦੀ ਵਿੱਚ ਰੇਡੀਓ ਸਬਰੰਗ (www.sabrangstation.com) ਯੂ ਟਿਊਬ, ਫੇਸਬੁੱਕ ਅਤੇ ਸਾਂਝੀ ਸੋਚ ਟੀ.ਵੀ ਉਪਰ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।



Dr.Gurdip S Sandhu: (408) 687 1899, (925) 587 1148

ਇਸ ਦੀਵਾਲੀ ਮਿਠਾਸ ਤੇ
ਖੁਸ਼ੀਆਂ ਦਾ ਸੁਆਦ ਮਾਣੋ!

STAR INDIA
SWEETS & CATERING
By Ashok Verma

ਦੀਵਾਲੀ ਦੀਆਂ ਖ਼ਾਸ ਮਿਠਾਈਆਂ ਤੇ ਪਕਵਾਨ:
ਦੇਸੀ ਘਿਓ ਦੀਆਂ ਜਲੇਬੀਆਂ, ਸੁਆਦਿਸ਼ਟ ਮਠਿਆਈਆਂ ਤੇ
ਦੀਵਾਲੀ ਦੇ ਖ਼ਾਸ ਪਕਵਾਨ ਅਤੇ ਹੋਰ ਵੀ ਬਹੁਤ ਕੁਝ!





CATERING SERVICES
ਵਿਆਹਾਂ • ਪਾਰਟੀਆਂ • ਹਰ ਤਰ੍ਹਾਂ ਦੇ ਸਮਾਗਮਾਂ ਲਈ
100 ਤੋਂ 2000 ਮਹਿਮਾਨਾਂ ਤੱਕ ਖਾਣੇ ਦਾ ਸ਼ਾਨਦਾਰ ਪ੍ਰਬੰਧ!

CONTACT US
209-629-8511 | 209-858-1380
Cell: 209-681-5171
www.starindiacatering.com

OUR ADDRESS
209 E. Louise Avenue,
Lathrop, California 95330, USA.

STAR INDIA
ਹਰ ਖੁਸ਼ੀ ਦਾ ਸੁਆਦ, ਹਰ ਮੌਕੇ ਦੀ ਸ਼ਾਨ

ਅਯੁੱਧਿਆ ਵਿੱਚ 30 ਲੱਖ ਦੀਵਿਆਂ ਨਾਲ ਬਣੇਗਾ ਨਵਾਂ ਵਿਸ਼ਵ ਰਿਕਾਰਡ ਉਪ ਰਾਸ਼ਟਰਪਤੀ ਕਰਨਗੇ ਦੀਪ ਜਗਾ ਕੇ ਦੀਪ ਉਤਸਵ ਦੀ ਸ਼ੁਰੂਆਤ

ਅਯੁੱਧਿਆ
ਸਾਂਝੀ ਸੋਚ ਬਿਊਰੋ

ਰਾਮ ਨਗਰੀ ਅਯੁੱਧਿਆ ਦਸਵੇਂ ਦੀਪ ਉਤਸਵ ਮੌਕੇ ਇੱਕ ਹੋਰ ਵਿਸ਼ਵ ਰਿਕਾਰਡ ਬਣਾਉਣ ਲਈ ਤਿਆਰ ਹੈ। ਰਾਮ ਕੀ ਪੈੜੀ ਸਮੇਤ ਸਰਯੂ ਨਦੀ ਦੇ ਕੰਢੇ ਸਥਿਤ 56 ਘਾਟਾਂ 'ਤੇ 30 ਲੱਖ ਤੋਂ ਵੱਧ ਦੀਵੇ ਸਜਾਏ ਜਾ ਚੁੱਕੇ ਹਨ। ਅਵਧ ਯੂਨੀਵਰਸਿਟੀ ਦੇ 35 ਹਜ਼ਾਰ ਵਲੰਟੀਅਰਾਂ ਨੇ ਤਿੰਨ ਦਿਨਾਂ ਦੀ ਮਿਹਨਤ ਤੋਂ ਬਾਅਦ ਸ਼ੁੱਕਰਵਾਰ ਨੂੰ ਦੀਵੇ ਸਜਾਉਣ ਦਾ ਕੰਮ ਮੁਕੰਮਲ ਕਰ ਲਿਆ। ਅੱਜ ਸ਼ਾਮ ਨੂੰ ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਵੱਲੋਂ ਦੀਪ ਪ੍ਰਜਵਲਿਤ ਕਰਕੇ ਦੀਪ ਉਤਸਵ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਤੋਂ ਬਾਅਦ ਸਾਰੇ 56 ਘਾਟਾਂ 'ਤੇ ਇੱਕੋ ਸਮੇਂ ਲੱਖਾਂ ਦੀਵੇ ਜਗਾਏ ਜਾਣਗੇ। ਇਸ ਸ਼ਾਨਦਾਰ ਸਮਾਗਮ ਰਾਹੀਂ ਅਯੁੱਧਿਆ ਇੱਕ ਹੋਰ ਵਿਸ਼ਵ ਰਿਕਾਰਡ ਬਣਾਉਣ ਦੀ ਤਿਆਰੀ ਵਿੱਚ ਹੈ।

ਦੀਪ ਉਤਸਵ ਦੇ ਨੋਡਲ ਅਧਿਕਾਰੀ ਪ੍ਰੋ. ਐੱਸਐੱਸ ਮਿਸ਼ਰਾ ਨੇ ਦੱਸਿਆ ਕਿ ਸ਼ਨੀਵਾਰ ਸਵੇਰ ਤੋਂ ਵਲੰਟੀਅਰ ਦੀਵਿਆਂ ਵਿੱਚ ਤੇਲ ਅਤੇ ਬੱਤੀਆਂ ਪਾਉਣ ਦਾ ਕੰਮ ਸ਼ੁਰੂ ਕਰਨਗੇ। ਇਸ ਲਈ 900 ਘਾਟ ਕੋਆਰਡੀਨੇਟਰ, 112 ਘਾਟ ਇੰਚਾਰਜ ਅਤੇ 27 ਨਿਗਰਾਨ ਨਿਯੁਕਤ ਕੀਤੇ ਗਏ ਹਨ। ਹਰੇਕ ਟੀਮ ਨੂੰ ਆਪਣੇ ਨਿਰਧਾਰਤ ਖੇਤਰ ਦਾ ਕੰਮ ਤੈਅ ਸਮੇਂ ਅੰਦਰ ਪੂਰਾ ਕਰਨ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।



ਪ੍ਰਸ਼ਾਸਨ ਵੱਲੋਂ ਦੀਪ ਪ੍ਰਜਵਲਨ ਵਿੱਚ ਸ਼ਾਮਲ ਹੋਣ ਵਾਲੇ ਵਲੰਟੀਅਰਾਂ ਨੂੰ ਸੁਰੱਖਿਆ ਸਬੰਧੀ ਵਿਸ਼ੇਸ਼ ਹਦਾਇਤਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਨੂੰ ਸੂਤੀ ਕੱਪੜੇ ਪਹਿਨਣ ਅਤੇ ਸਿੰਥੈਟਿਕ ਜਾਂ ਢਿੱਲੇ ਕੱਪੜਿਆਂ ਤੋਂ ਬਚਣ ਲਈ ਕਿਹਾ ਗਿਆ ਹੈ। ਲੰਬੇ ਵਾਲਾਂ ਨੂੰ ਬੰਨ੍ਹ ਕੇ ਰੱਖਣ ਅਤੇ ਦੁਪੱਟੇ ਨੂੰ ਸੰਭਾਲਣ ਦੀ ਵੀ ਹਦਾਇਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਦੀਵਿਆਂ ਵਿੱਚ ਤੇਲ ਪਾਉਂਦੇ ਸਮੇਂ ਆਲੇ-ਦੁਆਲੇ ਤੇਲ ਨਾ ਡੁੱਲ੍ਹਣ ਦੇਣ ਅਤੇ ਜਗਦੇ ਦੀਵਿਆਂ ਦੇ ਨੇੜੇ ਤੇਲ ਦੀਆਂ ਬੋਤਲਾਂ ਜਾਂ ਹੋਰ ਜਲਣਸ਼ੀਲ ਸਮੱਗਰੀ ਨਾ ਰੱਖਣ ਲਈ ਕਿਹਾ ਗਿਆ ਹੈ।

ਅੱਗ ਲੱਗਣ ਦੀ ਸਥਿਤੀ ਵਿੱਚ ਘਬਰਾਉਣ ਦੀ ਬਜਾਏ ਤੁਰੰਤ ਘਾਟ ਇੰਚਾਰਜ ਜਾਂ ਸੁਰੱਖਿਆ ਕਰਮਚਾਰੀਆਂ ਨੂੰ ਸੂਚਿਤ ਕਰਨ ਦੇ ਨਿਰਦੇਸ਼ ਹਨ। ਭੀੜ ਵਿੱਚ ਧੱਕਾ-ਮੁੱਕੀ ਤੋਂ ਬਚਣ ਅਤੇ ਆਉਣ-ਜਾਣ ਲਈ ਨਿਰਧਾਰਤ ਰਸਤਿਆਂ ਦੀ ਵਰਤੋਂ ਕਰਨ ਦੀ ਵੀ ਅਪੀਲ ਕੀਤੀ ਗਈ ਹੈ। ਇਸ ਵਾਰ 30 ਲੱਖ ਤੋਂ ਵੱਧ ਦੀਵਿਆਂ ਨਾਲ ਅਯੁੱਧਿਆ ਦੇ ਘਾਟਾਂ ਨੂੰ ਰੌਸ਼ਨ ਕਰਨ ਦੀ ਤਿਆਰੀ ਹੈ, ਜਿਸ ਨੂੰ ਦੇਖਣ ਲਈ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਸੈਲਾਨੀਆਂ ਦੇ ਪਹੁੰਚਣ ਦੀ ਉਮੀਦ ਹੈ।

ਦਿੱਲੀ 'ਚ ਸਾਹ ਲੈਣਾ ਹੋਇਆ ਔਖਾ! ਪ੍ਰਸ਼ਾਸਨ ਵਲੋਂ ਗ੍ਰੇਡਿਡ ਰਿਸਪਾਂਸ ਐਕਸ਼ਨ ਪਲਾਨ-3 ਦੀਆਂ ਨਵੀਆਂ ਪਾਬੰਦੀਆਂ ਲਾਗੂ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਦਿੱਲੀ-ਐੱਨ.ਸੀ.ਆਰ. ਵਿੱਚ ਵਧਦੇ ਪ੍ਰਦੂਸ਼ਣ ਨੂੰ ਦੇਖਦਿਆਂ ਕਮਿਸ਼ਨ ਫਾਰ ਏਅਰ ਕਵਾਲਿਟੀ ਮੈਨੇਜਮੈਂਟ ਨੇ ਦਿੱਲੀ-ਐੱਨ.ਸੀ.ਆਰ. ਵਿੱਚ (ਗ੍ਰੇਡਿਡ ਰਿਸਪਾਂਸ ਐਕਸ਼ਨ ਪਲਾਨ-3) ਲਾਗੂ ਕਰ ਦਿੱਤਾ ਹੈ। ਇਸ ਦੇ ਲਾਗੂ ਹੁੰਦਿਆਂ ਹੀ ਦਿੱਲੀ-ਐੱਨ.ਸੀ.ਆਰ. ਵਿੱਚ ਇਸ ਦੇ ਅਧੀਨ ਆਉਣ ਵਾਲੀਆਂ ਪਾਬੰਦੀਆਂ ਵੀ ਲਾਗੂ ਹੋ ਗਈਆਂ ਹਨ। ਦੀਵਾਲੀ ਤੋਂ ਪਹਿਲਾਂ ਹੀ ਅਥੀ 400 ਦੇ ਨੇੜੇ ਪਹੁੰਚ ਗਿਆ ਹੈ। ਏਅਰ ਕਵਾਲਿਟੀ ਇੰਡੈਕਸ ਵਿੱਚ ਹੋ ਰਹੇ ਵਾਧੇ ਨੂੰ ਧਿਆਨ ਵਿੱਚ ਰੱਖਦਿਆਂ ਨਵੀਂਆਂ ਪਾਬੰਦੀਆਂ ਲਾਗੂ ਕਰ ਦਿੱਤੀਆਂ ਗਈਆਂ ਹਨ।

ਇਸ ਦੌਰਾਨ ਹੇਠ ਲਿਖੇ ਕਾਰਜਾਂ 'ਤੇ ਰੋਕ ਰਹੇਗੀ

ਗੈਰ-ਜ਼ਰੂਰੀ ਨਿਰਮਾਣ (ਉਸਾਰੀ) ਅਤੇ ਤੋੜ-ਫੋੜ ਦੇ ਕੰਮਾਂ 'ਤੇ ਪੂਰੀ ਤਰ੍ਹਾਂ ਰੋਕ। ਇਸ ਵਿੱਚ ਮਿੱਟੀ ਦਾ ਕੰਮ, ਪਾਈਲਿੰਗ, ਖੁਦਾਈ ਅਤੇ ਰੇਡੀ-ਮਿਕਸ ਕੰਕਰੀਟ ਪਲਾਂਟਾਂ ਦਾ ਖੁੱਲ੍ਹੇ ਵਿੱਚ ਕੰਮ ਕਰਨਾ ਸ਼ਾਮਲ ਹੈ।



ਦਿੱਲੀ ਅਤੇ ਆਸ-ਪਾਸ ਦੇ ਐੱਨ.ਸੀ.ਆਰ ਜ਼ਿਲ੍ਹਿਆਂ ਵਿੱਚ ਬੀਐਸ-3 ਪੈਟਰੋਲ ਅਤੇ ਬੀਐਸ-4 ਡੀਜ਼ਲ ਵਾਲੀਆਂ ਚਾਰ-ਪਹੀਆ ਗੱਡੀਆਂ ਦੇ ਚੱਲਣ 'ਤੇ ਰੋਕ।

ਨਿਰਮਾਣ ਸਮੱਗਰੀ (ਜਿਵੇਂ ਰੇਤਾ ਅਤੇ ਸੀਮੈਂਟ) ਦੀ ਢੋਆ-ਢੁਆਈ 'ਤੇ ਰੋਕ, ਖਾਸ ਕਰਕੇ ਕੱਚੀਆਂ ਸੜਕਾਂ 'ਤੇ।

ਸਟੋਨ ਕਰੱਸ਼ਰ, ਮਾਈਨਿੰਗ (ਖਣਨ) ਅਤੇ ਹੌਟ-ਮਿਕਸ ਪਲਾਂਟ ਬੰਦ ਰਹਿਣਗੇ, ਜੋ ਕਲੀਨ ਫਿਊਲ (ਸਾਫ਼ ਬਾਲਣ) ਦੀ ਵਰਤੋਂ ਨਹੀਂ ਕਰ ਰਹੇ ਹਨ।

ਡੀਜ਼ਲ ਜਨਰੇਟਰ ਸੈੱਟਾਂ ਦੀ ਵਰਤੋਂ 'ਤੇ ਰੋਕ (ਐਮਰਜੈਂਸੀ ਅਤੇ ਜ਼ਰੂਰੀ ਸੇਵਾਵਾਂ ਨੂੰ ਛੱਡ ਕੇ)।

ਦਿੱਲੀ ਵਿੱਚ ਆਉਣ ਵਾਲੀਆਂ ਜਾਂ ਉੱਥੇ ਚੱਲਣ ਵਾਲੀਆਂ ਅੰਤਰ-ਰਾਜੀ (ਇੰਟਰ-ਸਟੇਟ) ਡੀਜ਼ਲ ਬੱਸਾਂ 'ਤੇ ਰੋਕ।

ਨਿੱਜੀ ਕੰਪਨੀਆਂ ਲਈ ਸਲਾਹ ਕਿ ਉਹ ਵਾਹਨਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਨੂੰ ਘਟਾਉਣ ਲਈ 'ਵਰਕ-ਫ੍ਰੌਮ-ਹੋਮ' (ਘਰੋਂ ਕੰਮ) ਜਾਂ 'ਹਾਈਬ੍ਰਿਡ' ਮਾਡਲ ਅਪਨਾਉਣ।

ਛੋਟੇ ਬੱਚਿਆਂ ਨੂੰ ਜ਼ਹਿਰੀਲੀ ਹਵਾ ਤੋਂ ਬਚਾਉਣ ਲਈ 5ਵੀਂ ਜਮਾਤ ਤੱਕ ਦੇ ਸਕੂਲਾਂ ਨੂੰ ਬੰਦ ਕਰਨਾ ਅਤੇ ਪੜ੍ਹਾਈ ਨੂੰ ਆਨਲਾਈਨ ਮੋਡ 'ਚ ਸ਼ਿਫਟ ਕਰਨਾ।

'ਇਲੈਕਟ੍ਰਿਕ ਡੇਜ਼ੀ ਕਾਰਨੀਵਲ' ਦੇ ਮੇਨ ਸਟੇਜ 'ਤੇ ਇਤਿਹਾਸ ਰਚਣਗੇ ਗੁਰੂ ਰੰਧਾਵਾ, ਪਹਿਲੇ ਭਾਰਤੀ ਤੇ ਪੰਜਾਬੀ ਕਲਾਕਾਰ ਵਜੋਂ ਦੇਣਗੇ ਪੇਸ਼ਕਾਰੀ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਪੰਜਾਬੀ ਸੰਗੀਤ ਲਈ ਇੱਕ ਹੋਰ ਵੱਡੀ ਅੰਤਰਰਾਸ਼ਟਰੀ ਉਪਲਬਧੀ ਜੁੜਨ ਜਾ ਰਹੀ ਹੈ।

ਗਾਇਕ, ਗੀਤਕਾਰ ਅਤੇ ਅਦਾਕਾਰ ਗੁਰੂ ਰੰਧਾਵਾ 7 ਨਵੰਬਰ 2026 ਨੂੰ ਦੁਨੀਆ ਦੇ ਪ੍ਰਮੁੱਖ ਡਾਂਸ ਮਿਊਜ਼ਿਕ ਫੈਸਟੀਵਲਾਂ ਵਿੱਚੋਂ ਇੱਕ 'ਇਲੈਕਟ੍ਰਿਕ ਡੇਜ਼ੀ ਕਾਰਨੀਵਲ' ਦੇ ਮੇਨ ਸਟੇਜ 'ਤੇ ਪੇਸ਼ਕਾਰੀ ਦੇਣਗੇ। ਉਹ ਇਸ ਮੰਚ 'ਤੇ ਪਰਫਾਰਮ ਕਰਨ ਵਾਲੇ ਪਹਿਲੇ ਭਾਰਤੀ ਕਲਾਕਾਰ ਅਤੇ ਪਹਿਲੇ ਪੰਜਾਬੀ ਗਾਇਕ ਬਣਨਗੇ। ਇਹ ਉਨ੍ਹਾਂ ਦੀ ਪਹਿਲੀ ਅੰਤਰਰਾਸ਼ਟਰੀ ਫੈਸਟੀਵਲ ਪੇਸ਼ਕਾਰੀ ਵੀ ਹੋਵੇਗੀ।

ਇਸ ਖ਼ਾਸ ਮੌਕੇ 'ਤੇ ਗੁਰੂ ਰੰਧਾਵਾ ਦੋ ਵਾਰ ਗ੍ਰੈਮੀ ਐਵਾਰਡ ਲਈ ਨਾਮਜ਼ਦ ਹੋ ਚੁੱਕੇ ਮਸ਼ਹੂਰ ਇਲੈਕਟ੍ਰਾਨਿਕ ਡਾਂਸ ਮਿਊਜ਼ਿਕ ਕਲਾਕਾਰ ਸਟੀਵ ਆਓਕੀ ਨਾਲ ਸਟੇਜ ਸਾਂਝਾ ਕਰਨਗੇ। ਦੋਵੇਂ ਕਲਾਕਾਰ ਆਪਣੇ ਸਾਂਝੇ ਗੀਤ 'ਸਿਰਰਾ' ਦਾ ਅਧਿਕਾਰਤ ਸਟੀਵ ਆਓਕੀ ਰੀਮਿਕਸ ਪਹਿਲੀ ਵਾਰ ਲਾਈਵ ਪੇਸ਼ ਕਰਨਗੇ। ਇਸ ਰੀਮਿਕਸ ਵਿੱਚ ਪੰਜਾਬੀ ਧੁਨਾਂ ਨੂੰ ਆਓਕੀ ਦੇ ਇਲੈਕਟ੍ਰਾਨਿਕ ਬੀਟਸ ਨਾਲ ਜੋੜਿਆ ਗਿਆ ਹੈ। 'ਸਿਰਰਾ' ਗੁਰੂ ਰੰਧਾਵਾ ਦੀ ਐਲਬਮ 'ਵਿਦਾਊਟ ਪ੍ਰੈਜੂਡਿਸ' ਦਾ ਹਿੱਸਾ ਹੈ।

ਇਸ ਗੀਤ ਨੂੰ ਹੁਣ ਤੱਕ ਵੱਖ-ਵੱਖ ਪਲੇਟਫਾਰਮਾਂ 'ਤੇ 356 ਮਿਲੀਅਨ ਤੋਂ ਵੱਧ ਸਟ੍ਰੀਮਜ਼ ਅਤੇ ਯੂਟਿਊਬ 'ਤੇ ਕੁੱਲ 550 ਮਿਲੀਅਨ ਵਿਊਜ਼ ਮਿਲ ਚੁੱਕੇ ਹਨ। ਇਸ ਦਾ ਰੀਮਿਕਸ ਵਾਰਨਰ ਮਿਊਜ਼ਿਕ ਇੰਡੀਆ ਦੀ ਸਹਾਇਤਾ ਨਾਲ ਸਾਰੇ ਪ੍ਰਮੁੱਖ ਸਟ੍ਰੀਮਿੰਗ ਪਲੇਟਫਾਰਮਾਂ 'ਤੇ ਜਾਰੀ ਕੀਤਾ ਜਾ ਚੁੱਕਾ ਹੈ। ਗੁਰੂ ਰੰਧਾਵਾ ਇਸ ਤੋਂ ਪਹਿਲਾਂ ਵੀ ਕਈ ਕੌਮਾਂਤਰੀ ਕਲਾਕਾਰਾਂ ਨਾਲ ਕੰਮ ਕਰ ਚੁੱਕੇ ਹਨ। ਉਨ੍ਹਾਂ ਦੇ ਪ੍ਰਮੁੱਖ ਸਹਿਯੋਗਾਂ ਵਿੱਚ ਪਿਟਬੁੱਲ ਨਾਲ 'ਸਲੋਲੀ ਸਲੋਲੀ', ਟੀਟੋ ਐਲ ਬੈਮਬਿਨੋ ਨਾਲ 'ਮੁਵੇ ਲਾ ਸਿੰਤੂਰਾ', ਫ੍ਰੈਂਚ ਮੋਂਟਾਨਾ ਨਾਲ 'ਵਾਈਬ', ਜੇ ਸੀਨ ਨਾਲ 'ਸੁਰਮਾ ਸੁਰਮਾ', ਕੇ-ਪੌਪ ਗਰੁੱਪ ਲੋਓ ਸ਼ਸ਼ਕ੍ਵਿਅਵੀਂ ਨਾਲ 'ਬੂਮਪਾਲਾ', ਦ ਚੇਨਸਮੋਕਰਜ਼ ਨਾਲ 'ਐਡਿਕਟਿਡ' ਅਤੇ ਰਿਕ ਰੌਸ ਨਾਲ 'ਰਿਚ ਲਾਈਫ' ਸ਼ਾਮਲ ਹਨ। 'ਇਲੈਕਟ੍ਰਿਕ ਡੇਜ਼ੀ ਕਾਰਨੀਵਲ' ਓਰਲੈਂਡੋ ਦਾ ਆਯੋਜਨ ਅਮਰੀਕਾ ਦੇ ਫਲੋਰਿਡਾ ਸਥਿਤ ਇਤਿਹਾਸਕ ਟਿੰਕਰ ਫੀਲਡ ਵਿੱਚ 6 ਤੋਂ 8 ਨਵੰਬਰ ਤੱਕ ਕੀਤਾ ਜਾ ਰਿਹਾ ਹੈ।



ਦੁਨੀਆ ਦੇ ਪ੍ਰਮੁੱਖ ਡਾਂਸ ਮਿਊਜ਼ਿਕ ਫੈਸਟੀਵਲਾਂ ਵਿੱਚ ਸ਼ਾਮਲ ਇਸ ਸਮਾਗਮ ਵਿੱਚ ਵੱਖ-ਵੱਖ ਦੇਸ਼ਾਂ ਦੇ ਕਲਾਕਾਰ ਆਪਣੀ ਪੇਸ਼ਕਾਰੀ ਦੇਣਗੇ।

Space available for Ad
Contact # +1 (209) 303-1260
Contact # +91 81463-20009

JASPREET SINGH
ATTORNEY AT LAW USA



JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA

SACRAMENTO, CA
5855 AUBURN BLVD,
SACRAMENTO, CA 95841
+1-917-915-4142

FREMONT, CA
3155 KEARNEY ST, SUITE
#248, FREMONT, CA 94538
+1-510-657-6444

NEW YORK, NY
108-14 JAMAICA AVENUE,
RICHMOND HILL, NY 11418
+1-718-533-8444

FRESNO, CA
1625 E SHAW AVE #122,
FRESNO, CA 93711
+1-559-271-5511

NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699

LOS ANGELES, CA
1013 N BEGONIA AVE,
ONTARIO, CA 91762
+1-917-915-4142

CONTACT
+1-917-915-4142

Jaspreetsinghlaoffice@gmail.com

web -www.globaldrugtestinginc@gmail.com email -info@globaltruckpermits.com

ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ

GLOBAL TRUCK PERMITS

ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ

ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ

New Company Permits
IRP Plates
Trailer Plates
Truck ELD
DOT Drug Testing



DOT Drug Testing | Compliance Services | Driver Hiring

Driver Files | Safety Audit | Clearing House | Driver Management












“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”

ਰਾਜਿੰਦਰ ਟਾਂਡਾ

ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988

Address: 159 Darcy Pkwy Lathrop, CA 95330

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ!

ਬੰਦੀ ਛੋੜ ਦਿਵਸ ਅਤੇ ਦੀਵਾਲੀ
ਦੀਆਂ ਲੱਖ-ਲੱਖ ਵਧਾਈਆਂ!



8 ਨਵੰਬਰ 2026 ਦਿਨ ਐਤਵਾਰ

ਸੈਨ ਹੋਜ਼ੇ ਗੁਰਦੁਆਰਾ ਸਾਹਿਬ ਵਿਖੇ
ਬੰਦੀ ਛੋੜ ਦਿਵਸ ਅਤੇ ਦੀਵਾਲੀ ਦਾ ਪਾਵਨ ਦਿਹਾੜਾ
ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।

ਵਿਸ਼ੇਸ਼ ਧਾਰਮਿਕ ਸਮਾਗਮ ➤ ਕੀਰਤਨ ❖ ਕਥਾ ❖ ਢਾਡੀ ਵਾਰਾਂ

ਸਮਾਂ ➤ ਸਵੇਰੇ 4:30 ਵਜੇ ਤੋਂ ਰਾਤ 9:30 ਵਜੇ ਤੱਕ



ਖ਼ਾਸ ਪਕਵਾਨ

ਪੀਜ਼ਾ ❖ ਛੋਲੇ-ਭਟੂਰੇ ❖ ਚਾਹ-ਪਕੌੜੇ

ਤੇ ਹੋਰ ਵੀ ਕਈ ਤਰ੍ਹਾਂ ਦੇ ਪਕਵਾਨ

ਸੰਗਤਾਂ ਵੱਲੋਂ ਗੁਰੂ ਘਰ ਦੇ ਬਾਹਰ ਲੰਗਰਾਂ ਲਈ ਵਿਸ਼ੇਸ਼ ਸਟਾਲ ਲਗਾਏ ਜਾਣਗੇ।

ਤਾਂ ਆਓ ! ਗੁਰੂ ਘਰ ਵਿਖੇ ਪਹੁੰਚ ਕੇ ਗੁਰਬਾਣੀ ਦਾ ਲਾਹਾ ਪ੍ਰਾਪਤ ਕਰੀਏ
ਅਤੇ ਸੇਵਾ ਤੇ ਸਾਂਝ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰੀਏ।

ਸਥਾਨ : 3636 Gurdwara Avenue,San Jose, California 95148

ਵਧੇਰੇ ਜਾਣਕਾਰੀ ਲਈ ਸੰਪਰਕ ➤ 408-274-9373

🙏 ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਪਹੁੰਚਣ ਲਈ ਨਿੱਘਾ ਸੱਦਾ। 🙏

ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ ਤੇ ਖਰੀਦ ਰਿਕਾਰਡ 150 ਲੱਖ ਮੀਟ੍ਰਿਕ ਟਨ ਤੋਂ ਪਾਰ: ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਜਾਣਕਾਰੀ ਦਿੱਤੀ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ ਅਤੇ ਖਰੀਦ ਰਿਕਾਰਡ 150 ਲੱਖ ਮੀਟ੍ਰਿਕ ਟਨ (ਐਲ.ਐਮ.ਟੀ.) ਤੋਂ ਪਾਰ ਹੋ ਗਈ ਹੈ, ਜੋ ਕਿ ਚੱਲ ਰਹੇ ਖ਼ਰੀਫ਼ ਮਾਰਕੀਟਿੰਗ ਸੀਜ਼ਨ 2026-27 ਵਿੱਚ ਇੱਕ ਵੱਡੀ ਪ੍ਰਾਪਤੀ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਸੁਚਾਰੂ, ਬਿਨਾਂ ਕਿਸੇ ਦਿੱਕਤ ਅਤੇ ਕਿਸਾਨ-ਪੱਖੀ ਖਰੀਦ ਕਾਰਜਾਂ ਨੂੰ ਯਕੀਨੀ ਬਣਾਇਆ ਹੈ। ਉਨ੍ਹਾਂ ਕਿਹਾ ਕਿ ਆਮਦ ਹੁਣ 152 ਐਲ.ਐਮ.ਟੀ. ਤੋਂ ਪਾਰ ਹੋ ਗਈ ਹੈ ਅਤੇ ਖਰੀਦ ਵੀ 150 ਐਲ.ਐਮ.ਟੀ. ਤੋਂ ਪਾਰ ਹੋ ਗਈ ਹੈ, ਜੋ ਕਿ ਪੰਜਾਬ ਸਰਕਾਰ ਦੀ ਕੁਸ਼ਲ ਖਰੀਦ ਪ੍ਰਣਾਲੀ ਵਿੱਚ ਕਿਸਾਨਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।ਮੰਤਰੀ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁੱਲ ਲਿਫਟਿੰਗ 110 ਐਲ.ਐਮ.ਟੀ. ਤੱਕ ਪਹੁੰਚ ਚੁੱਕੀ ਹੈ ਅਤੇ ਖਰੀਦ ਦੇ 72 ਘੰਟਿਆਂ ਦੇ ਮੁਕਾਬਲੇ ਲਿਫਟਿੰਗ ਦੀ ਪ੍ਰਤੀਸ਼ਤਤਾ 84.65 ਫੀਸਦੀ ਹੈ। ਉਨ੍ਹਾਂ ਕਿਹਾ ਕਿ ਲਿਫਟਿੰਗ ਨੂੰ ਤੇਜ਼ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ ਤਾਂ ਜੋ ਮੰਡੀਆਂ ਤਾਜ਼ੀ ਆਮਦ ਲਈ ਖਾਲੀ ਰਹਿਣ ਅਤੇ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਾ ਪੇਸ਼ ਆਵੇ। ਕਟਾਰੂਚੱਕ ਨੇ ਅੱਗੇ ਦੱਸਿਆ ਕਿ ਕਿਸਾਨਾਂ ਦੇ ਖਾਤਿਆਂ ਵਿੱਚ 33000 ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ ਕਿ 100.89 ਫੀਸਦੀ ਬਣਦੀ ਹੈ। ਉਨ੍ਹਾਂ ਦੁਹਰਾਇਆ ਕਿ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ ਅਤੇ ਅਦਾਇਗੀ ਸਮੇਂ ਸਿਰ ਕੀਤੀ ਜਾਵੇਗੀ।

ਮੰਤਰੀ ਨੇ ਕਿਹਾ ਕਿ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ ਸਾਰੀਆਂ ਖਰੀਦ ਏਜੰਸੀਆਂ, ਮੰਡੀ ਬੋਰਡ, ਟਰਾਂਸਪੋਰਟਰਾਂ ਅਤੇ ਮਜ਼ਦੂਰਾਂ ਨਾਲ ਨੇੜਿਓਂ ਤਾਲਮੇਲ ਕਰਕੇ ਨਿਰਵਿਘਨ ਖਰੀਦ, ਸਮੇਂ ਸਿਰ ਲਿਫਟਿੰਗ ਅਤੇ ਤੁਰੰਤ ਅਦਾਇਗੀ ਨੂੰ ਯਕੀਨੀ ਬਣਾ ਰਿਹਾ ਹੈ।

ਉਪ ਰਾਸ਼ਟਰਪਤੀ ਵੈਂਸ ਵੱਲੋਂ ਗੈਰਕਾਨੂੰਨੀ ਕਰਮਚਾਰੀ ਰੱਖਣ ਵਾਲੇ ਕਾਰੋਬਾਰਾਂ 'ਤੇ ਧਿਆਨ ਦੇਣ ਦੀ ਗੱਲ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਉਪ ਰਾਸ਼ਟਰਪਤੀ ਜੇ.ਡੀ. ਵੈਨਸ ਨੇ ਚੋਣਾਂ ਤੋਂ ਬਾਅਦ ਇਮੀਗ੍ਰੇਸ਼ਨ ਇਨਫੋਰਸਮੈਂਟ ਦੀਆਂ ਤਰਜੀਹਾਂ ਵਿੱਚ ਸੰਭਾਵੀ ਤਬਦੀਲੀ ਦਾ ਸੰਕੇਤ ਦਿੱਤਾ। ਉਨ੍ਹਾਂ ਨੇ ਕਿਹਾ ਕਿ ਸਰਕਾਰ ਗੈਰਕਾਨੂੰਨੀ ਤੌਰ 'ਤੇ ਕਰਮਚਾਰੀ ਰੱਖਣ ਵਾਲੇ ਕਾਰੋਬਾਰਾਂ 'ਤੇ ਵਧੇਰੇ ਧਿਆਨ ਦੇ ਸਕਦੀ ਹੈ। ਇਸ ਵਿਚਾਰ ਦਾ ਮਤਲਬ ਇਹ ਹੋ ਸਕਦਾ ਹੈ ਕਿ ਜਾਂਚਾਂ ਸਿਰਫ਼ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕਰਨ ਤੱਕ ਸੀਮਤ ਨਾ ਰਹਿਣ, ਸਗੋਂ ਉਨ੍ਹਾਂ ਮਾਲਕਾਂ ਨੂੰ ਵੀ ਜਵਾਬਦੇਹ ਬਣਾਇਆ ਜਾਵੇ ਜੋ ਕਾਨੂੰਨ ਤੋੜ ਕੇ ਲੋਕਾਂ ਨੂੰ ਕੰਮ 'ਤੇ ਰੱਖਦੇ ਹਨ।ਇਹ ਅਜੇ ਕੋਈ ਪੱਕਾ ਸਰਕਾਰੀ ਹੁਕਮ ਜਾਂ ਨਵਾਂ ਨਿਯਮ ਨਹੀਂ ਹੈ। ਵੈਨਸ ਨੇ ਚੋਣ ਨਤੀਜਿਆਂ ਦੀ ਸਮੀਖਿਆ ਦੌਰਾਨ ਇਸ ਨੂੰ ਸੰਭਾਵੀ ਤਬਦੀਲੀ ਵਜੋਂ ਪੇਸ਼ ਕੀਤਾ। ਕਾਰੋਬਾਰੀ ਖੇਤਰਾਂ ਵਿੱਚ ਇਸ ਤਰ੍ਹਾਂ ਦੀ ਕਾਰਵਾਈ ਨੂੰ ਲੈ ਕੇ ਚਿੰਤਾ ਹੋ ਸਕਦੀ ਹੈ, ਕਿਉਂਕਿ ਖੇਤੀਬਾੜੀ, ਉਸਾਰੀ, ਰੈਸਟੋਰੈਂਟ ਅਤੇ ਹੋਰ ਉਦਯੋਗਾਂ ਵਿੱਚ ਵੱਡੀ ਗਿਣਤੀ ਵਿੱਚ ਪਰਵਾਸੀ ਕਰਮਚਾਰੀ ਕੰਮ ਕਰਦੇ ਹਨ।ਜੇ ਸਰਕਾਰ ਇਸ ਤਰਜੀਹ ਨੂੰ ਅਮਲ ਵਿੱਚ ਲਿਆਉਂਦੀ ਹੈ, ਤਾਂ ਕੰਪਨੀਆਂ ਨੂੰ ਕਰਮਚਾਰੀਆਂ ਦੇ ਦਸਤਾਵੇਜ਼ਾਂ ਦੀ ਜਾਂਚ, ਭਰਤੀ ਦੀ ਪ੍ਰਕਿਰਿਆ ਅਤੇ ਰਿਕਾਰਡ ਸੰਭਾਲਣ 'ਤੇ ਵਧੇਰੇ ਧਿਆਨ ਦੇਣਾ ਪਵੇਗਾ। ਪਰ ਅਜੇ ਤੱਕ ਇਹ ਸਪਸ਼ਟ ਨਹੀਂ ਕਿ ਕਿਹੜੇ ਉਦਯੋਗ ਜਾਂ ਕਾਰੋਬਾਰ ਪਹਿਲਾਂ ਜਾਂਚ ਦੇ ਘੇਰੇ ਵਿੱਚ ਆਉਣਗੇ। ਇਸ ਲਈ ਇਸ ਖ਼ਬਰ ਨੂੰ ਨੀਤੀ ਬਦਲਾਅ ਦੀ ਪੁਸ਼ਟੀ ਨਹੀਂ, ਸਗੋਂ ਵੈਨਸ ਵੱਲੋਂ ਦਿੱਤਾ ਗਿਆ ਸੰਕੇਤ ਸਮਝਣਾ ਚਾਹੀਦਾ ਹੈ।

ਇਮੀਗ੍ਰੇਸ਼ਨ ਇਨਫੋਰਸਮੈਂਟ 'ਚ ਤੁਰੰਤ ਵੱਡੀ ਤਬਦੀਲੀ ਅਸਪੱਸ਼ਟ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਚੋਣਾਂ ਵਿੱਚ ਡੈਮੋਕ੍ਰੇਟਸ ਦੀ ਜਿੱਤ ਨਾਲ ਇਮੀਗ੍ਰੇਸ਼ਨ ਨੀਤੀਆਂ 'ਤੇ ਕਾਂਗਰਸੀ ਨਿਗਰਾਨੀ ਵਧਣ ਦੀ ਸੰਭਾਵਨਾ ਹੈ, ਪਰ ਇਸ ਦਾ ਮਤਲਬ ਇਹ ਨਹੀਂ ਕਿ ਆਈਸ ਦੀਆਂ ਕਾਰਵਾਈਆਂ ਤੁਰੰਤ ਰੁਕ ਜਾਣਗੀਆਂ ਜਾਂ ਟਰੰਪ ਸਰਕਾਰ ਦੀ ਨੀਤੀ ਫੌਰਨ ਬਦਲ ਜਾਵੇਗੀ। ਕਾਂਗਰਸ ਨੇ ਇਮੀਗ੍ਰੇਸ਼ਨ ਇਨਫੋਰਸਮੈਂਟ ਲਈ ਪਹਿਲਾਂ ਹੀ ਵੱਡੀ ਰਕਮ ਮਨਜ਼ੂਰ ਕੀਤੀ ਹੋਈ ਹੈ, ਜੋ ਮੌਜੂਦਾ ਕਾਨੂੰਨ ਅਧੀਨ 2029 ਤੱਕ ਉਪਲਬਧ ਰਹਿਣ ਦੀ ਉਮੀਦ ਹੈ।

ਡੈਮੋਕ੍ਰੇਟਸ ਜਨਵਰੀ ਵਿੱਚ ਨਵੇਂ ਕਾਂਗਰਸ ਸੈਸ਼ਨ ਦੌਰਾਨ ਆਈਸ ਦੀਆਂ ਗ੍ਰਿਫ਼ਤਾਰੀਆਂ, ਹਿਰਾਸਤ ਕੇਂਦਰਾਂ ਵਿੱਚ ਰਹਿਣ ਦੀਆਂ ਸਥਿਤੀਆਂ ਅਤੇ ਸਰਕਾਰੀ ਠੇਕਿਆਂ ਬਾਰੇ ਸੁਣਵਾਈਆਂ ਕਰ ਸਕਦੇ ਹਨ। ਉਹ ਵਿਭਾਗਾਂ ਤੋਂ ਜਾਣਕਾਰੀ ਮੰਗ ਸਕਦੇ ਹਨ ਅਤੇ ਅਧਿਕਾਰੀਆਂ ਨੂੰ ਕਮੇਟੀਆਂ ਸਾਹਮਣੇ ਜਵਾਬ ਦੇਣ ਲਈ ਬੁਲਾ ਸਕਦੇ ਹਨ। ਪਰ ਫੰਡਿੰਗ ਰੋਕਣ ਜਾਂ ਵੱਡਾ ਕਾਨੂੰਨੀ ਬਦਲਾਅ ਕਰਨ ਲਈ ਕਾਂਗਰਸ ਵਿੱਚ ਨਵਾਂ ਹੁਕਮ ਅਤੇ ਰਾਸ਼ਟਰਪਤੀ ਨਾਲ ਟਕਰਾਅ ਦੀ ਸੰਭਾਵਨਾ ਰਹੇਗੀ।

ਇੱਕ ਵਿਸ਼ਲੇਸ਼ਕ ਨੇ ਕਿਹਾ ਕਿ ਟਰੰਪ ਪ੍ਰਸ਼ਾਸਨ ਦੀ ਇਮੀਗ੍ਰੇਸ਼ਨ ਨੀਤੀ ਵਿੱਚ ਵੱਡੀ ਤਬਦੀਲੀ ਦੀ ਸੰਭਾਵਨਾ ਘੱਟ ਹੈ, ਕਿਉਂਕਿ ਸਰਕਾਰ ਆਪਣੀ ਮੁਹਿੰਮ ਲਈ ਵਚਨਬੱਧ ਹੈ ਅਤੇ ਫੰਡਿੰਗ ਪਹਿਲਾਂ ਹੀ ਮਨਜ਼ੂਰ ਹੈ। ਇਸ ਲਈ ਇਮੀਗ੍ਰੈਂਟ ਭਾਈਚਾਰਿਆਂ ਲਈ ਚੋਣੀ ਨਤੀਜੇ ਨਿਗਰਾਨੀ ਵਧਣ ਦਾ ਸੰਕੇਤ ਹਨ, ਪਰ ਮੌਜੂਦਾ ਕਾਨੂੰਨੀ ਨਿਯਮਾਂ ਵਿੱਚ ਤਬਦੀਲੀ ਹੋਣ ਤੱਕ ਹਰ ਕੇਸ ਦੀ ਸਥਿਤੀ ਵੱਖਰੇ ਤੌਰ 'ਤੇ ਵੇਖਣੀ ਪਵੇਗੀ।

ਅਮਰੀਕਾ ਦੇ ਉਪ ਰਾਸ਼ਟਰਪਤੀ ਜੇ.ਡੀ. ਵੈਂਸ ਨੇ ਇਰਾਨ ਜੰਗ ਨੂੰ ਦੱਸਿਆ ਹਾਰ ਦਾ ਕਾਰਨ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਉਪ ਰਾਸ਼ਟਰਪਤੀ ਜੇ.ਡੀ. ਵੈਨਸ ਨੇ ਮਿਡਟਰਮ ਚੋਣਾਂ ਵਿੱਚ ਰਿਪਬਲਿਕਨ ਪਾਰਟੀ ਦੇ ਮਾੜੇ ਨਤੀਜਿਆਂ ਬਾਰੇ ਆਪਣਾ ਮੁਲਾਂਕਣ ਦਿੱਤਾ। ਉਨ੍ਹਾਂ ਨੇ ਇਰਾਨ ਜੰਗ ਨੂੰ ਹਾਰ ਦੇ ਮੁੱਖ ਕਾਰਨਾਂ ਵਿੱਚੋਂ ਇੱਕ ਦੱਸਿਆ। ਵੈਨਸ ਅਨੁਸਾਰ, ਕੁਝ ਵੋਟਰਾਂ ਨੇ 2024 ਵਿੱਚ ਟਰੰਪ ਦਾ ਸਮਰਥਨ ਕੀਤਾ ਸੀ, ਪਰ ਇਸ ਵਾਰ ਉਹ ਜੰਗ ਖ਼ਤਮ ਕਰਨ, ਰੋਜ਼ਾਨਾ ਖਰਚੇ ਘਟਾਉਣ ਅਤੇ ''ਅਮਰੀਕਾ ਪਹਿਲਾਂ'' ਵਾਲੀ ਨੀਤੀ 'ਤੇ ਜ਼ਿਆਦਾ ਧਿਆਨ ਦੇਣ ਦੀ ਉਮੀਦ ਕਰ ਰਹੇ ਸਨ।

ਵੈਨਸ ਦੀ ਟਿੱਪਣੀ ਨੇ ਰਿਪਬਲਿਕਨ ਪਾਰਟੀ ਅੰਦਰ ਨੀਤੀ ਬਾਰੇ ਨਵੀਂ ਬਹਿਸ ਛੇੜ ਦਿੱਤੀ ਹੈ। ਉਨ੍ਹਾਂ ਦੇ ਬਿਆਨ ਨੂੰ ਕੁਝ ਲੋਕਾਂ ਨੇ ਚੋਣੀ ਨਤੀਜਿਆਂ ਦੀ ਖੁੱਲ੍ਹੀ ਸਮੀਖਿਆ ਮੰਨਿਆ, ਜਦਕਿ ਹੋਰਾਂ ਨੇ ਕਿਹਾ ਕਿ ਪਾਰਟੀ ਨੂੰ ਸਿਰਫ਼ ਜੰਗ ਨੂੰ ਦੋਸ਼ ਦੇਣ ਦੀ ਥਾਂ ਮਹਿੰਗਾਈ, ਟੈਰਿਫ਼ਾਂ ਅਤੇ ਲੋਕਾਂ ਦੀ ਆਰਥਿਕ ਸੁਰੱਖਿਆ ਬਾਰੇ ਵੀ ਸੋਚਣਾ ਚਾਹੀਦਾ ਹੈ।

ਟਰੰਪ ਨੇ ਵੈਨਸ ਦੀ ਗੱਲ ਨੂੰ ਕੁਝ ਹੱਦ ਤੱਕ ਸਹੀ ਮੰਨਿਆ, ਪਰ ਕਿਹਾ ਕਿ ਉਹ ਇਰਾਨ ਨੀਤੀ ਵਾਪਸ ਨਹੀਂ ਲੈਂਦੇ। ਇਸ ਨਾਲ ਪਾਰਟੀ ਦੀ ਅਗਲੀ ਰਣਨੀਤੀ ਨੂੰ ਲੈ ਕੇ ਸਵਾਲ ਬਣੇ ਹੋਏ ਹਨ। ਜੇ ਵੈਨਸ 2028 ਦੀ ਰਾਸ਼ਟਰਪਤੀ ਚੋਣ ਲਈ ਦਾਅਵੇਦਾਰ ਬਣਦੇ ਹਨ, ਤਾਂ ਇਹ ਬਿਆਨ ਉਨ੍ਹਾਂ ਦੀ ਆਪਣੀ ਸਿਆਸੀ ਪਛਾਣ ਅਤੇ ਟਰੰਪ ਨਾਲ ਉਨ੍ਹਾਂ ਦੇ ਰਿਸ਼ਤੇ ਲਈ ਵੀ ਮਹੱਤਵਪੂਰਨ ਹੋ ਸਕਦਾ ਹੈ।





Where Compassion Meets True

LUXURY

Discover an exclusive living experience designed for seniors living with dementia, schizophrenia, bipolar disorder, and complex mental health needs where clinical excellence meets comfort, dignity, and elegance

Refundable deposit of $500,000 with 8% annual interest

Exclusive Long-Term Luxury Living Opportunity

With only **25 exclusive units** available, we offer limited availability for discerning residents seeking long term luxury care through compassionate support and refined living.

Luxury Living with Expert Care

- 24/7 Highly Trained Care Staff
- On-site Senior Psychologist
- Licensed Registered Nurse (RN)
- Regular visits by a psychiatrist and physician

Healing Garden Therapy

Serene outdoor garden designed for relaxation, featuring walking paths, sitting areas, and peaceful natural surrounding that support emotional well-being

Full-Service Lifestyle Assistance

- We schedule all doctor appointments,
- Staff escort residents to medical appointments,
- Transportation for church, shopping and outings.

Music Therapy

Guided therapeutic sessions using soothing music, drumming, and movement to reduce stress, enhance mood, lift spirits, and increase cognitive well-being

Daily Cost Ranges from $250 to $500 Per Day

depending on the level of care required.


St. Michael Assisted Living

Dinuba, CA

Location: Dinuba, CA

Contact: (925) 285-9881 (559) 915-9045

Website: www.stmichaelrcfe.com



DR. HARMESH KUMAR
PRESIDENT, CEO & PSYCHOLOGIST

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ!

ਗੁਰੂ ਰੂਪ ਸਾਧ ਸੰਗਤ ਜੀਓ,

ਸੈਨ ਹੋਜ਼ੇ ਗੁਰਦੁਆਰਾ ਸਾਹਿਬ ਵਿਖੇ **ਨਵੰਬਰ ਮਹੀਨੇ** ਦੌਰਾਨ ਵੱਖ-ਵੱਖ ਧਾਰਮਿਕ ਸਮਾਗਮ, ਗੁਰਪੁਰਬ ਅਤੇ ਵਿਸ਼ੇਸ਼ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।

1 ਨਵੰਬਰ 2026
ਐਤਵਾਰ

1984 ਦੇ ਦਿੱਲੀ ਕਤਲੇਆਮ ਦੇ ਸ਼ਹੀਦਾਂ ਦੀ ਯਾਦ ਵਿੱਚ ਵਿਸ਼ੇਸ਼ ਸ਼ਹੀਦੀ ਸਮਾਗਮ

1984 ਦੇ ਦਿੱਲੀ ਕਤਲੇਆਮ ਦੇ ਸ਼ਹੀਦਾਂ ਦੀ ਯਾਦ ਵਿੱਚ ਵਿਸ਼ੇਸ਼ ਸ਼ਹੀਦੀ ਸਮਾਗਮ ਕਰਵਾਇਆ ਜਾਵੇਗਾ। ਆਓ, ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ।



3 ਨਵੰਬਰ 2026
ਮੰਗਲਵਾਰ

ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਗੁਰਗੱਦੀ ਦਿਵਸ ਮੌਕੇ ਵਿਸ਼ੇਸ਼ ਸਮਾਗਮ

ਇਸ ਮੌਕੇ ਸਵੇਰ ਤੇ ਸ਼ਾਮ ਦੇ ਦੀਵਾਨ ਸਮੇਂ ਕੀਰਤਨ, ਗੁਰਮਤਿ ਵਿਚਾਰ, ਕਥਾ ਅਤੇ ਇਤਿਹਾਸ ਨਾਲ ਸੰਗਤ ਨੂੰ ਜੋੜਿਆ ਜਾਵੇਗਾ।



8 ਨਵੰਬਰ 2026
ਐਤਵਾਰ

ਬੰਦੀ ਛੋੜ ਦਿਵਸ ਅਤੇ ਦੀਵਾਲੀ ਦਾ ਪਾਵਨ ਦਿਹਾੜਾ

ਇਸ ਮੌਕੇ ਕੀਰਤਨ ਅਤੇ ਕਥਾ ਦਾ ਵਿਸ਼ੇਸ਼ ਪ੍ਰੋਗਰਾਮ ਹੋਵੇਗਾ।
ਸਮਾਂ: ਸਵੇਰੇ 4:30 ਵਜੇ ਤੋਂ ਰਾਤ 9:30 ਵਜੇ ਤੱਕ।



15 ਨਵੰਬਰ 2026
ਐਤਵਾਰ

ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸਮਾਗਮ

ਕੀਰਤਨ, ਕਥਾ ਅਤੇ ਗੁਰਮਤਿ ਵਿਚਾਰਾਂ ਰਾਹੀਂ ਬਾਬਾ ਦੀਪ ਸਿੰਘ ਜੀ ਦੀ ਮਹਾਨ ਸ਼ਹਾਦਤ ਅਤੇ ਸਿੱਖ ਪੰਥ ਲਈ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਜਾਵੇਗਾ।
ਸਮਾਂ: ਸਵੇਰੇ 4 ਵਜੇ ਤੋਂ 10 ਵਜੇ ਤੱਕ ਅਤੇ ਸ਼ਾਮ 4:45 ਵਜੇ ਤੋਂ 8:30 ਵਜੇ ਤੱਕ।



15 ਨਵੰਬਰ 2026
(ਵਿਸ਼ੇਸ਼ ਪ੍ਰੋਗਰਾਮ)
ਐਤਵਾਰ

ਵਿਸ਼ੇਸ਼ ਸਿੱਖ ਇਤਿਹਾਸ ਵਰਚੁਅਲ ਰਿਐਲਿਟੀ ਸ਼ੋਅ

ਇਸੇ ਦਿਨ, ਸੰਗਤ ਲਈ ਇੱਕ ਵਿਸ਼ੇਸ਼ ਸਿੱਖ ਇਤਿਹਾਸ ਵਰਚੁਅਲ ਰਿਐਲਿਟੀ ਸ਼ੋਅ ਵੀ ਕਰਵਾਇਆ ਜਾ ਰਿਹਾ ਹੈ। ਇਸ ਰਾਹੀਂ ਸੰਗਤ ਨੂੰ ਸਿੱਖ ਇਤਿਹਾਸ ਦਾ ਅਨੋਖਾ ਅਨੁਭਵ ਪ੍ਰਾਪਤ ਹੋਵੇਗਾ।
ਸਮਾਂ: ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ। **ਸਥਾਨ: ਲੰਗਰ ਹਾਲ।**



15 ਨਵੰਬਰ ਤੋਂ
24 ਨਵੰਬਰ 2026

ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਪ੍ਰਭਾਤ ਫੇਰੀਆਂ

ਇਹ ਪ੍ਰਭਾਤ ਫੇਰੀਆਂ ਹਰ ਰੋਜ਼ ਸਵੇਰੇ 4:30 ਵਜੇ ਤੋਂ 5:30 ਤੱਕ ਕੱਢੀਆਂ ਜਾਣਗੀਆਂ। ਸੰਗਤਾਂ ਨੂੰ ਇਨ੍ਹਾਂ ਪ੍ਰਭਾਤ ਫੇਰੀਆਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਾਂਦਾ ਹੈ।



20 ਨਵੰਬਰ 2026
ਸ਼ੁੱਕਰਵਾਰ

ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ

ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ ਵੀ ਬੜੀ ਧੂਮ ਧਾਮ ਨਾਲ ਮਨਾਇਆ ਜਾਵੇਗਾ।



21 ਨਵੰਬਰ 2026
ਸ਼ਨੀਵਾਰ

ਭਾਈਚਾਰਕ ਏਕਤਾ ਦੇ ਸੰਦੇਸ਼ ਨਾਲ 5K Walk/Run for Humanity

ਦਾਂ ਇੱਕ ਖਾਸ ਪ੍ਰੋਗਰਾਮ ਕਰਵਾਈ ਜਾ ਰਿਹਾਂ ਹੈ।



24 ਨਵੰਬਰ 2026
ਮੰਗਲਵਾਰ

ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪਾਵਨ ਪ੍ਰਕਾਸ਼ ਪੁਰਬ

ਇਸ ਮੌਕੇ ਸਵੇਰੇ 4:30 ਵਜੇ ਤੋਂ 7:45 ਵਜੇ ਤੱਕ ਕੀਰਤਨ, ਕਥਾ ਅਤੇ ਚਾਡੀ ਵਾਰਾਂ ਦਾ ਵਿਸ਼ੇਸ਼ ਪ੍ਰੋਗਰਾਮ ਹੋਵੇਗਾ।



ਹਰ ਸੋਮਵਾਰ,
ਮੰਗਲਵਾਰ ਅਤੇ ਵੀਰਵਾਰ

ਗੁਰਦੁਆਰਾ ਸਾਹਿਬ ਦੇ ਸੀਨੀਅਰ ਸਿਟੀਜ਼ਨ ਸੈਂਟਰ ਵੱਲੋਂ ਬਜ਼ੁਰਗਾਂ ਲਈ **WEEKLY GET TOGETHER** ਦਾ ਵੀ ਪ੍ਰਬੰਧ ਕੀਤਾ ਗਿਆ ਹੈ।
ਸਮਾਂ: ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ।



ਸੋ ਸਾਧ ਸੰਗਤ ਜੀਓ, ਨਵੰਬਰ ਮਹੀਨੇ ਦੌਰਾਨ ਹੋਣ ਵਾਲੇ ਇਨ੍ਹਾਂ ਸਾਰੇ ਧਾਰਮਿਕ ਅਤੇ ਸਮਾਜਿਕ ਸਮਾਗਮਾਂ ਵਿੱਚ ਆਪਣੇ ਪੁਰਿਵਾਰਾਂ ਸਮੇਤ ਪਹੁੰਚੋ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ
ਤੁਸੀਂ ਸੰਪਰਕ ਕਰੋ:
408-274-9373

ਸਥਾਨ:
3636 Gurdwara Avenue,
San Jose, California 95148

ਆਓ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੁੜੀਏ,
ਆਪਣੇ ਬੱਚਿਆਂ ਨੂੰ ਸਿੱਖ ਇਤਿਹਾਸ ਨਾਲ ਜੋੜੀਏ
ਅਤੇ ਗੁਰੂ ਘਰ ਦੀਆਂ ਖੁਸ਼ੀਆਂ ਸਾਂਝੀਆਂ ਕਰੀਏ।

ਬੰਦੀ ਛੋੜ ਦਿਵਸ ਅਤੇ ਦੀਵਾਲੀ ਨੂੰ ਸਮਰਪਿਤ
ਵਿਸ਼ੇਸ਼ ਧਾਰਮਿਕ ਸਮਾਗਮ



ਗੁਰਦੁਆਰਾ ਸਾਹਿਬ ਵੈਸਟ ਸੈਕਰਾਮੈਂਟੋ



ਆਓ, ਇਸ ਪਾਵਨ ਦਿਹਾੜੇ ਨੂੰ
ਗੁਰਬਾਣੀ, ਕੀਰਤਨ ਅਤੇ ਗੁਰੂ ਸਾਹਿਬ ਦੀਆਂ
ਅਸੀਸਾਂ ਨਾਲ ਹੋਰ ਵੀ ਯਾਦਗਾਰੀ ਬਣਾਈਏ।



8 ਨਵੰਬਰ

ਸ਼ਾਮ 5:00 ਵਜੇ
ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ

ਸ਼ਾਮ 6:00 ਤੋਂ ਰਾਤ 9:00 ਵਜੇ ਤੱਕ
ਵਿਸ਼ੇਸ਼ ਕੀਰਤਨ ਅਤੇ ਕਥਾ ਸਮਾਗਮ

ਕੀਰਤਨ ਅਤੇ ਕਥਾ ਦੀ ਹਾਜ਼ਰੀ



- ਭਾਈ ਹਰਪ੍ਰੀਤ ਸਿੰਘ ਜੀ
- ਭਾਈ ਤਵਨੀਤ ਸਿੰਘ ਜੀ
- ਭਾਈ ਗੁਰਬਚਨ ਸਿੰਘ ਜੀ
- ਗਿਆਨੀ ਅਮਰਜੀਤ ਸਿੰਘ ਜੀ (ਹੈੱਡ ਗ੍ਰੰਥੀ)

ਵਿਸ਼ੇਸ਼ ਸੇਵਾਵਾਂ

Indian Over Restaurant ਦੇ ਰੇਮੀ ਚੀਮਾ ਵੱਲੋਂ ਸੁਆਦੀ ਪਕਵਾਨਾਂ ਦੀ ਸੇਵਾ
ਵੈਲੀ ਪੀਜ਼ਾ ਦੇ ਸ਼ਾਨ ਗਿੱਲ ਵੱਲੋਂ ਪੀਜ਼ਾ ਸੇਵਾ

ਕਕਾਰਾਂ ਅਤੇ ਕੱਪੜਿਆਂ ਦੇ ਸਟਾਲ

ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਪਾਰਕਿੰਗ ਪ੍ਰਬੰਧ

ਸਮਾਗਮ ਦਾ ਸਥਾਨ

2301 Evergreen Avenue
West Sacramento, Cal. 95691

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

916-600-1435
916-600-1438

ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਪਹੁੰਚਣ ਲਈ ਨਿੱਘਾ ਸੱਦਾ।

ਪੰਜਾਬ ਮੰਡੀ ਬੋਰਡ ਨੇ ਵਰਲਡ ਯੂਨੀਅਨ ਆਫ਼ ਹੋਲਸੇਲ ਮਾਰਕੀਟਸ ਦਾ ਮੇਜਰ ਇਨੋਵੇਸ਼ਨ ਐਵਾਰਡ ਜਿੱਤ ਰਚਿਆ ਇਤਿਹਾਸ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਨੇ ਅੰਤਰਰਾਸ਼ਟਰੀ ਪੱਧਰ 'ਤੇ ਇੱਕ ਨਵਾਂ ਇਤਿਹਾਸ ਸਿਰਜਿਆ ਹੈ। ਪੰਜਾਬ ਰਾਜ ਖੇਤੀਬਾੜੀ ਮੰਡੀਕਰਨ ਬੋਰਡ ਨੇ ਚੀਨ ਦੇ ਤਿਆਨਜਿਨ ਵਿਖੇ ਆਯੋਜਿਤ ਵਰਲਡ ਯੂਨੀਅਨ ਆਫ਼ ਹੋਲਸੇਲ ਮਾਰਕਿਟਸ (ਡਬਲਿਊ. ਯੂ. ਡਬਲਿਊ. ਐਮ.) ਦੀ ਕਾਨਫਰੰਸ ਦੌਰਾਨ ਮੇਜਰ ਇਨੋਵੇਸ਼ਨ ਐਵਾਰਡ ਜਿੱਤਿਆ ਹੈ, ਜਿਸ ਨੂੰ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਪ੍ਰਾਪਤ ਕੀਤਾ ਗਿਆ। ਇਸ ਦੌਰਾਨ ਡਾ. ਜੇ. ਐਸ. ਯਾਦਵ ਐਮ.ਡੀ. ਨੈਸ਼ਨਲ ਕੌਂਸਲ ਆਫ਼ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡਜ਼ ਅਤੇ ਡਾਇਰੈਕਟਰ ਡਬਲਿਯੂ. ਯੂ. ਡਬਲਿਯੂ. ਐਮ. ਵੀ ਮੌਜੂਦ ਰਹੇ। ਇਹ ਭਾਰਤ ਦੇ ਖੇਤੀਬਾੜੀ ਮੰਡੀਕਰਨ ਖੇਤਰ ਦੇ ਇਤਿਹਾਸ ਵਿੱਚ ਇੱਕ ਮੀਲ ਪੱਥਰ ਹੈ।

ਇਹ ਭਾਰਤ ਦੇ ਖੇਤੀਬਾੜੀ ਮੰਡੀਕਰਨ ਖੇਤਰ ਲਈ ਇਤਿਹਾਸਕ ਪ੍ਰਾਪਤੀ ਹੈ, ਕਿਉਂਕਿ ਵਰਲਡ ਯੂਨੀਅਨ ਆਫ਼ ਹੋਲਸੇਲ ਮਾਰਕਿਟਸ ਦੇ ਇਤਿਹਾਸ ਵਿੱਚ ਪਹਿਲੀ ਵਾਰ ਭਾਰਤ ਦੇ ਕਿਸੇ ਬੋਰਡ ਨੂੰ ਅੰਤਰਰਾਸ਼ਟਰੀ ਸਨਮਾਨ ਪ੍ਰਾਪਤ ਹੋਇਆ ਹੈ। ਇਹ ਪ੍ਰਾਪਤੀ ਪੰਜਾਬ ਲਈ ਵਿਸ਼ਵ ਪੱਧਰ 'ਤੇ ਮਾਣ ਵਾਲੀ ਗੱਲ ਹੈ ਅਤੇ ਪੰਜਾਬ ਦੇ ਖੇਤੀਬਾੜੀ ਮੰਡੀਕਰਨ ਦੇ ਢਾਂਚੇ ਦਾ ਵਿਸ਼ਵ ਪੱਧਰੀ ਹੋਣਾ ਦਰਸ਼ਾਉਂਦੀ ਹੈ। ਇਹ ਪੁਰਸਕਾਰ ਖੇਤੀਬਾੜੀ ਥੋਕ ਮੰਡੀ ਦੇ ਵਿਕਾਸ ਵਿੱਚ ਨਵੀਆਂ ਪਹਿਲਕਦਮੀਆਂ ਲਈ ਪੰਜਾਬ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ਨੂੰ ਦਿੱਤਾ ਗਿਆ। ਪੰਜਾਬ ਦੀ ਚੋਣ ਸਮਾਰਟ, ਟਿਕਾਊ ਅਤੇ ਊਰਜਾ-ਕੁਸ਼ਲ ਥੋਕ ਮੰਡੀਆਂ 'ਤੇ ਦਿੱਤੀ ਗਈ ਪੇਸ਼ਕਾਰੀ ਲਈ ਕੀਤੀ ਗਈ, ਜਿਸ ਵਿੱਚ ਖੇਤੀਬਾੜੀ ਥੋਕ ਮੰਡੀਆਂ ਨੂੰ ਆਧੁਨਿਕ, ਵਿੱਤੀ ਤੌਰ 'ਤੇ ਲਾਭਦਾਇਕ, ਤਕਨਾਲੋਜੀ-ਸਮਰੱਥ, ਟਿਕਾਊ ਅਤੇ ਭਾਈਚਾਰਕ-ਮੁਖੀ ਜਨਤਕ ਜਾਇਦਾਦਾਂ ਵਿੱਚ ਬਦਲਣ ਦੇ ਸੂਬੇ ਦੇ ਏਕੀਕ੍ਰਿਤ ਯਤਨਾਂ ਨੂੰ ਉਜਾਗਰ ਕੀਤਾ ਗਿਆ।

ਇਸ ਪੁਰਸਕਾਰ ਲਈ ਵਿਸ਼ਵ ਦੇ ਵੱਖ-ਵੱਖ ਮਾਰਕੀਟਿੰਗ ਬੋਰਡਾਂ ਦੇ ਪ੍ਰਸਤਾਵ ਪ੍ਰਾਪਤ ਹੋਏ ਸਨ। ਅੰਤਰਰਾਸ਼ਟਰੀ ਜਿਊਰੀ ਵੱਲੋਂ ਸਾਰੇ ਪ੍ਰਸਤਾਵਾਂ ਦਾ ਬਾਰੀਕੀ ਨਾਲ ਮੁਲਾਂਕਣ ਕਰਨ ਉਪਰੰਤ ਪੰਜਾਬ ਰਾਜ ਖੇਤੀਬਾੜੀ ਮੰਡੀਕਰਨ ਬੋਰਡ ਨੂੰ ਜੇਤੂ ਚੁਣਿਆ ਗਿਆ। ਜਿਊਰੀ ਨੇ ਮੰਡੀਆਂ ਦੇ ਆਧੁਨਿਕੀਕਰਨ, ਪਾਰਦਰਸ਼ਤਾ, ਬੁਨਿਆਦੀ ਢਾਂਚੇ ਦੇ ਵਿਕਾਸ, ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਤੇ ਲੋਕਾਂ ਦੀ ਭਲਾਈ ਲਈ ਪੰਜਾਬ ਵੱਲੋਂ ਅਪਣਾਈ ਗਈ ਨਵੀਨਤਮ ਪਹੁੰਚ ਦੀ ਸ਼ਲਾਘਾ ਕੀਤੀ। ਪੰਜਾਬ ਦੀਆਂ ਪੁਰਸਕਾਰ ਜੇਤੂ ਪਹਿਲਕਦਮੀਆਂ ਇਹ ਦਰਸਾਉਂਦੀਆਂ ਹਨ ਕਿ ਥੋਕ ਮੰਡੀਆਂ ਰਵਾਇਤੀ ਖਰੀਦ-ਵੇਚ ਵਾਲੀਆਂ ਥਾਵਾਂ ਤੋਂ ਅੱਗੇ ਵਧ ਕੇ ਪੇਂਡੂ ਵਿਕਾਸ, ਤਕਨੀਕੀ ਤਰੱਕੀ, ਵਾਤਾਵਰਣਕ ਸਥਿਰਤਾ ਅਤੇ ਜਨਤਕ ਭਲਾਈ ਦੇ ਮਹੱਤਵਪੂਰਨ ਕੇਂਦਰਾਂ ਵਜੋਂ ਕਿਵੇਂ ਵਿਕਸਤ ਹੋ ਸਕਦੀਆਂ ਹਨ।



ਇਸ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੇ ਇੱਕ ਵਿਸ਼ਾਲ ਖੇਤੀਬਾੜੀ ਮੰਡੀਕਰਨ ਨੈੱਟਵਰਕ ਵਿਕਸਤ ਕੀਤਾ ਹੈ, ਜਿਸ ਵਿੱਚ 158 ਮਾਰਕਿਟ ਕਮੇਟੀਆਂ, 152 ਮੁੱਖ ਯਾਰਡ, 285 ਸਬ-ਯਾਰਡ ਅਤੇ 1,485 ਸੀਜ਼ਨਲ ਖਰੀਦ ਕੇਂਦਰ ਸ਼ਾਮਲ ਹਨ। ਬੋਰਡ ਨੇ ਇਸ ਵਿਸ਼ਾਲ ਨੈੱਟਵਰਕ ਦੇ ਆਧੁਨਿਕੀਕਰਨ ਅਤੇ ਕਿਸਾਨਾਂ, ਮੰਡੀ ਨਾਲ ਜੁੜੇ ਲੋਕਾਂ ਲਈ ਇਸ ਦੇ ਯੋਗਦਾਨ ਨੂੰ ਹੋਰ ਮਜ਼ਬੂਤ ਕਰਨ ਵੱਲ ਕੰਮ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਮੰਡੀ ਬੋਰਡ ਵੱਲੋਂ ਪੇਂਡੂ ਖੇਤਰਾਂ ਦੇ ਵਿਕਾਸ ਦੇ ਨਾਲ-ਨਾਲ ਬੋਰਡ ਦੀ ਆਮਦਨ ਵਧਾਉਣ ਵੱਲ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਮੰਡੀ ਬੋਰਡ ਨੇ ਸਾਲ 2022-23 ਤੋਂ ਹੁਣ ਤੱਕ ਥੋਕ ਮੰਡੀਆਂ ਦੀਆਂ ਖੁੱਲ੍ਹੀ ਈ-ਨਿਲਾਮੀ ਰਾਹੀਂ 1,846 ਪਲਾਟ ਵੇਚੇ ਹਨ, ਜਿਸ ਤੋਂ 746 ਕਰੋੜ ਰੁਪਏ ਦੀ ਆਮਦਨ ਹੋਈ ਹੈ। ਬੋਰਡ ਵੱਲੋਂ ਥੋਕ ਮੰਡੀਆਂ ਵਿੱਚ ਕਿਸਾਨ ਪੈਟਰੋਲ ਪੰਪ ਵੀ ਸ਼ੁਰੂ ਕੀਤੇ ਜਾ ਰਹੇ ਹਨ, ਜਿਸ ਨਾਲ ਕਿਸਾਨਾਂ ਨੂੰ ਲਾਭ ਪਹੁੰਚਾਉਣ ਦੇ ਨਾਲ-ਨਾਲ ਆਮਦਨ ਦੇ ਵਾਧੂ ਸਰੋਤ ਪੈਦਾ ਹੋ ਰਹੇ ਹਨ ਅਤੇ ਪੇਂਡੂ ਰੁਜ਼ਗਾਰ ਨੂੰ ਵੀ ਹੁਲਾਰਾ ਮਿਲੇਗਾ।

ਸ. ਬਰਸਟ ਨੇ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਨੂੰ ਆਧੁਨਿਕ ਤਕਨੀਕ ਦਾ ਲੇਸ ਕਰਦਿਆਂ ਹੋਇਆ ਮੰਡੀਆਂ ਦੇ ਪ੍ਰਵੇਸ਼ ਦੁਆਰਾਂ 'ਤੇ ਬੂਮ ਬੈਰੀਅਰ ਅਤੇ ਵੇ-ਬ੍ਰਿਜ ਲਗਾਉਣ ਨਾਲ ਪਾਰਦਰਸ਼ਤਾ ਅਤੇ ਆਮਦਨ ਦੀ ਨਿਗਰਾਨੀ ਨੂੰ ਮਜ਼ਬੂਤੀ ਮਿਲੀ ਹੈ। ਆਧਾਰ ਨਾਲ ਜੁੜੀ ਕਿਸਾਨ ਰਜਿਸਟ੍ਰੇਸ਼ਨ, ਆਨਲਾਈਨ ਜੇ-ਫਾਰਮ, ਜ਼ਮੀਨ ਦੀ ਮੈਪਿੰਗ ਅਤੇ ਕਿਊ.ਆਰ. ਕੋਡ ਵਾਲੇ ਜੇ ਫਾਰਮ ਸਮੇਤ ਡਿਜੀਟਲ ਪਹਿਲਕਦਮੀਆਂ ਨੇ ਖੇਤੀਬਾੜੀ ਮੰਡੀਕਰਨ ਵਿੱਚ ਪਾਰਦਰਸ਼ਤਾ ਅਤੇ ਕਾਰਜਕੁਸ਼ਲਤਾ ਨੂੰ ਹੋਰ ਵਧਾਇਆ ਹੈ।

ਪੰਜਾਬ ਮੰਡੀ ਬੋਰਡ ਵੱਲੋਂ ਵਿਸ਼ਾਲ ਪੇਂਡੂ ਲਿੰਕ ਸੜਕ ਨੈੱਟਵਰਕ ਦੀ ਸਾਂਭ-ਸੰਭਾਲ ਕੀਤੀ ਜਾਂਦੀ ਹੈ। 654 ਨਵੇਂ ਸ਼ੈੱਡ ਬਣਾਏ ਗਏ ਹਨ ਅਤੇ 36 ਥੋਕ ਮੰਡੀਆਂ ਵਿੱਚ ਰੂਫਟਾਪ ਸੋਲਰ ਪਲਾਂਟ ਲਗਾਏ ਗਏ ਹਨ। ਇਸ ਤੋਂ ਇਲਾਵਾ, ਸਪਲਾਈ ਚੇਨ ਨੂੰ ਮਜ਼ਬੂਤ ਕਰਨ ਅਤੇ ਜਲਦੀ ਖ਼ਰਾਬ ਹੋਣ ਵਾਲੀਆਂ ਵਸਤਾਂ ਦੀ ਕੁਸ਼ਲ ਸੰਭਾਲ ਤੇ ਸੁਰੱਖਿਆ ਲਈ ਰੇਲਵੇ ਯਾਰਡਾਂ ਦੇ ਨੇੜੇ ਗੋਦਾਮ ਅਤੇ ਕੋਲਡ ਸਟੋਰ ਬਣਾਉਣ ਦੀ ਦਿਸ਼ਾ ਵਿੱਚ ਵੀ ਕੰਮ ਕੀਤਾ ਜਾ ਰਿਹਾ ਹੈ।

ਵਾਤਾਵਰਣਕ ਸਥਿਰਤਾ ਅਤੇ ਸਫ਼ਾਈ ਪੰਜਾਬ ਦੇ ਬਦਲਾਅ ਦਾ ਇੱਕ ਹੋਰ ਮਹੱਤਵਪੂਰਨ ਪਹਿਲੂ ਹਨ। ਫਲ ਅਤੇ ਸਬਜ਼ੀ ਮੰਡੀਆਂ ਵਿੱਚ ਨਿਰਧਾਰਤ ਖੁਰਾਕ ਸਫ਼ਾਈ ਮਿਆਰਾਂ ਦੀ ਪਾਲਣਾ ਕੀਤੀ ਜਾਂਦੀ ਹੈ, ਜਦਕਿ ਸਫ਼ਾਈ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਲਈ ਮਸ਼ੀਨੀ ਸਫ਼ਾਈ ਪ੍ਰਣਾਲੀਆਂ ਸ਼ੁਰੂ ਕੀਤੀਆਂ ਗਈਆਂ ਹਨ। ਬਠਿੰਡਾ ਹੋਲਸੇਲ ਮੰਡੀ ਪੰਜਾਬ ਦੀ ਪਹਿਲੀ ਮੰਡੀ ਬਣੀ ਹੈ, ਜਿਸ ਨੂੰ ਈਟ ਰਾਈਟ ਫਰੂਟ ਐਂਡ ਵੈਜੀਟੇਬਲ ਮਾਰਕੀਟ ਦਾ ਸਰਟੀਫਿਕੇਸ਼ਨ ਪ੍ਰਾਪਤ ਹੋਇਆ ਹੈ। ਬੋਰਡ ਵੱਲੋਂ ਵੱਡੇ ਪੱਧਰ 'ਤੇ ਰੁੱਖ ਲਗਾਉਣ ਦੀ ਮੁਹਿੰਮ ਵੀ ਚਲਾਈ ਗਈ ਹੈ ਅਤੇ ਫਲਾਂ ਤੇ ਸਬਜ਼ੀਆਂ ਦੇ ਕੂੜੇ ਨੂੰ ਖਾਦ ਵਿੱਚ ਬਦਲਣ ਲਈ ਇੱਕ ਪਾਇਲਟ ਬਾਇਓ-ਵੇਸਟ ਮੈਨੇਜਮੈਂਟ ਪਲਾਂਟ ਵੀ ਸ਼ੁਰੂ ਕੀਤਾ ਗਿਆ ਹੈ। ਪੰਜਾਬ ਮੰਡੀ ਬੋਰਡ ਵੱਲੋਂ ਕਿਸਾਨਾਂ ਦੀ ਭਲਾਈ ਦੇ ਨਾਲ-ਨਾਲ ਸਿੱਖਿਆ ਅਤੇ ਖੇਤੀਬਾੜੀ ਖੋਜ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਤਹਿਤ ਦੁਰਘਟਨਾ ਮੁਆਵਜ਼ਾ, ਖੇਤੀਬਾੜੀ ਦੇ ਵਿਦਿਆਰਥੀਆਂ ਲਈ ਵਜ਼ੀਫ਼ੇ ਅਤੇ ਫ਼ਸਲਾਂ ਦੀ ਕਟਾਈ ਤੋਂ ਬਾਅਦ ਦੇ ਪ੍ਰਬੰਧਨ ਸਬੰਧੀ ਖੋਜ ਨੂੰ ਸਹਿਯੋਗ ਦਿੱਤਾ ਜਾ ਰਿਹਾ ਹੈ। ਮੰਡੀਆਂ ਦੇ ਬੁਨਿਆਦੀ ਢਾਂਚੇ ਦੀ ਵਰਤੋਂ ਆਮ ਲੋਕਾਂ ਦੀਆਂ ਸਹੂਲਤਾਂ ਲਈ ਵੀ ਕੀਤੀ ਜਾ ਰਹੀ ਹੈ।

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਇਹ ਪੰਜਾਬ ਅਤੇ ਪੂਰੇ ਦੇਸ਼ ਲਈ ਬੇਹੱਦ ਮਾਣ ਵਾਲਾ ਪਲ ਹੈ। ਮੇਜਰ ਇਨੋਵੇਸ਼ਨ ਐਵਾਰਡ ਜਿੱਤਣਾ ਅਤੇ ਡਬਲਿਊ. ਯੂ. ਡਬਲਿਊ. ਐਮ. ਦੇ ਇਤਿਹਾਸ ਵਿੱਚ ਪਹਿਲੀ ਵਾਰ ਇਹ ਅੰਤਰਰਾਸ਼ਟਰੀ ਮਾਨਤਾ ਭਾਰਤ ਦੇ ਨਾਮ ਕਰਨਾ ਇੱਕ ਸ਼ਾਨਦਾਰ ਪ੍ਰਾਪਤੀ ਹੈ। ਉਨ੍ਹਾਂ ਅੰਤਰਰਾਸ਼ਟਰੀ ਜਿਊਰੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਸਮਾਰਟ, ਟਿਕਾਊ ਅਤੇ ਊਰਜਾ-ਕੁਸ਼ਲ ਥੋਕ ਮੰਡੀਆਂ ਵਿਸ਼ੇ ਅਧੀਨ ਪੰਜਾਬ ਵੱਲੋਂ ਕੀਤੇ ਜਾ ਰਹੇ ਨਵੀਨਤਮ ਯਤਨਾਂ ਨੂੰ ਮਾਨਤਾ ਦਿੱਤੀ ਅਤੇ ਪ੍ਰਾਪਤ ਹੋਏ ਪ੍ਰਸਤਾਵਾਂ ਵਿੱਚੋਂ ਪੰਜਾਬ ਨੂੰ ਜੇਤੂ ਚੁਣਿਆ।

ਉਨ੍ਹਾਂ ਅੱਗੇ ਕਿਹਾ ਕਿ ਇਹ ਇਤਿਹਾਸਕ ਪੁਰਸਕਾਰ ਜਿੱਤਣਾ ਪੂਰੇ ਭਾਰਤ ਲਈ ਮਾਣ ਵਾਲੀ ਗੱਲ ਹੈ। ਡਬਲਿਊ. ਯੂ. ਡਬਲਿਊ. ਐਮ. ਦੇ ਇਤਿਹਾਸ ਵਿੱਚ ਪਹਿਲੀ ਵਾਰ ਭਾਰਤ ਦੇ ਕਿਸੇ ਬੋਰਡ ਨੂੰ ਇਹ ਵਿਸ਼ੇਸ਼ ਅੰਤਰਰਾਸ਼ਟਰੀ ਸਨਮਾਨ ਪ੍ਰਾਪਤ ਹੋਇਆ ਹੈ। ਪੰਜਾਬ ਦੀ ਇਹ ਸਫ਼ਲਤਾ ਦਰਸਾਉਂਦੀ ਹੈ ਕਿ ਭਾਰਤ ਦੀਆਂ ਖੇਤੀਬਾੜੀ ਥੋਕ ਮੰਡੀਆਂ ਨਵੀਨਤਾ, ਸਥਿਰਤਾ, ਊਰਜਾ ਕੁਸ਼ਲਤਾ, ਪਾਰਦਰਸ਼ਤਾ ਅਤੇ ਪੇਂਡੂ ਵਿਕਾਸ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਮਿਆਰ ਸਥਾਪਿਤ ਕਰਨ ਦੇ ਸਮਰੱਥ ਹਨ।

ਆਲ ਇਜ਼ ਵੰਨ ਫਾਊਂਡੇਸ਼ਨ ਵੱਲੋਂ ਛੇਵੀਂ ਤੋਂ ਬਾਹਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਸਟੀਕ ਵੰਡੇ









ਮਾਨਸਾ
ਸਾਂਝੀ ਸੋਚ ਬਿਊਰੋ

ਆਲ ਇਜ਼ ਵੰਨ ਫਾਊਂਡੇਸ਼ਨ ਕੈਨੇਡਾ ਵੱਲੋਂ ਗੁਰਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਬਹੁਤ ਵੱਡੇ ਪੱਧਰ ਤੇ ਉਪਰਾਲੇ ਕੀਤਾ ਜਾ ਰਹੇ ਹਨ, ਗੁਰਬਾਣੀ ਨੂੰ ਸਮਝ ਕੇ ਪੜ੍ਹਨ ਲਈ ਗੁਰੂ ਗ੍ਰੰਥ ਸਾਹਿਬ ਜੀ ਵਿੱਚੋਂ ਪੰਜ ਬਾਣੀਆਂ ਦੀ ਸਰਲ ਵਿਆਖਿਆ ਦੀਆਂ ਸਟੀਕਾਂ, ਪੰਜਾਬ ਦੇ ਗੁਰੂਘਰਾਂ, ਸਕੂਲਾਂ ਅਤੇ ਕਾਲਜਾਂ ਵਿੱਚ ਮੁਫ਼ਤ ਵੰਡੀਆਂ ਜਾ ਰਹੀਆਂ ਹਨ, ਗੁਰਬਾਣੀ ਦੇ ਸ਼ਬਦ: ਸਾਹਿਬ ਮੇਰਾ ਏਕੋ ਹੈ। ਏਕੋ ਹੈ ਭਾਈ ਏਕੋ ਹੈ। ਨੂੰ ਸਮਰਪਿਤ ਇਹ ਸੰਸਥਾ ਕਨੇਡਾ ਵਿੱਚ ਕਿਸੇ ਵੀ ਕਿਸਮ ਦੇ ਧਰਮ, ਫਿਰਕੇ, ਨਸਲ ਜਾਤ ਆਦਿ ਦੇ ਵਿਤਕਰੇ ਤੋਂ ਉੱਪਰ ਉੱਠ ਕੇ ਲੋੜਵੰਦਾਂ ਲਈ ਅੰਨ-ਪਾਣੀ ਦੇ ਲੰਗਰ ਦੀ ਸੇਵਾ ਦੇ ਨਾਲ ਨਾਲ ਗੁਰਬਾਣੀ ਵਿਚਾਰ ਦਾ ਲੰਗਰ ਵੀ ਚਲਾ ਰਹੀ ਹੈ, ਇਸ ਬਾਰੇ ਜਾਣਕਾਰੀ ਦਿੰਦਿਆ ਸੰਸਥਾ ਦੇ ਜਿਲਾ ਸੇਵਾਦਾਰ ਹਰਲਾਜ ਸਿੰਘ ਬਹਾਦਰਪੁਰ ਨੇ ਦੱਸਿਆ ਕਿ ਗੁਰਬਾਣੀ ਵਿਚਾਰ ਦੇ ਲੰਗਰ ਪ੍ਰੋਗਰਾਮ ਤਹਿਤ ਅੱਜ ਬਾਬਾ ਧਰਮ ਸਿੰਘ ਜੀ ਵੱਲੋਂ, ਹੋਲੀ ਹਾਰਟ ਸੀਨੀਅਰ ਸੈਕੰਡਰੀ ਸਕੂਲ ਕਿਸ਼ਨਗੜ੍ਹ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਸ਼ਨਗੜ੍ਹ (ਮਾਨਸਾ) ਵਿਖੇ ਛੇਵੀਂ ਤੋਂ ਬਾਹਰਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਗੁਰਬਾਣੀ ਦੀਆਂ ਸਟੀਕਾਂ ਵੰਡੀਆਂ ਗਈਆਂ ਅਤੇ ਗੁਰਬਾਣੀ ਨੂੰ ਫੋਨ ਰਾਹੀਂ ਪੜ੍ਹਨ ਸੁਣਨ ਲਈ ਸੰਸਥਾ ਦੀ ਫਰੀ ਐਪ ਅਲਲ ਾਸ ੍ਨਇ ਲ਼ਿਡਇ ਡਾਊਨਲੋਡ ਕਰਨ ਲਈ ਦੱਸਿਆ ਅਤੇ ਵਿਦਿਆਰਥੀਆਂ ਨੂੰ ਨਸ਼ੇ ਅਤੇ ਮਾੜੀ ਸੰਗਤ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਆ ਗਿਆ। ਹਰਲਾਜ ਸਿੰਘ ਨੇ ਇਹ ਵੀ ਦੱਸਿਆ ਕਿ ਸੰਸਥਾ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਗੁਰਬਾਣੀ ਵਿਚਾਰ ਨਾਲ ਜੋੜਨ ਲਈ, ਗੁਰੂ ਨਾਨਕ ਸਾਹਿਬ ਜੀ ਦੇ ਜਨਮ ਦਿਵਸ ਅਤੇ ਵਿਸਾਖੀ ਨੂੰ ਸਮਰਪਿਤ, ਸਕੂਲ, ਤਹਿਸੀਲ ਅਤੇ ਜਿਲਾ ਪੱਧਰੀ ਗੁਰਬਾਣੀ ਕੁਇੱਜ਼ ਮੁਕਾਬਲੇ ਜਨਵਰੀ 2027 ਤੱਕ ਅਤੇ ਅਧਿਆਪਕ ਵਰਗ ਦੇ ਪੰਜਾਬ ਪੱਧਰੀ ਮੁਕਾਬਲੇ ਅਪ੍ਰੈਲ ਵਿੱਚ ਕਰਵਾਏ ਜਾਣਗੇ, ਜੇਤੂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਲੱਖਾਂ ਰੁਪਏ ਦੇ ਨਕਦ ਇਨਾਮ ਦਿੱਤੇ ਜਾਣਗੇ। ਇਸ ਮੌਕੇ ਹੋਲੀ ਹਾਰਟ ਸਕੂਲ ਦੀ ਪ੍ਰਿੰਸੀਪਲ ਰਣਜੀਤ ਕੌਰ ਅਤੇ ਸਰਕਾਰੀ ਸਕੂਲ ਦੇ ਪ੍ਰਿੰਸੀਪਲ ਕਸਮੀਰ ਸਿੰਘ ਵੱਲੋਂ ਆਲ ਇਜ ਵੰਨ ਫਾਊਂਡੇਸ਼ਨ ਕੈਨੇਡਾ ਦੇ ਮੁਖੀ ਐਨ ਆਰ ਆਈ ਮਨਜੀਤ ਸਿੰਘ ਨਰਵਾਲ ਜੀ ਉਪਰਾਲੇ ਦੀ ਸਲਾਘਾ ਕਰਦਿਆਂ ਬਾਬਾ ਧਰਮ ਸਿੰਘ ਜੀ ਦਾ ਧੰਨਵਾਦ ਕੀਤਾ ਗਿਆ।

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us



CapitaL DRUG TESTING

CAPITAL DRUG TESTING

Drug and Alcohol Test

DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



Lab. Ph:(916) 680-9293

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com

ਪੰਜਵੀਂ ਓਲੰਪਿਕ ਖੇਡਣ ਦਾ ਦ੍ਰਿੜ ਨਿਸ਼ਚਾ ਕਰੀ ਬੈਠਾ ਹੈ 4 ਵਾਰ ਦਾ ਓਲੰਪੀਅਨ ਮਨਪ੍ਰੀਤ ਸਿੰਘ ਮਿੱਠਾਪੁਰ

2028 ਲਾਸ ਏਂਜਲਸ ਓਲੰਪਿਕ ਵਿੱਚ ਭਾਰਤ ਨੂੰ ਸੋਨ ਤਗਮਾ ਦਿਵਾਉਣ ਦਾ ਸੁਪਨਾ

ਭਾਰਤੀ ਹਾਕੀ ਦੇ ਇਤਿਹਾਸ ਵਿੱਚ ਨਵਾਂ ਅਧਿਆਏ ਲਿਖਣ ਦੀ ਤਿਆਰੀ



ਭਾਰਤੀ ਹਾਕੀ ਦੇ ਇਤਿਹਾਸ ਵਿੱਚ ਕੁਝ ਖਿਡਾਰੀ ਅਜਿਹੇ ਹੁੰਦੇ ਹਨ, ਜਿਹੜੇ ਆਪਣੀ ਖੇਡ, ਮਿਹਨਤ, ਲਗਨ ਅਤੇ ਸਮਰਪਣ ਨਾਲ ਇੱਕ ਵੱਖਰੀ ਪਛਾਣ ਬਣਾਉਂਦੇ ਹਨ।

ਅਜਿਹੇ ਹੀ ਖਿਡਾਰੀਆਂ ਵਿੱਚ ਸ਼ੁਮਾਰ ਹੈ ਪੰਜਾਬ ਦੀ ਧਰਤੀ ਦੇ ਜੰਮਪਲ 4 ਵਾਰ ਦੇ ਓਲੰਪੀਅਨ ਅਤੇ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਮਨਪ੍ਰੀਤ ਸਿੰਘ ਮਿੱਠਾਪੁਰ ਦਾ। 4 ਓਲੰਪਿਕ ਖੇਡਣ ਤੋਂ ਬਾਅਦ ਵੀ ਉਸ ਦੇ ਹੌਸਲੇ ਬੁਲੰਦ ਹਨ ਅਤੇ ਉਸ ਦੀਆਂ ਨਜ਼ਰਾਂ ਹੁਣ 2028 ਵਿੱਚ ਅਮਰੀਕਾ ਦੇ ਲਾਸ ਏਂਜਲਸ ਵਿਖੇ ਹੋਣ ਵਾਲੀਆਂ ਓਲੰਪਿਕ ਖੇਡਾਂ ਉੱਤੇ ਟਿਕੀਆਂ ਹੋਈਆਂ ਹਨ।

ਮਨਪ੍ਰੀਤ ਸਿੰਘ ਮਿੱਠਾਪੁਰ ਤੋਂ ਪਹਿਲਾਂ ਸਿਰਫ ਚਾਰ ਖਿਡਾਰੀ ਚਾਰ ਆਰੰਪਕਾ ਖੇਡੇ ਹਨ ਜਿਨਾਂ ਵਿੱਚ ਸਰਦਾਰ ਊਧਮ ਸਿੰਘ ਕੁਲਾਰ ਸੰਸਾਰਪੁਰ , ਲੇਜਲੀ ਕਲੋਡੀਅਸ , ਧੰਨਰਾਜ ਪਿੱਲੇ, ਗੋਲਕੀਪਰਸਰੀ ਪੀ ਆਰ ਸ਼੍ਰੀਜੇਸ਼।

ਮਨਪ੍ਰੀਤ ਸਿੰਘ ਦਾ ਸੁਪਨਾ ਸਿਰਫ਼ ਪੰਜਵੀਂ ਵਾਰ ਓਲੰਪਿਕ ਖੇਡਣ ਤੱਕ ਸੀਮਤ ਨਹੀਂ, ਸਗੋਂ ਉਹ ਭਾਰਤੀ ਹਾਕੀ ਟੀਮ ਨੂੰ ਓਲੰਪਿਕ ਸੋਨ ਤਗਮਾ ਜਿੱਤਦਾ ਦੇਖਣਾ ਚਾਹੁੰਦਾ ਹੈ। ਜੇਕਰ ਉਹ 2028 ਦੀਆਂ ਓਲੰਪਿਕ ਖੇਡਾਂ ਵਿੱਚ ਭਾਰਤੀ ਟੀਮ ਦਾ ਹਿੱਸਾ ਬਣਦਾ ਹੈ ਤਾਂ ਪੰਜ ਵਾਰ ਓਲੰਪਿਕ ਖੇਡਣ ਵਾਲਾ ਪਹਿਲਾ ਇੱਕੋ ਇੱਕ ਖਿਡਾਰੀ ਮਨਪ੍ਰੀਤ ਹੋਵੇਗਾ।

ਮਿੱਠਾਪੁਰ ਦੀਆਂ ਗਲੀਆਂ ਤੋਂ ਓਲੰਪਿਕ ਦੇ ਮੈਦਾਨ ਤੱਕ

ਜਲੰਧਰ ਜ਼ਿਲ੍ਹੇ ਦਾ ਪਿੰਡ ਮਿੱਠਾਪੁਰ ਭਾਰਤੀ ਹਾਕੀ ਦੀ ਨਰਸਰੀ ਵਜੋਂ ਜਾਣਿਆ ਜਾਂਦਾ ਹੈ। ਇਸ ਪਿੰਡ ਨੇ ਭਾਰਤੀ ਹਾਕੀ ਨੂੰ ਕਈ ਅੰਤਰਰਾਸ਼ਟਰੀ ਖਿਡਾਰੀ ਅਤੇ ਮਹਾਨ ਓਲੰਪੀਅਨ ਦਿੱਤੇ ਹਨ। ਇਸੇ ਪਿੰਡ ਦੀ ਮਿੱਟੀ ਵਿੱਚੋਂ ਉੱਠਿਆ ਮਨਪ੍ਰੀਤ ਸਿੰਘ ਬਚਪਨ ਤੋਂ ਹੀ ਹਾਕੀ ਪ੍ਰਤੀ ਸਮਰਪਿਤ ਸੀ।

26 ਜੂਨ 1992 ਨੂੰ ਜਨਮੇ ਮਨਪ੍ਰੀਤ ਨੇ ਆਪਣੀ ਮਿਹਨਤ ਅਤੇ ਖੇਡ ਪ੍ਰਤੀ ਜਨੂੰਨ ਸਦਕਾ 19 ਸਾਲ ਦੀ ਉਮਰ ਵਿੱਚ 2011 ਦੌਰਾਨ ਭਾਰਤੀ ਸੀਨੀਅਰ ਹਾਕੀ ਟੀਮ ਵਿੱਚ ਜਗ੍ਹਾ ਬਣਾਈ। ਉਸ ਨੇ ਮਿਡਫੀਲਡਰ ਵਜੋਂ ਆਪਣੀ ਖੇਡ ਦਾ ਅਜਿਹਾ ਲੋਹਾ ਮਨਵਾਇਆ ਕਿ ਜਲਦੀ ਹੀ ਉਹ ਭਾਰਤੀ ਟੀਮ ਦਾ ਅਹਿਮ ਹਿੱਸਾ ਬਣ ਗਿਆ।

ਉਸ ਦੀ ਖੇਡ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਮੈਦਾਨ ਵਿੱਚ ਤੇਜ਼ੀ ਨਾਲ ਫੈਸਲੇ ਲੈਣਾ, ਵਿਰੋਧੀ ਟੀਮ ਦੇ ਹਮਲਿਆਂ ਨੂੰ ਰੋਕਣਾ, ਸਾਥੀ ਖਿਡਾਰੀਆਂ ਨੂੰ ਗੋਲ ਕਰਨ ਦੇ ਮੌਕੇ ਬਣਾਉਣਾ ਅਤੇ ਮੁਸ਼ਕਲ ਸਮੇਂ ਟੀਮ ਨੂੰ ਸੰਭਾਲਣਾ ਹੈ।

4 ਓਲੰਪਿਕ ਖੇਡਾਂ ਅਤੇ 2 ਇਤਿਹਾਸਕ ਕਾਂਸੀ ਦੇ ਤਗਮੇ

ਮਨਪ੍ਰੀਤ ਸਿੰਘ ਨੇ ਆਪਣੀ ਖੇਡ ਜ਼ਿੰਦਗੀ ਵਿੱਚ ਹੁਣ ਤੱਕ ਚਾਰ ਓਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ ਹੈ।

1. ਲੰਡਨ ਓਲੰਪਿਕ 2012।
2. ਰੀਓ ਡੀ ਜਨੇਰੀਓ ਓਲੰਪਿਕ 2016।
3. ਟੋਕੀਓ ਓਲੰਪਿਕ 2020।
4. ਪੈਰਿਸ ਓਲੰਪਿਕ 2024।

ਟੋਕੀਓ ਓਲੰਪਿਕ 2020 ਮਨਪ੍ਰੀਤ ਦੀ ਜ਼ਿੰਦਗੀ ਦਾ ਸਭ ਤੋਂ ਯਾਦਗਾਰੀ ਪੜਾਅ ਬਣਿਆ, ਜਦੋਂ ਉਸ ਦੀ ਕਪਤਾਨੀ ਹੇਠ ਭਾਰਤੀ ਹਾਕੀ ਟੀਮ ਨੇ 41 ਸਾਲਾਂ ਬਾਅਦ ਓਲੰਪਿਕ ਤਗਮਾ ਜਿੱਤਣ ਦਾ ਮਾਣ ਹਾਸਲ ਕੀਤਾ। ਭਾਰਤ ਨੇ ਜਰਮਨੀ ਨੂੰ 5-4 ਨਾਲ ਹਰਾ ਕੇ ਕਾਂਸੀ ਦਾ ਤਗਮਾ ਜਿੱਤਿਆ।

ਇਸ ਇਤਿਹਾਸਕ ਜਿੱਤ ਨਾਲ ਭਾਰਤੀ ਹਾਕੀ ਨੇ ਵਿਸ਼ਵ ਪੱਧਰ ਉੱਤੇ ਮੁੜ ਆਪਣੀ ਪਛਾਣ ਮਜ਼ਬੂਤ ਕੀਤੀ।

ਇਸ ਤੋਂ ਬਾਅਦ ਪੈਰਿਸ ਓਲੰਪਿਕ 2024 ਵਿੱਚ ਵੀ ਭਾਰਤੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਗਮਾ ਜਿੱਤਿਆ। ਇਸ ਤਰ੍ਹਾਂ ਮਨਪ੍ਰੀਤ ਲਗਾਤਾਰ ਦੋ ਓਲੰਪਿਕ ਖੇਡਾਂ ਵਿੱਚ ਤਗਮਾ ਜਿੱਤਣ ਵਾਲੀ ਭਾਰਤੀ ਟੀਮ ਦਾ ਅਹਿਮ ਹਿੱਸਾ ਰਿਹਾ।

ਟੋਕੀਓ ਓਲੰਪਿਕ ਵਿੱਚ ਭਾਰਤੀ ਦਲ ਦਾ ਝੰਡਾਬਰਦਾਰ

ਬਣਨ ਦਾ ਮਾਣ ਵੀ ਮਨਪ੍ਰੀਤ ਨੂੰ ਮਿਲਿਆ, ਜੋ ਉਸ ਦੀ ਖੇਡ ਜ਼ਿੰਦਗੀ ਦਾ ਇੱਕ ਹੋਰ ਵੱਡਾ ਸਨਮਾਨ ਸੀ।

ਏਸ਼ਿਆਈ ਖੇਡਾਂ ਵਿੱਚ 2 ਸੋਨ ਤਗਮੇ

ਮਨਪ੍ਰੀਤ ਸਿੰਘ ਦੀਆਂ ਪ੍ਰਾਪਤੀਆਂ ਸਿਰਫ਼ ਓਲੰਪਿਕ ਤੱਕ ਹੀ ਸੀਮਤ ਨਹੀਂ ਹਨ। ਉਸ ਨੇ ਏਸ਼ਿਆਈ ਖੇਡਾਂ ਵਿੱਚ ਵੀ ਭਾਰਤ ਦਾ ਨਾਂ ਉੱਚਾ ਕੀਤਾ ਹੈ।

2014 ਦੀਆਂ ਇੰਚੀਓਨ ਏਸ਼ਿਆਈ ਖੇਡਾਂ ਵਿੱਚ ਭਾਰਤ ਨੇ ਸੋਨ ਤਗਮਾ ਜਿੱਤਿਆ। ਇਸ ਤੋਂ ਬਾਅਦ 2018 ਦੀਆਂ ਜਕਾਰਤਾ ਏਸ਼ਿਆਈ ਖੇਡਾਂ ਵਿੱਚ ਕਾਂਸੀ ਦਾ ਤਗਮਾ ਅਤੇ 2022 ਅਤੇ 2026 ਦੀਆਂ ਏਸ਼ੀਅਨ ਖੇਡਾਂ ਵਿੱਚ ਮੁੜ ਸੋਨ ਤਗਮਾ ਜਿੱਤਿਆ।

ਏਸ਼ਿਆਈ ਚੈਂਪੀਅਨਜ਼ ਟਰਾਫੀ ਵਿੱਚ ਵੀ ਉਸ ਨੇ ਭਾਰਤ ਦੀਆਂ ਕਈ ਜਿੱਤਾਂ ਵਿੱਚ ਅਹਿਮ ਭੂਮਿਕਾ ਨਿਭਾਈ। 2013, 2018, 2023 ਅਤੇ 2024 ਵਿੱਚ ਭਾਰਤ ਦੀਆਂ ਖਿਤਾਬੀ ਜਿੱਤਾਂ ਉਸ ਦੇ ਕਰੀਅਰ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਹਨ।

2014 ਅਤੇ 2022 ਦੀਆਂ ਰਾਸ਼ਟਰਮੰਡਲ ਖੇਡਾਂ ਵਿੱਚ ਭਾਰਤ ਵੱਲੋਂ ਚਾਂਦੀ ਦੇ ਤਗਮੇ ਜਿੱਤਣ ਵਾਲੀ ਟੀਮ ਵਿੱਚ ਵੀ ਮਨਪ੍ਰੀਤ ਸ਼ਾਮਲ ਰਿਹਾ।

ਅੰਤਰਰਾਸ਼ਟਰੀ ਹਾਕੀ ਵਿੱਚ ਨਵਾਂ ਰਿਕਾਰਡ

ਮਨਪ੍ਰੀਤ ਦੀ ਸਭ ਤੋਂ ਵੱਡੀ ਪ੍ਰਾਪਤੀ ਉਸ ਦੀ ਲੰਬੀ ਖੇਡ ਉਮਰ ਅਤੇ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਹੈ।

17 ਜੂਨ 2026 ਨੂੰ ਹਾਕੀ ਇੰਡੀਆ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਮਨਪ੍ਰੀਤ ਸਿੰਘ 413 ਅੰਤਰਰਾਸ਼ਟਰੀ ਮੈਚ ਖੇਡ ਕੇ ਭਾਰਤੀ ਪੁਰਸ਼ ਹਾਕੀ ਵਿੱਚ ਸਭ ਤੋਂ ਵੱਧ ਕੌਮਾਂਤਰੀ ਮੈਚ ਖੇਡਣ ਵਾਲਾ ਖਿਡਾਰੀ ਬਣ ਗਿਆ। ਉਸ ਨੇ ਸਾਬਕਾ ਕਪਤਾਨ ਦਿਲੀਪ ਟਿਰਕੀ ਦੇ 412 ਮੈਚਾਂ ਦੇ ਰਿਕਾਰਡ ਨੂੰ ਪਿੱਛੇ ਛੱਡਿਆ।

ਇਹ ਪ੍ਰਾਪਤੀ ਉਸ ਦੀ ਫਿਟਨੈੱਸ, ਅਨੁਸ਼ਾਸਨ, ਖੇਡ ਪ੍ਰਤੀ ਸਮਰਪਣ ਅਤੇ ਲੰਬੇ ਸਮੇਂ ਤੱਕ ਉੱਚ ਪੱਧਰੀ ਪ੍ਰਦਰਸ਼ਨ ਕਰਨ ਦੀ ਸਮਰੱਥਾ ਦਾ ਸਬੂਤ ਹੈ।

ਖੇਡ ਜਗਤ ਦੇ ਵੱਕਾਰੀ ਐਵਾਰਡਾਂ ਨਾਲ ਸਨਮਾਨਿਤ

ਭਾਰਤੀ ਹਾਕੀ ਵਿੱਚ ਪਾਏ ਯੋਗਦਾਨ ਲਈ ਮਨਪ੍ਰੀਤ ਸਿੰਘ ਨੂੰ ਕਈ ਵੱਕਾਰੀ ਸਨਮਾਨ ਮਿਲੇ ਹਨ।

- 2014 ਅਤੇ 2021 ਵਿੱਚ ਹਾਕੀ ਇੰਡੀਆ ਦਾ ਮਿਡਫੀਲਡਰ ਆਫ ਦਿ ਈਅਰ ਐਵਾਰਡ।
- 2018 ਵਿੱਚ ਭਾਰਤ ਸਰਕਾਰ ਵੱਲੋਂ ਅਰਜੁਨ ਐਵਾਰਡ।
- 2019 ਵਿੱਚ ਐਫਆਈਐਚ ਪਲੇਅਰ ਆਫ ਦਿ ਈਅਰ ਐਵਾਰਡ।
- 2019 ਵਿੱਚ ਹਾਕੀ ਇੰਡੀਆ ਦਾ ਬਲਬੀਰ ਸਿੰਘ ਸੀਨੀਅਰ ਪਲੇਅਰ ਆਫ ਦਿ ਈਅਰ ਐਵਾਰਡ।
- 2021 ਵਿੱਚ ਦੇਸ਼ ਦਾ ਵੱਕਾਰੀ ਮੇਜਰ ਧਿਆਨ ਚੰਦ



ਖੇਲ ਰਤਨ ਐਵਾਰਡ।

ਇਹ ਸਨਮਾਨ ਉਸ ਦੀ ਖੇਡ ਪ੍ਰਤਿਭਾ ਅਤੇ ਭਾਰਤੀ ਹਾਕੀ ਵਿੱਚ ਪਾਏ ਯੋਗਦਾਨ ਦੀ ਗਵਾਹੀ ਭਰਦੇ ਹਨ।

ਪੰਜਾਬ ਪੁਲਿਸ ਵਿੱਚ ਐਸ.ਪੀ. ਪਰ ਦਿਲ ਵਿੱਚ ਹਾਕੀ ਦਾ ਜਨੂੰਨ

ਮਨਪ੍ਰੀਤ ਸਿੰਘ ਪੰਜਾਬ ਪੁਲਿਸ ਵਿੱਚ ਐਸ.ਪੀ. ਦੇ ਅਹੁਦੇ ਉੱਤੇ ਸੇਵਾਵਾਂ ਨਿਭਾ ਰਿਹਾ ਹੈ। ਇੱਕ ਜ਼ਿੰਮੇਵਾਰ ਪੁਲਿਸ ਅਧਿਕਾਰੀ ਵਜੋਂ ਆਪਣੀ ਡਿਊਟੀ ਨਿਭਾਉਣ ਦੇ ਨਾਲ-ਨਾਲ ਹਾਕੀ ਉਸ ਦੇ ਜੀਵਨ ਦਾ ਅਟੁੱਟ ਹਿੱਸਾ ਬਣੀ ਹੋਈ ਹੈ।

ਉਸ ਲਈ ਹਾਕੀ ਸਿਰਫ਼ ਇੱਕ ਖੇਡ ਨਹੀਂ, ਸਗੋਂ ਦੇਸ਼ ਦੀ ਨੁਮਾਇੰਦਗੀ ਕਰਨ ਦਾ ਮਾਣ ਅਤੇ ਪੰਜਾਬ ਦੀ ਖੇਡ ਵਿਰਾਸਤ ਨੂੰ ਅੱਗੇ ਵਧਾਉਣ ਦਾ ਜ਼ਰੀਆ ਹੈ।

ਉਮਰ ਦੇ ਇੱਕ ਅਹਿਮ ਪੜਾਅ ਉੱਤੇ ਪਹੁੰਚਣ ਦੇ ਬਾਵਜੂਦ ਉਸ ਦਾ ਪੰਜਵੀਂ ਓਲੰਪਿਕ ਖੇਡਣ ਦਾ ਸੁਪਨਾ ਇਹ ਦਰਸਾਉਂਦਾ ਹੈ ਕਿ ਅਸਲ ਖਿਡਾਰੀ ਕਦੇ ਵੀ ਆਪਣੇ ਟੀਚੇ ਤੋਂ ਪਿੱਛੇ ਨਹੀਂ ਹਟਦਾ।

2028 ਲਾਸ ਏਂਜਲਸ ਓਲੰਪਿਕ - ਨਵਾਂ ਇਤਿਹਾਸ ਸਿਰਜਣ ਦੀ ਉਮੀਦ

ਹੁਣ ਮਨਪ੍ਰੀਤ ਸਿੰਘ ਦੀਆਂ ਨਜ਼ਰਾਂ 2028 ਦੀਆਂ ਲਾਸ ਏਂਜਲਸ ਓਲੰਪਿਕ ਖੇਡਾਂ ਉੱਤੇ ਹਨ। ਜੇਕਰ ਉਹ ਆਪਣੀ ਫਿਟਨੈੱਸ, ਖੇਡ ਪ੍ਰਦਰਸ਼ਨ ਅਤੇ ਚੋਣ ਦੇ ਮਾਪਦੰਡਾਂ ਉੱਤੇ ਖਰਾ ਉਤਰਦਾ ਹੈ ਤਾਂ ਪੰਜਵੀਂ ਵਾਰ ਓਲੰਪਿਕ ਖੇਡਣ ਦਾ ਉਸ ਦਾ ਸੁਪਨਾ ਸਾਕਾਰ ਹੋ ਸਕਦਾ ਹੈ।

ਉਸ ਦੀ ਸਭ ਤੋਂ ਵੱਡੀ ਇੱਛਾ ਭਾਰਤ ਨੂੰ ਓਲੰਪਿਕ ਸੋਨ ਤਗਮਾ ਦਿਵਾਉਣ ਦੀ ਹੈ। ਭਾਰਤ ਨੇ ਆਖਰੀ ਵਾਰ 1980 ਦੀਆਂ ਮਾਸਕੋ ਓਲੰਪਿਕ ਖੇਡਾਂ ਵਿੱਚ ਹਾਕੀ ਦਾ ਸੋਨ ਤਗਮਾ ਜਿੱਤਿਆ ਸੀ। ਉਸ ਤੋਂ ਬਾਅਦ ਦੇਸ਼ ਨੂੰ ਮੁੜ ਇਸ ਇਤਿਹਾਸਕ ਪਲ ਦੀ ਉਡੀਕ ਹੈ।

ਮਨਪ੍ਰੀਤ ਵਰਗੇ ਤਜਰਬੇਕਾਰ ਖਿਡਾਰੀ ਦੀ ਮੌਜੂਦਗੀ ਭਾਰਤੀ ਟੀਮ ਲਈ ਵੱਡੀ ਤਾਕਤ ਸਾਬਤ ਹੋ ਸਕਦੀ ਹੈ। ਉਸ ਦੇ ਤਜਰਬੇ ਤੋਂ ਨੌਜਵਾਨ ਖਿਡਾਰੀਆਂ ਨੂੰ ਵੀ ਬਹੁਤ ਕੁਝ ਸਿੱਖਣ ਦਾ ਮੌਕਾ ਮਿਲ ਸਕਦਾ ਹੈ।

ਧਿਆਨ ਚੰਦ ਵਾਂਗ ਸਦੀਆਂ ਤੱਕ ਯਾਦ ਰਹਿਣ ਦੀ ਇੱਛਾ

ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਨੇ ਆਪਣੀ ਖੇਡ ਨਾਲ ਵਿਸ਼ਵ ਹਾਕੀ ਵਿੱਚ ਭਾਰਤ ਦਾ ਨਾਂ ਸੁਨਹਿਰੀ ਅੱਖਰਾਂ ਵਿੱਚ ਦਰਜ ਕਰਵਾਇਆ ਸੀ। ਮਨਪ੍ਰੀਤ ਸਿੰਘ ਵੀ ਆਪਣੀਆਂ ਪ੍ਰਾਪਤੀਆਂ ਅਤੇ ਭਵਿੱਖ ਦੇ ਟੀਚਿਆਂ ਰਾਹੀਂ ਭਾਰਤੀ ਹਾਕੀ ਦੇ ਇਤਿਹਾਸ ਵਿੱਚ ਇੱਕ ਅਜਿਹੀ ਪਛਾਣ ਬਣਾਉਣਾ ਚਾਹੁੰਦਾ ਹੈ, ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਯਾਦ ਰੱਖਣ।

4 ਓਲੰਪਿਕ, 2 ਓਲੰਪਿਕ ਕਾਂਸੀ ਦੇ ਤਗਮੇ, 3 ਏਸ਼ਿਆਈ ਖੇਡਾਂ ਦੇ ਸੋਨ ਤਗਮੇ, ਕਈ ਕੌਮਾਂਤਰੀ ਖਿਤਾਬ ਅਤੇ 413 ਅੰਤਰਰਾਸ਼ਟਰੀ ਮੈਚਾਂ ਦਾ ਰਿਕਾਰਡ ਉਸ ਦੀ ਸ਼ਾਨਦਾਰ ਖੇਡ ਯਾਤਰਾ ਦਾ ਹਿੱਸਾ ਹਨ।

ਮਨਪ੍ਰੀਤ ਸਿੰਘ ਮਿੱਠਾਪੁਰ ਦੀ ਕਹਾਣੀ ਸਿਰਫ਼ ਇੱਕ ਹਾਕੀ ਖਿਡਾਰੀ ਦੀ ਕਹਾਣੀ ਨਹੀਂ, ਸਗੋਂ ਸੰਘਰਸ਼, ਅਨੁਸ਼ਾਸਨ, ਹਿੰਮਤ ਅਤੇ ਕਦੇ ਨਾ ਮੁੱਕਣ ਵਾਲੇ ਜਜ਼ਬੇ ਦੀ ਕਹਾਣੀ ਹੈ।

ਜੇਕਰ 2028 ਵਿੱਚ ਉਹ ਪੰਜਵੀਂ ਵਾਰ ਓਲੰਪਿਕ ਦੇ ਮੈਦਾਨ ਵਿੱਚ ਉਤਰਦਾ ਹੈ ਅਤੇ ਭਾਰਤ ਨੂੰ ਸੋਨ ਤਗਮਾ ਜਿੱਤਾਉਣ ਵਿੱਚ ਸਫਲ ਹੁੰਦਾ ਹੈ ਤਾਂ ਇਹ ਉਸ ਦੇ ਨਿੱਜੀ ਕਰੀਅਰ ਦੇ ਨਾਲ-ਨਾਲ ਭਾਰਤੀ ਹਾਕੀ ਲਈ ਵੀ ਇੱਕ ਇਤਿਹਾਸਕ ਪ੍ਰਾਪਤੀ ਹੋਵੇਗੀ।

ਮਿੱਠਾਪੁਰ ਦਾ ਇਹ ਪੁੱਤ ਅਜੇ ਰੁਕਣ ਲਈ ਤਿਆਰ ਨਹੀਂ। ਉਸ ਦੀ ਮੰਜ਼ਿਲ ਅਜੇ ਦੂਰ ਹੈ, ਨਿਸ਼ਚਾ ਦ੍ਰਿੜ ਹੈ ਅਤੇ ਉਸ ਦੀਆਂ ਨਜ਼ਰਾਂ ਭਾਰਤੀ ਹਾਕੀ ਦੇ ਸੁਨਹਿਰੀ ਭਵਿੱਖ ਉੱਤੇ ਟਿਕੀਆਂ ਹੋਈਆਂ ਹਨ।



ਸਥਾਨਕ ਸਰਕਾਰਾਂ ਵਿੱਚੋਂ ਗਾਇਬ ਕੀਤੀਆਂ ਪਿੰਡ ਪੰਚਾਇਤਾਂ ਅਧਿਕਾਰਾਂ ਤੋਂ ਲਾਮਿਸਾਲ ਹਾਸ਼ੀਏ ਵੱਲ

ਭਾਰਤੀ ਲੋਕਤੰਤਰ ਦੀ ਸਭ ਤੋਂ ਮਜ਼ਬੂਤ, ਸੰਵਿਧਾਨਕ ਅਤੇ ਬੁਨਿਆਦੀ ਇਕਾਈ 'ਗ੍ਰਾਮ ਪੰਚਾਇਤ' ਨੂੰ ਮੰਨਿਆ ਗਿਆ ਹੈ। ਮਹਾਤਮਾ ਗਾਂਧੀ ਦੇ 'ਗ੍ਰਾਮ ਸਵਰਾਜ' ਦੇ ਸੁਪਨੇ ਨੂੰ ਸਾਕਾਰ ਕਰਨ ਅਤੇ ਪਿੰਡਾਂ ਨੂੰ ਪ੍ਰਸ਼ਾਸਨਿਕ ਤੌਰ 'ਤੇ ਖ਼ੁਦਮੁਖਤਿਆਰ ਬਣਾਉਣ ਲਈ ਕੇਂਦਰ ਸਰਕਾਰ ਵੱਲੋਂ 73ਵੀਂ ਸੰਵਿਧਾਨਕ ਸੋਧ (1992) ਕੀਤੀ ਗਈ ਸੀ।

ਇਸ ਇਤਿਹਾਸਕ ਸੋਧ ਰਾਹੀਂ ਭਾਰਤੀ ਸੰਵਿਧਾਨ ਵਿੱਚ ਭਾਗ 9 ਅਤੇ 11ਵੀਂ ਅਨੁਸੂਚੀ ਜੋੜ ਕੇ ਗ੍ਰਾਮ ਪੰਚਾਇਤਾਂ ਨੂੰ 29 ਅਹਿਮ ਵਿਸ਼ੇ ਸੌਂਪੇ ਗਏ ਸਨ।

ਇਸੇ ਲੜੀ ਤਹਿਤ ਪੰਜਾਬ ਵਿੱਚ 'ਪੰਜਾਬ ਪੰਚਾਇਤੀ ਰਾਜ ਐਕਟ, 1994' ਪਾਸ ਕੀਤਾ ਗਿਆ ਤਾਂ ਜੋ ਗ੍ਰਾਮ ਸਭਾ ਅਤੇ ਗ੍ਰਾਮ ਪੰਚਾਇਤਾਂ ਨੂੰ ਵਿੱਤੀ, ਨਿਆਇਕ ਅਤੇ ਪ੍ਰਸ਼ਾਸਨਿਕ ਤੌਰ 'ਤੇ ਪੂਰੀ ਤਰ੍ਹਾਂ ਆਤਮ-ਨਿਰਭਰ ਬਣਾਇਆ ਜਾ ਸਕੇ।

ਕਦੇ ਸਮਾਂ ਅਜਿਹਾ ਵੀ ਸੀ ਜਦੋਂ ਪੰਚਾਇਤਾਂ ਕੋਲ ਨਿਆਇਕ (ਜੁਡੀਸ਼ੀਅਲ) ਤਾਕਤਾਂ ਹੁੰਦੀਆਂ ਸਨ ਅਤੇ ਪਿੰਡ ਦੇ ਛੋਟੇ-ਮੋਟੇ ਦੀਵਾਨੀ ਤੇ ਫ਼ੌਜਦਾਰੀ ਮਸਲੇ ਪੰਚਾਇਤ ਘਰ ਵਿੱਚ ਹੀ ਸੁਲਝਾ ਲਏ ਜਾਂਦੇ ਸਨ। ਪਰ ਅੱਜ ਵੱਖ-ਵੱਖ ਤਜਰਬਿਆਂ ਅਤੇ ਨਵੇਂ-ਨਿੱਤ ਕਾਨੂੰਨਾਂ ਦੇ ਦਾਅਵਿਆਂ ਦੇ ਬਾਵਜੂਦ, ਜ਼ਮੀਨੀ ਪੱਧਰ 'ਤੇ ਪੰਚਾਇਤਾਂ ਦਾ ਵਜੂਦ ਅਤੇ 'ਪੰਚਾਇਤ' ਸ਼ਬਦ ਦਾ ਅਸਲ ਅਰਥ ਹੀ ਗਾਇਬ ਹੁੰਦਾ ਜਾ ਰਿਹਾ ਹੈ। ਪੰਚਾਇਤੀ ਰਾਜ ਪ੍ਰਣਾਲੀ ਅੱਜ ਅਧਿਕਾਰਾਂ ਦੇ ਕੇਂਦਰੀਕਰਨ ਅਤੇ ਪ੍ਰਸ਼ਾਸਨਿਕ ਦਬਾਅ ਹੇਠ ਲਾਮਿਸਾਲ ਹਾਸ਼ੀਏ ਵੱਲ ਧੱਕੀ ਜਾ ਚੁੱਕੀ ਹੈ।

ਪੰਚਾਇਤਾਂ ਨੂੰ ਅਪਾਹਜ ਅਤੇ ਬੇਵਸ ਬਣਾਉਣ ਵਿੱਚ ਅਫ਼ਸਰਸ਼ਾਹੀ, ਬਾਬੂਸ਼ਾਹੀ ਅਤੇ ਸਿਆਸਤਦਾਨਾਂ ਦੇ ਗਠਜੋੜ ਨੇ ਸਭ ਤੋਂ ਵੱਡਾ ਤੇ ਨਾਂਹ-ਪੱਖੀ ਰੋਲ ਅਦਾ ਕੀਤਾ ਹੈ। ਪੰਚਾਇਤ ਸਕੱਤਰ (ਸੈਕਟਰੀ), ਗ੍ਰਾਮ ਸੇਵਕ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ (ਬੀ.ਡੀ.ਪੀ.ਓ.), ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ (ਡੀ.ਡੀ.ਪੀ.ਓ.), ਜ਼ਿਲ੍ਹਾ ਪ੍ਰਸ਼ਾਸਨ ਤੋਂ ਲੈ ਕੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਹਲਕਾ ਇੰਚਾਰਜਾਂ, ਵਿਧਾਇਕਾਂ ਅਤੇ ਮੰਤਰੀਆਂ ਨੇ ਅਜਿਹਾ ਸ਼ਿਕੰਜਾ ਕੱਸਿਆ ਹੋਇਆ ਹੈ ਕਿ ਚੁਣੇ ਹੋਏ ਨੁਮਾਇੰਦਿਆਂ ਦੇ ਸੰਵਿਧਾਨਕ ਅਧਿਕਾਰ ਬਿਲਕੁਲ ਖੋਹ ਲਏ ਗਏ ਹਨ। ਪੰਚਾਇਤਾਂ ਨੂੰ ਮਿਲਣ ਵਾਲੀਆਂ ਕੇਂਦਰੀ ਜਾਂ ਸੂਬਾਈ ਗ੍ਰਾਂਟਾਂ ਨੂੰ ਜਾਰੀ ਕਰਨ ਵੇਲੇ ਅਫ਼ਸਰਸ਼ਾਹੀ ਅਤੇ ਸਿਆਸਤਦਾਨ ਅਜਿਹਾ ਰਵੱਈਆ ਅਪਣਾਉਂਦੇ ਹਨ ਜਿਵੇਂ ਪੰਚਾਇਤ ਉੱਤੇ ਕੋਈ ਵੱਡਾ ਅਹਿਸਾਨ ਕਰ ਰਹੇ ਹੋਣ। ਚੁਣੇ ਹੋਏ ਪੰਚਾਂ-ਸਰਪੰਚਾਂ ਨੂੰ ਆਪਣੇ ਹੀ ਪਿੰਡਾਂ ਦੇ ਵਿਕਾਸ ਕਾਰਜਾਂ ਦੀਆਂ ਗ੍ਰਾਂਟਾਂ ਪਾਸ ਕਰਵਾਉਣ ਲਈ ਅਫ਼ਸਰਾਂ ਦੇ ਦਫ਼ਤਰਾਂ ਦੇ ਚੱਕਰ ਕੱਢਣੇ ਪੈਂਦੇ ਹਨ।

ਇਸ ਤੋਂ ਵੀ ਵੱਡੀ ਤ੍ਰਾਸਦੀ ਇਹ ਹੈ ਕਿ ਅੱਜ ਗ੍ਰਾਂਟਾਂ ਦੀ ਵੰਡ ਲੋੜ ਜਾਂ ਵਾਜਬੀਅਤ ਦੇ ਆਧਾਰ 'ਤੇ ਨਹੀਂ, ਸਗੋਂ ਸਿਆਸੀ ਵਫ਼ਾਦਾਰੀ ਦੇ ਆਧਾਰ 'ਤੇ ਕੀਤੀ ਜਾਂਦੀ ਹੈ। ਜਿਸ ਪਿੰਡ ਵਿੱਚ ਕਿਸੇ ਸੱਤਾਧਾਰੀ ਸਿਆਸੀ ਧਿਰ ਦੀ ਚੱਲਦੀ ਹੈ ਜਾਂ ਜਿੱਥੋਂ ਉਨ੍ਹਾਂ ਨੂੰ ਚੋਣਾਂ ਵਿੱਚ ਵੱਧ ਵੋਟਾਂ ਮਿਲੀਆਂ ਹੁੰਦੀਆਂ ਹਨ, ਉੱਥੇ ਤਾਂ ਗ੍ਰਾਂਟਾਂ ਦੇ ਗੱਫੇ ਵਰਤਾਏ ਜਾਂਦੇ ਹਨ। ਪਰ ਜਿਸ ਪਿੰਡ ਵਿੱਚ ਵਿਰੋਧੀ ਧਿਰ ਨਾਲ ਸਬੰਧਤ ਨੁਮਾਇੰਦੇ ਚੁਣੇ ਗਏ ਹੋਣ ਜਾਂ ਜਿੱਥੇ ਸੱਚਮੁੱਚ ਵਿਕਾਸ ਫੰਡਾਂ ਦੀ ਸਭ ਤੋਂ ਵੱਧ ਜ਼ਰੂਰਤ ਹੁੰਦੀ ਹੈ, ਉੱਥੇ ਸਿਆਸੀ ਬਦਲਾਖੋਰੀ ਅਤੇ ਪੱਖਪਾਤ ਤਹਿਤ ਇੱਕ ਧੇਲਾ ਵੀ ਜਾਰੀ ਨਹੀਂ ਕੀਤਾ ਜਾਂਦਾ। ਇਹ ਸਿਆਸੀ ਖੇਡ ਪਿੰਡਾਂ ਦੇ ਸੁਚੱਜੇ, ਨਿਰਪੱਖ ਅਤੇ ਸੰਤੁਲਿਤ ਵਿਕਾਸ ਦੇ ਰਾਹ ਵਿੱਚ ਸਭ ਤੋਂ ਵੱਡਾ ਰੋੜਾ ਬਣ ਚੁੱਕੀ ਹੈ।

ਇਸ ਦੇ ਨਾਲ ਹੀ, ਸਾਡੇ ਸਿਸਟਮ ਵਿੱਚ ਪਿੰਡ ਦੇ ਵਿਕਾਸ ਦੀ ਪਰਿਭਾਸ਼ਾ ਨੂੰ ਵੀ ਬਹੁਤ ਸੀਮਤ ਅਤੇ ਸੰਕੋਚਵਾਂ ਕਰ ਦਿੱਤਾ ਗਿਆ ਹੈ। ਪਿੰਡ ਦਾ ਸਰਬਪੱਖੀ ਵਿਕਾਸ ਸਿਰਫ਼ ਇੱਟਾਂ-ਸੀਮੈਂਟ ਦੀਆਂ ਗਲੀਆਂ-ਨਾਲੀਆਂ ਪੱਕੀਆਂ ਕਰਨ ਜਾਂ ਮਾੜੀ-ਮੋਟੀ ਸੜਕ ਦੀ ਮੁਰੰਮਤ ਕਰਵਾ ਦੇਣ ਨਾਲ ਪੂਰਾ ਨਹੀਂ ਹੁੰਦਾ। ਅਸਲ ਵਿੱਚ ਪਿੰਡਾਂ ਨੂੰ ਇੱਕ ਵਿਆਪਕ ਅਤੇ ਸਰਬਪੱਖੀ ਵਿਕਾਸ ਮਾਡਲ ਦੀ ਲੋੜ ਹੈ, ਜਿਸ ਵਿੱਚ ਗੁਣਵੱਤਾ ਭਰਪੂਰ ਪ੍ਰਾਇਮਰੀ ਤੇ ਮਾਧਮਿਕ ਸਿੱਖਿਆ, ਬਿਹਤਰ ਸਿਹਤ ਸਹੂਲਤਾਂ, ਸਾਫ਼ ਪੀਣ ਵਾਲਾ ਪਾਣੀ, ਵਾਤਾਵਰਨ ਦੀ ਸੰਭਾਲ, ਛੱਪੜਾਂ ਦਾ ਨਵੀਨੀਕਰਨ ਅਤੇ ਸਥਾਨਕ ਪੱਧਰ 'ਤੇ ਰੁਜ਼ਗਾਰ ਦੇ ਵਸੀਲੇ ਸ਼ਾਮਲ ਹਨ। ਇਸ ਦਾ ਪੂਰਾ ਢਾਂਚਾ ਅਤੇ ਮਾਸਟਰ ਪਲਾਨ ਪਿੰਡ ਦੀ ਪੰਚਾਇਤ ਨੂੰ ਖ਼ੁਦ ਤਿਆਰ ਕਰਨਾ ਚਾਹੀਦਾ ਹੈ। ਪਰ ਸਾਡੇ ਪ੍ਰਸ਼ਾਸਨਿਕ ਢਾਂਚੇ ਵਿੱਚ ਸਭ ਕੁਝ ਉਲਟ ਹੈ; ਕੇਂਦਰ ਜਾਂ ਰਾਜ ਸਰਕਾਰਾਂ ਉੱਪਰੋਂ ਫ਼ੈਸਲੇ ਲੈਂਦੀਆਂ ਹਨ ਅਤੇ ਉਨ੍ਹਾਂ ਨੂੰ ਜ਼ਬਰਦਸਤੀ ਪਿੰਡਾਂ 'ਤੇ ਥੋਪਣ ਦਾ ਯਤਨ ਕੀਤਾ ਜਾਂਦਾ ਹੈ, ਜਿਸ ਨਾਲ ਪਿੰਡ ਦੀਆਂ ਅਸਲ ਲੋੜਾਂ ਅਣਗੌਲੀਆਂ ਰਹਿ ਜਾਂਦੀਆਂ ਹਨ।

ਜੇਕਰ ਪੰਜਾਬ ਦੀਆਂ ਗ੍ਰਾਮ ਪੰਚਾਇਤਾਂ ਦੀ ਹਾਲਤ 'ਤੇ ਨਜ਼ਰ ਮਾਰੀਏ ਤਾਂ ਸੂਬੇ ਵਿੱਚ ਮੌਜੂਦਾ ਸਰਕਾਰੀ ਅੰਕੜਿਆਂ ਅਨੁਸਾਰ ਕੁੱਲ 13,235 ਗ੍ਰਾਮ ਪੰਚਾਇਤਾਂ ਹਨ, ਜੋ 153 ਪੰਚਾਇਤ ਸੰਮਤੀਆਂ (ਬਲਾਕਾਂ) ਅਤੇ 23 ਜ਼ਿਲ੍ਹਾ ਪ੍ਰੀਸ਼ਦਾਂ ਅਧੀਨ ਆਉਂਦੀਆਂ ਹਨ। ਇਹਨਾਂ ਵਿੱਚੋਂ ਬਹੁਤੀਆਂ ਪੰਚਾਇਤਾਂ ਅਜਿਹੀਆਂ ਹਨ ਜਿਨ੍ਹਾਂ ਕੋਲ ਨਾ ਤਾਂ ਕੋਈ ਆਮਦਨ ਦਾ ਪੱਕਾ ਵਸੀਲਾ ਹੈ ਅਤੇ ਨਾ ਹੀ ਕੋਈ ਸ਼ਾਮਲਾਟ ਜ਼ਮੀਨ ਹੈ। ਆਰਥਿਕ ਤੌਰ 'ਤੇ ਬੇਹੱਦ ਕਮਜ਼ੋਰ ਹੋਣ ਕਰਕੇ ਇਹ ਪੰਚਾਇਤਾਂ ਪੂਰੀ ਤਰ੍ਹਾਂ ਸਰਕਾਰੀ ਗ੍ਰਾਂਟਾਂ ਦੀ ਰਹਿਮੋ-ਕਰਮ 'ਤੇ ਨਿਰਭਰ ਹਨ। ਦੂਜੇ ਪਾਸੇ ਜਿਹਨਾਂ ਪੰਚਾਇਤਾਂ ਕੋਲ ਵਾਹੀ ਯੋਗ ਖੇਤ ਜਾਂ ਸ਼ਾਮਲਾਟ ਜ਼ਮੀਨ ਹੈ, ਉਸ ਉੱਤੇ ਵੀ ਮੋਹਤਬਰ ਲੋਕਾਂ ਕਬਜ਼ੇ ਕੀਤੇ ਹੋਏ ਹਨ। ਪੰਜਾਬ ਵਿੱਚ 7.25 ਏਕੜ ਪੰਚਾਇਤ ਸ਼ਾਮਲਾਟ ਜ਼ਮੀਨ ਹੈ, ਜਿਸ ਵਿੱਚੋਂ 5.15 ਲੱਖ ਏਕੜ ਵਾਹੀ ਯੋਗ ਹੈ, ਜਿਸ ਵਿੱਚ 1.41 ਲੱਖ ਏਕੜ ਜ਼ਮੀਨ ਹਰ ਸਾਲ ਹਾਲੇ 'ਤੇ ਦਿੱਤੀ ਜਾਂਦੀ ਹੈ ਅਤੇ 26,300 ਏਕੜ ਜ਼ਮੀਨ 'ਤੇ ਲੋਕਾਂ ਨਜਾਇਜ਼ ਕਬਜ਼ਾ ਕੀਤਾ ਹੈ।

ਦੂਜੇ ਪਾਸੇ, ਪਿੰਡਾਂ ਵਿੱਚ ਪਸਰੀ ਆਪਸੀ ਧੜੇਬੰਦੀ ਨੇ ਰਹੀ-ਸਹੀ ਕਸਰ ਵੀ ਪੂਰੀ ਕਰ ਦਿੱਤੀ ਹੈ। ਸਰਪੰਚ ਇੱਕ ਪਾਸੇ ਹੁੰਦੇ ਹਨ ਅਤੇ ਪੰਚ ਦੂਜੇ ਪਾਸੇ, ਜਿਸ ਕਰਕੇ ਪਿੰਡ ਦੇ ਵਿਕਾਸ ਨਾਲ ਜੁੜੇ ਮਤੇ ਪਾਸ ਹੀ ਨਹੀਂ ਹੋ ਪਾਉਂਦੇ। ਇਸ ਆਪਸੀ ਫੁੱਟ ਅਤੇ ਖਿੱਚੋਤਾਣ ਦਾ ਪੂਰਾ ਫ਼ਾਇਦਾ ਹੇਠਲੇ ਪ੍ਰਸ਼ਾਸਨਿਕ ਅਫ਼ਸਰ ਅਤੇ ਬਾਬੂ ਉਠਾਉਂਦੇ ਹਨ।

ਪਿੰਡਾਂ ਵਿੱਚ ਗਰੀਬਾਂ ਤੇ ਮਜ਼ਦੂਰਾਂ ਦੇ ਰੁਜ਼ਗਾਰ ਦੀ ਗਰੰਟੀ ਲਈ ਬਣਾਈ ਗਈ ਕੇਂਦਰ ਸਰਕਾਰ ਦੀ 'ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਗਰੰਟੀ ਯੋਜਨਾ' (ਮਗਨਰੇਗਾ) ਵੀ ਅਫ਼ਸਰਸ਼ਾਹੀ ਅਤੇ ਸਿਆਸੀ ਹੇਰ-ਫੇਰ ਦੀ ਭੇਂਟ ਚੜ੍ਹ ਚੁੱਕੀ ਹੈ। ਕਾਗਜ਼ਾਂ ਵਿੱਚ ਭਾਵੇਂ ਮਨਰੇਗਾ ਦੇ ਨਾਂ 'ਤੇ ਵੱਡੇ-ਵੱਡੇ ਬਜਟਾਂ ਅਤੇ ਵਿਕਾਸ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਪਿੰਡਾਂ ਦੇ ਅਸਲ ਲੋੜਵੰਦ ਮਜ਼ਦੂਰਾਂ ਤੇ ਵਰਕਰਾਂ ਨੂੰ ਮੰਗ ਅਨੁਸਾਰ ਕੰਮ ਕਰਨ ਦਾ ਬਣਦਾ ਮੌਕਾ ਹੀ ਨਹੀਂ ਦਿੱਤਾ ਜਾ ਰਿਹਾ। ਨੌਕਰਸ਼ਾਹੀ ਦੇ ਜਾਲ, ਕੈਮਰਾ ਐਪਾਂ ਅਤੇ ਆਨਲਾਈਨ ਹਾਜ਼ਰੀਆਂ ਵਰਗੀਆਂ ਤਕਨੀਕੀ ਜਟਿਲਤਾਵਾਂ ਦੇ ਨਾਂ 'ਤੇ ਸਿਸਟਮ ਨੂੰ ਇਸ ਢੰਗ ਨਾਲ ਉਲਝਾ ਦਿੱਤਾ ਗਿਆ ਹੈ ਕਿ ਮਨਰੇਗਾ ਦਾ ਅਸਲ ਮਕਸਦ ਹੀ ਦਮ ਤੋੜ ਰਿਹਾ ਹੈ।

ਇਸ ਤੋਂ ਇਲਾਵਾ, ਪਿੰਡਾਂ ਵਿੱਚ ਬਣੇ ਵੱਖ-ਵੱਖ ਸਰਕਾਰੀ ਅਦਾਰਿਆਂ ਜਿਵੇਂ ਕਿ ਸਰਕਾਰੀ ਸਕੂਲ, ਪ੍ਰਾਇਮਰੀ ਡਿਸਪੈਂਸਰੀਆਂ, ਪਸ਼ੂ ਹਸਪਤਾਲ, ਲਾਇਬ੍ਰੇਰੀਆਂ ਅਤੇ ਪੰਚਾਇਤ ਘਰਾਂ ਦੀਆਂ ਇਮਾਰਤਾਂ ਦੀ ਦੇਖਭਾਲ, ਮੁਰੰਮਤ ਅਤੇ ਸੁਚੱਜੇ ਸੰਚਾਲਨ ਦਾ ਅਸਲ ਜ਼ਿੰਮਾ ਤੇ ਅਧਿਕਾਰ ਪੰਚਾਇਤਾਂ ਕੋਲ ਹੋਣਾ ਚਾਹੀਦਾ ਸੀ। ਪਰ ਕਿਉਂਕਿ ਇਹ ਸਭ ਕੁਝ ਵੱਖ-ਵੱਖ ਸਰਕਾਰੀ ਮਹਿਕਮਿਆਂ ਦੀ ਸਿੱਧੀ ਅਤੇ ਢਿੱਲੀ ਦੇਖ-ਰੇਖ ਹੇਠ ਹੈ, ਇਸ ਲਈ ਇਹਨਾਂ ਵਿੱਚੋਂ ਬਹੁਤੀਆਂ ਸਰਕਾਰੀ ਇਮਾਰਤਾਂ ਦੀ ਹਾਲਤ ਬਹੁਤ ਹੀ ਦਰਦਨਾਕ, ਖਸਤਾ ਅਤੇ ਖੰਡਰ ਵਰਗੀ ਹੋ ਚੁੱਕੀ ਹੈ। ਪਿੰਡਾਂ ਦਾ ਬੁਨਿਆਦੀ ਢਾਂਚਾ ਬਿਨਾਂ ਦੇਖਭਾਲ ਤੋਂ ਤਬਾਹ ਹੋ ਰਿਹਾ ਹੈ।

ਪੰਚਾਇਤੀ ਅਤੇ ਸ਼ਾਮਲਾਟ ਜ਼ਮੀਨਾਂ ਨੂੰ ਨਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਉਣ ਲਈ 'ਦਿ ਪੰਜਾਬ ਵਿਲੇਜ ਕਾਮਨ ਲੈਂਡਜ਼ (ਰੈਗੂਲੇਸ਼ਨ) ਐਕਟ, 1961' ਦੀ ਧਾਰਾ 7 ਬਣਾਈ ਗਈ ਹੈ, ਪਰ ਪ੍ਰਸ਼ਾਸਨਿਕ ਢਿੱਲ, ਸਿਆਸੀ ਦਖ਼ਲਅੰਦਾਜ਼ੀ ਅਤੇ ਅਦਾਲਤੀ ਲਟਕਾਵ ਕਾਰਨ ਇਹ ਕਾਨੂੰਨੀ ਕਾਰਜ-ਪ੍ਰਣਾਲੀ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀ ਹੈ। ਕਾਨੂੰਨ ਅਨੁਸਾਰ ਡੀ.ਡੀ.ਪੀ.ਓ. (ਕਲੈਕਟਰ ਅਦਾਲਤ) ਨੂੰ ਨਜਾਇਜ਼ ਕਬਜ਼ੇ ਦਾ ਕੇਸ 3 ਮਹੀਨਿਆਂ ਦੇ ਅੰਦਰ ਨਿਪਟਾਉਣਾ ਹੁੰਦਾ ਹੈ, ਪਰ ਅਸਲ ਵਿੱਚ ਇੱਥੇ ਹੀ ਕੇਸ 2 ਤੋਂ 5 ਸਾਲ ਤੱਕ ਲਟਕਦੇ ਰਹਿੰਦੇ ਹਨ। ਡੀ.ਡੀ.ਪੀ.ਓ. ਦੇ ਫੈਸਲੇ ਵਿਰੁੱਧ ਜਦੋਂ ਦੂਜੀ ਧਿਰ ਜੁਆਇੰਟ ਡਿਵੈਲਪਮੈਂਟ ਕਮਿਸ਼ਨਰ (ਜੇ.ਡੀ.ਸੀ./ਡਾਇਰੈਕਟਰ) ਕੋਲ ਅਪੀਲ ਕਰਦੀ ਹੈ, ਤਾਂ ਉੱਥੇ ਵੀ 3 ਮਹੀਨਿਆਂ ਦੀ ਸਮਾਂ-ਸੀਮਾ ਹੋਣ ਦੇ ਬਾਵਜੂਦ ਸਾਲਾਂ ਬੱਧੀ ਕੋਈ ਫੈਸਲਾ ਨਹੀਂ ਸੁਣਾਇਆ ਜਾਂਦਾ। ਇਸ ਤੋਂ ਬਾਅਦ ਰਸੂਖਦਾਰ ਕਬਜ਼ਾਧਾਰੀ ਹਾਈ ਕੋਰਟ ਪਹੁੰਚ ਕੇ 'ਸਟੇਅ ਆਰਡਰ' ਲੈ ਲੈਂਦੇ ਹਨ, ਜਿਸ ਨਾਲ ਇਹ ਮਾਮਲੇ 10 ਤੋਂ 20 ਸਾਲ ਤੱਕ ਅਦਾਲਤੀ ਫਾਈਲਾਂ ਵਿੱਚ ਧੂੜ ਫੱਟਦੇ ਰਹਿੰਦੇ ਹਨ। ਪੰਚਾਇਤਾਂ ਕੋਲ ਹਾਈ ਕੋਰਟ ਵਿੱਚ ਮਹਿੰਗੇ ਵਕੀਲ ਖੜ੍ਹੇ ਕਰਨ ਦੇ ਫੰਡ ਨਹੀਂ ਹੁੰਦੇ, ਜਿਸ ਦਾ ਫ਼ਾਇਦਾ ਸਿਆਸੀ ਸਰਪ੍ਰਸਤੀ ਪ੍ਰਾਪਤ ਭੂ-ਮਾਫੀਆ ਅਤੇ ਕਬਜ਼ਾਧਾਰੀ ਉਠਾਉਂਦੇ ਹਨ।

ਸਭ ਤੋਂ ਹੈਰਾਨੀਜਨਕ ਅਤੇ ਸ਼ਰਮਨਾਕ ਪਹਿਲੂ ਇਹ ਹੈ ਕਿ ਜਿਹੜਾ ਪੰਚਾਇਤ ਸੈਕਟਰੀ ਪੰਚਾਇਤ ਦਾ ਇੱਕ ਮੁਲਾਜ਼ਮ ਜਾਂ ਸੇਵਕ ਗਿਣਿਆ ਜਾਣਾ ਚਾਹੀਦਾ ਹੈ, ਉਹ ਆਪਣੇ-ਆਪ ਨੂੰ ਇੱਕ ਵੱਡਾ ਅਫ਼ਸਰ ਸਮਝ ਕੇ ਡੀਲ ਕਰਦਾ ਹੈ। ਪਿੰਡਾਂ ਦੀਆਂ ਪੰਚਾਇਤਾਂ ਆਪਣੀ ਸੀਮਤ ਆਮਦਨ ਵਿੱਚੋਂ ਹਰ ਸਾਲ ਉਸ ਦੀ ਤਨਖਾਹ ਦਾ ਹਿੱਸਾ ਬੀ.ਡੀ.ਪੀ.ਓ. ਦਫ਼ਤਰਾਂ ਅਤੇ ਪੰਚਾਇਤ ਸੰਮਤੀਆਂ ਵਿੱਚ ਜਮ੍ਹਾਂ ਕਰਵਾਉਂਦੀਆਂ ਹਨ, ਪਰ ਉਹੀ ਸੈਕਟਰੀ ਪੰਚਾਇਤ ਦੇ ਕਾਰਵਾਈ ਰਜਿਸਟਰ ਅਤੇ ਸਾਰੇ ਰਿਕਾਰਡ ਆਪਣੇ ਹਾਤੇ ਵਿੱਚ ਦੱਬ ਕੇ ਬੈਠਾ ਰਹਿੰਦਾ ਹੈ। ਅੱਜ ਬੀ.ਡੀ.ਪੀ.ਓ. ਦਫ਼ਤਰਾਂ ਦੇ ਬਾਹਰ ਚੁਣੇ ਹੋਏ ਸਰਪੰਚਾਂ ਨੂੰ ਹੱਥ ਵਿੱਚ ਪੈਨ ਅਤੇ ਬਗਲ ਵਿੱਚ ਰਜਿਸਟਰ ਚੁੱਕ ਕੇ ਅਫ਼ਸਰਾਂ ਦੇ ਗੇੜੇ ਮਾਰਦੇ ਵੇਖਿਆ ਜਾ ਸਕਦਾ ਹੈ।


ਕਾਨੂੰਨ ਮੁਤਾਬਕ ਪੰਚਾਇਤ ਦੀਆਂ ਮੀਟਿੰਗਾਂ ਪਿੰਡ ਵਿੱਚ ਹੋਣੀਆਂ ਚਾਹੀਦੀਆਂ ਹਨ ਅਤੇ ਹਾੜ੍ਹੀ-ਸੌਣੀ ਦੇ ਇਜਲਾਸ (ਗ੍ਰਾਮ ਸਭਾ) ਸੱਦੇ ਜਾਣੇ ਚਾਹੀਦੇ ਹਨ ਤਾਂ ਜੋ ਪੂਰਾ ਪਿੰਡ ਮਿਲ ਕੇ ਫ਼ੈਸਲੇ ਲਵੇ, ਪਰ ਇਹ ਸਭ ਕਾਗਜ਼ਾਂ ਤੱਕ ਸੀਮਤ ਹੋ ਕੇ ਰਹਿ ਗਿਆ ਹੈ। ਉੱਥੇ ਹੀ, ਸੰਵਿਧਾਨਕ ਤੌਰ 'ਤੇ 50 ਫੀਸਦੀ ਰਾਖਵੇਂਕਰਨ ਦੇ ਬਾਵਜੂਦ ਔਰਤ ਸਰਪੰਚਾਂ ਦੀ ਥਾਂ ਉਨ੍ਹਾਂ ਦੇ ਪਤੀ, ਭਰਾ ਜਾਂ ਪਰਿਵਾਰਕ ਮੈਂਬਰ ('ਸਰਪੰਚ ਪਤੀ') ਹੀ ਦਫ਼ਤਰਾਂ ਦੇ ਚੱਕਰ ਕੱਢਦੇ ਨਜ਼ਰ ਆਉਂਦੇ ਹਨ, ਜਿਸ ਨਾਲ ਰਾਖਵੇਂਕਰਨ ਦਾ ਅਸਲ ਮਕਸਦ ਹੀ ਖ਼ਤਮ ਹੋ ਜਾਂਦਾ ਹੈ।

ਅੱਜ ਵੱਧਦੀ ਆਬਾਦੀ ਦੇ ਦੌਰ ਵਿੱਚ ਪਿੰਡਾਂ ਵਿੱਚ ਸਹੂਲਤਾਂ ਦੀ ਭਾਰੀ ਘਾਟ, ਰੁਜ਼ਗਾਰ ਦੀ ਅਣਹੋਂਦ ਅਤੇ ਬੁਨਿਆਦੀ ਢਾਂਚੇ ਦੇ ਤਬਾਹ ਹੋਣ ਕਰਕੇ ਪਿੰਡਾਂ ਦੀ ਨੌਜਵਾਨ ਪੀੜ੍ਹੀ ਮਜਬੂਰਨ ਸ਼ਹਿਰਾਂ ਵੱਲ ਜਾਂ ਵਿਦੇਸ਼ਾਂ ਵੱਲ ਪਲਾਇਨ ਕਰ ਰਹੀ ਹੈ। ਪਿੰਡ ਖਾਲੀ ਹੋ ਰਹੇ ਹਨ ਅਤੇ ਸ਼ਹਿਰਾਂ 'ਤੇ ਬੋਝ ਵਧ ਰਿਹਾ ਹੈ। ਇਸ ਗੰਭੀਰ ਸਮੱਸਿਆ ਦਾ ਇੱਕੋ-ਇੱਕ ਸਥਾਈ ਹੱਲ ਇਹ ਹੈ ਕਿ ਉੱਪਰੋਂ ਫ਼ੈਸਲੇ ਥੋਪਣ ਦੀ ਪ੍ਰਥਾ ਨੂੰ ਬੰਦ ਕਰਕੇ ਪੰਚਾਇਤ ਨੂੰ ਸਹੀ ਮਾਇਨਿਆਂ ਵਿੱਚ 'ਸਥਾਨਕ ਸਰਕਾਰ' ਮੰਨਿਆ ਜਾਵੇ। ਪੰਚਾਇਤਾਂ ਨੂੰ ਆਪਣੇ ਪਿੰਡ ਦਾ ਸਰਬਪੱਖੀ ਮਾਸਟਰ ਪਲੈਨ ਆਪ ਬਣਾਉਣ ਦੀ ਸੰਵਿਧਾਨਕ ਆਜ਼ਾਦੀ ਦਿੱਤੀ ਜਾਵੇ। ਸਿਆਸੀ ਪੱਖਪਾਤ ਤੋਂ ਉੱਪਰ ਉੱਠ ਕੇ ਹਰ ਪੰਚਾਇਤ ਨੂੰ ਲੋੜ ਅਨੁਸਾਰ ਬਰਾਬਰ ਅਤੇ ਸਿੱਧੇ ਫੰਡ ਦਿੱਤੇ ਜਾਣ। ਪਿੰਡ ਦੇ ਸਕੂਲਾਂ, ਹਸਪਤਾਲਾਂ, ਇਮਾਰਤਾਂ, ਵਾਤਾਵਰਨ ਅਤੇ ਰੁਜ਼ਗਾਰ ਦੀ ਦੇਖਭਾਲ ਦਾ ਪੂਰਾ ਅਧਿਕਾਰ ਤੇ ਬਜਟ ਪੰਚਾਇਤ ਦੇ ਹਵਾਲੇ ਕੀਤਾ ਜਾਵੇ।

ਸਥਾਨਕ ਸਰਕਾਰਾਂ ਦਾ ਜੋ ਸੰਕਲਪ ਭਾਰਤੀ ਸੰਵਿਧਾਨ ਵਿੱਚ ਚਿਤਵਿਆ ਗਿਆ ਸੀ, ਉਹ ਅੱਜ ਨੌਕਰਸ਼ਾਹੀ ਅਤੇ ਸਿਆਸੀ ਹਵਸ ਦੇ ਬਿਗਾੜ ਦਾ ਸ਼ਿਕਾਰ ਹੋ ਕੇ ਦਫ਼ਨ ਹੁੰਦਾ ਪ੍ਰਤੀਤ ਹੋ ਰਿਹਾ ਹੈ। ਜੇਕਰ ਪੰਚਾਇਤੀ ਰਾਜ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨਾ ਹੈ, ਤਾਂ ਅਫ਼ਸਰਸ਼ਾਹੀ ਅਤੇ ਸਿਆਸੀ ਪੱਖਪਾਤ ਦੇ ਗਲਬੇ ਨੂੰ ਖ਼ਤਮ ਕਰਕੇ ਪੰਚਾਇਤਾਂ ਨੂੰ ਅਸਲ ਵਿੱਤੀ ਅਤੇ ਪ੍ਰਸ਼ਾਸਨਿਕ ਮੁਖਤਿਆਰੀ ਦੇਣੀ ਹੋਵੇਗੀ। ਡੀ.ਡੀ.ਪੀ.ਓ. ਅਤੇ ਜੇ.ਡੀ.ਸੀ. ਅਦਾਲਤਾਂ ਵਿੱਚ ਚੱਲਦੇ ਕੇਸਾਂ ਲਈ 'ਸਮਾਂ-ਬੱਧ ਫੈਸਲਿਆਂ' ਦੀ ਸਖ਼ਤ ਜਵਾਬਦੇਹੀ ਤੈਅ ਕਰਨੀ ਪਵੇਗੀ, ਤਾਂ ਜੋ ਸਾਡੀਆਂ ਗ੍ਰਾਮ ਪੰਚਾਇਤਾਂ ਮੁੜ ਤੋਂ ਆਪਣੇ ਅਧਿਕਾਰਾਂ ਦੀ ਵਰਤੋਂ ਕਰਕੇ ਪਿੰਡਾਂ ਨੂੰ ਸਰਬਪੱਖੀ ਤੌਰ 'ਤੇ ਆਤਮ-ਨਿਰਭਰ, ਖੁਸ਼ਹਾਲ ਅਤੇ ਸ਼ਕਤੀਸ਼ਾਲੀ ਬਣਾ ਸਕਣ।



SANJHI SOCH
ਗੁਰਮੀਤ ਸਿੰਘ ਪਲਾਹੀ
98158-02070



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324

ਦੀਵਾਲੀ ਦੀ ਰਾਤ ਦੀਵੇ ਬਾਲੀਅਨਿ

ਭਾਰਤੀ ਸੱਭਿਆਚਾਰ ਵਿੱਚ ਤਿਉਹਾਰ ਸਿਰਫ਼ ਤਰੀਕਾਂ ਦੇ ਮੁਥਾਜ ਨਹੀਂ ਹੁੰਦੇ, ਸਗੋਂ ਇਹ ਆਪਣੇ ਨਾਲ ਇਤਿਹਾਸ, ਪਰੰਪਰਾਵਾਂ, ਆਸਥਾ ਅਤੇ ਜੀਵਨ ਜਿਊਣ ਦੇ ਅਨੇਕਾਂ ਸੁਨੇਹੇ ਲੈ ਕੇ ਆਉਂਦੇ ਹਨ। ਦੀਵਾਲੀ ਵੀ ਅਜਿਹਾ ਹੀ ਇੱਕ ਤਿਉਹਾਰ ਹੈ, ਜਿਸ ਦੀ ਆਮਦ ਨਾਲ ਘਰਾਂ ਦੇ ਵਿਹੜਿਆਂ ਵਿੱਚ ਰੌਣਕਾਂ ਲੱਗ ਜਾਂਦੀਆਂ ਹਨ, ਬਾਜ਼ਾਰ ਸਜ ਜਾਂਦੇ ਹਨ ਅਤੇ ਰਾਤ ਦੇ ਹਨੇਰੇ ਵਿੱਚ ਦੀਵਿਆਂ ਦੀਆਂ ਲੜੀਆਂ ਜਗਮਗਾਉਣ ਲੱਗਦੀਆਂ ਹਨ। ਪਰ ਕਦੇ ਸੋਚਿਆ ਹੈ ਕਿ ਜਿਸ ਦੀਵਾਲੀ ਨੂੰ ਅਸੀਂ ਹਰ ਸਾਲ ਬੜੇ ਚਾਅ ਨਾਲ ਮਨਾਉਂਦੇ ਹਾਂ, ਉਸ ਦੇ ਪਿੱਛੇ ਛੁਪਿਆ ਅਸਲ ਇਤਿਹਾਸ ਅਤੇ ਸੰਦੇਸ਼ ਕੀ ਹੈ? ਕੀ ਦੀਵਾਲੀ ਸਿਰਫ਼ ਮਠਿਆਈਆਂ ਵੰਡਣ, ਨਵੇਂ ਕੱਪੜੇ ਪਾਉਣ, ਘਰ ਸਜਾਉਣ ਅਤੇ ਪਟਾਕੇ ਚਲਾਉਣ ਦਾ ਹੀ ਨਾਂ ਹੈ ਜਾਂ ਇਸ ਤੋਂ ਵੀ ਅੱਗੇ ਕੋਈ ਡੂੰਘਾ ਅਰਥ ਹੈ?

ਦੀਵਾਲੀ ਦਾ ਇਤਿਹਾਸਕ ਪਿਛੋਕੜ ਬਹੁਤ ਪੁਰਾਣਾ ਹੈ। ਹਿੰਦੂ ਧਾਰਮਿਕ ਮਾਨਤਾਵਾਂ ਅਨੁਸਾਰ ਇਸ ਦਿਨ ਭਗਵਾਨ ਸ੍ਰੀ ਰਾਮ ਜੀ ਚੌਦਾਂ ਸਾਲਾਂ ਦਾ ਬਨਵਾਸ ਕੱਟ ਕੇ ਅਤੇ ਰਾਵਣ ਉੱਤੇ ਜਿੱਤ ਪ੍ਰਾਪਤ ਕਰਕੇ ਅਯੁੱਧਿਆ ਵਾਪਸ ਪਰਤੇ ਸਨ। ਉਨ੍ਹਾਂ ਦੇ ਸਵਾਗਤ ਵਿੱਚ ਅਯੁੱਧਿਆ ਵਾਸੀਆਂ ਨੇ ਘਿਓ ਦੇ ਦੀਵੇ ਜਗਾ ਕੇ ਸਾਰੀ ਨਗਰੀ ਨੂੰ ਰੌਸ਼ਨ ਕਰ ਦਿੱਤਾ ਸੀ। ਇਸੇ ਖੁਸ਼ੀ ਵਿੱਚ ਦੀਵਾਲੀ ਮਨਾਉਣ ਦੀ ਪਰੰਪਰਾ ਨਾਲ ਜੋੜਿਆ ਜਾਂਦਾ ਹੈ। ਇਹ ਘਟਨਾ ਸਾਨੂੰ ਯਾਦ ਕਰਵਾਉਂਦੀ ਹੈ ਕਿ ਬੁਰਾਈ ਭਾਵੇਂ ਕਿੰਨੀ ਵੀ ਤਾਕਤਵਰ ਕਿਉਂ ਨਾ ਹੋਵੇ, ਅੰਤ ਵਿੱਚ ਜਿੱਤ ਸੱਚਾਈ ਅਤੇ ਨੇਕੀ ਦੀ ਹੀ ਹੁੰਦੀ ਹੈ। ਸਿੱਖ ਇਤਿਹਾਸ ਵਿੱਚ ਵੀ ਦੀਵਾਲੀ ਦਾ ਇੱਕ ਵਿਸ਼ੇਸ਼ ਸਥਾਨ ਹੈ। ਇਸ ਦਿਨ ਨੂੰ ਬੰਦੀ ਛੋੜ ਦਿਵਸ ਵਜੋਂ ਮਨਾਇਆ ਜਾਂਦਾ ਹੈ। ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਅ ਹੋ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚੇ ਸਨ। ਉਨ੍ਹਾਂ ਨੇ ਆਪਣੀ ਰਿਹਾਈ ਦੇ ਨਾਲ 52 ਰਾਜਿਆਂ ਨੂੰ ਵੀ ਰਿਹਾਅ ਕਰਵਾਇਆ ਸੀ। ਗੁਰੂ ਸਾਹਿਬ ਦੇ ਆਗਮਨ ਦੀ ਖੁਸ਼ੀ ਵਿੱਚ ਸੰਗਤਾਂ ਨੇ ਦੀਵੇ ਜਗਾ ਕੇ ਖੁਸ਼ੀਆਂ ਮਨਾਈਆਂ। ਇਹ ਦਿਹਾੜਾ ਸਾਨੂੰ ਸਿਰਫ਼ ਆਪਣੀ ਆਜ਼ਾਦੀ ਦੀ ਨਹੀਂ, ਸਗੋਂ ਦੂਜਿਆਂ ਨੂੰ ਵੀ ਬੰਧਨਾਂ ਤੋਂ ਮੁਕਤ ਕਰਵਾਉਣ ਦੀ ਭਾਵਨਾ ਦਾ ਸੁਨੇਹਾ ਦਿੰਦਾ ਹੈ। ਗੁਰੂ ਸਾਹਿਬ ਦਾ ਇਹ ਇਤਿਹਾਸ ਸਾਨੂੰ ਸਿਖਾਉਂਦਾ ਹੈ ਕਿ ਅਸਲ ਮਹਾਨਤਾ ਆਪਣੇ ਲਈ ਸੁੱਖ ਪ੍ਰਾਪਤ ਕਰਨ ਵਿੱਚ ਨਹੀਂ, ਸਗੋਂ ਦੂਜਿਆਂ ਦੇ ਦੁੱਖ ਦੂਰ ਕਰਨ ਵਿੱਚ ਹੈ।

"ਦੀਵਾਲੀ ਦੀ ਰਾਤਿ ਦੀਵੇ ਬਾਲੀਅਨਿ ॥
ਤਾਰੇ ਜਾਤਿ ਸਮਾਤਿ ਅੰਬਰਿ ਭਾਲੀਅਨਿ ਛਛ"

ਉਪਰੋਕਤ ਸਤਰਾਂ ਵਿੱਚ ਭਾਈ ਗੁਰਦਾਸ ਜੀ ਬਾਹਰਲੇ ਦੀਵੇ ਜਗਾਉਣ ਤੋਂ ਪਹਿਲਾਂ ਮਨ ਅੰਦਰ ਰੋਸ਼ਨੀ ਪੈਦਾ ਕਰਨ ਦਾ ਮਹੱਤਵ ਸਮਝਾਉਂਦੇ ਹਨ।

ਸਮੇਂ ਦੇ ਬਦਲਾਅ ਨਾਲ ਦੀਵਾਲੀ ਮਨਾਉਣ ਦੇ ਢੰਗ ਵਿੱਚ ਵੀ ਬਹੁਤ ਤਬਦੀਲੀ ਆ ਗਈ ਹੈ। ਪਹਿਲਾਂ ਲੋਕ ਮਿੱਟੀ ਦੇ ਦੀਵੇ ਖਰੀਦਦੇ, ਉਨ੍ਹਾਂ ਵਿੱਚ ਘਿਓ ਜਾਂ ਸਰ੍ਹੋਂ ਦਾ ਤੇਲ ਪਾ ਕੇ ਬੱਤੀਆਂ ਜਗਾਉਂਦੇ ਅਤੇ ਆਪਣੇ ਘਰਾਂ ਦੇ ਬੂਹਿਆਂ, ਬਨੇਰਿਆਂ ਤੇ ਵਿਹੜਿਆਂ ਨੂੰ ਰੌਸ਼ਨ ਕਰਦੇ ਸਨ। ਘਰਾਂ ਵਿੱਚ ਮਾਂਵਾਂ ਅਤੇ ਦਾਦੀਆਂ ਆਪਣੇ ਹੱਥੀਂ ਮਠਿਆਈਆਂ ਤੇ ਪਕਵਾਨ ਬਣਾਉਂਦੀਆਂ ਸਨ। ਬੱਚੇ ਮਿੱਟੀ ਦੇ ਖਿਡੌਣਿਆਂ ਅਤੇ ਨਿੱਕੀਆਂ-ਨਿੱਕੀਆਂ ਫੁਲਝੜੀਆਂ ਨਾਲ ਹੀ ਖੁਸ਼ ਹੋ ਜਾਂਦੇ ਸਨ। ਉਸ ਸਮੇਂ ਦੀਵਾਲੀ ਦਾ ਆਨੰਦ ਮਹਿੰਗੀਆਂ ਚੀਜ਼ਾਂ ਵਿੱਚ ਨਹੀਂ, ਸਗੋਂ ਪਰਿਵਾਰ ਦੇ ਇਕੱਠੇ ਬੈਠਣ, ਮਿਲਵਰਤਣ ਅਤੇ ਸਾਂਝੀ ਖੁਸ਼ੀ ਵਿੱਚ ਹੁੰਦਾ ਸੀ।ਅੱਜ ਦੀਵਾਲੀ ਦਾ ਇੱਕ ਹੋਰ ਰੂਪ ਵੀ ਸਾਹਮਣੇ ਆ ਰਿਹਾ ਹੈ। ਘਰ ਦੀ ਸਾਦੀ ਸਜਾਵਟ ਦੀ ਥਾਂ ਮਹਿੰਗੀਆਂ ਲਾਈਟਾਂ, ਸਾਦੇ ਤੋਹਫ਼ਿਆਂ ਦੀ ਥਾਂ ਕੀਮਤੀ ਗਿਫ਼ਟ ਅਤੇ ਘਰ ਦੀ ਮਿਠਾਸ ਦੀ ਥਾਂ ਬਾਜ਼ਾਰਾਂ ਦੀਆਂ ਮਹਿੰਗੀਆਂ ਤੇ ਕਈ ਵਾਰ ਮਿਲਾਵਟੀ ਮਠਿਆਈਆਂ ਨੇ ਲੈ ਲਈ ਹੈ। ਸੋਸ਼ਲ ਮੀਡੀਆ ਉੱਤੇ ਤਿਉਹਾਰ ਮਨਾਉਣ ਨਾਲੋਂ ਤਿਉਹਾਰ ਮਨਾਉਂਦੇ ਹੋਏ ਦਿਖਾਈ ਦੇਣ ਦਾ ਰੁਝਾਨ ਵਧ ਗਿਆ ਹੈ। ਕਈ ਲੋਕ ਆਪਣੀ ਆਰਥਿਕ ਸਮਰੱਥਾ ਤੋਂ ਵੱਧ ਖਰਚਾ ਸਿਰਫ਼ ਦੂਜਿਆਂ ਦੇ ਬਰਾਬਰ ਦਿਖਣ ਲਈ ਕਰਦੇ ਹਨ। ਸਾਨੂੰ ਸਮਝਣਾ ਪਵੇਗਾ ਕਿ ਤਿਉਹਾਰਾਂ ਦੀ ਖੁਸ਼ੀ ਦਾ ਮੁੱਲ ਮਹਿੰਗੇ ਤੋਹਫ਼ਿਆਂ ਨਾਲ ਨਹੀਂ ਮਾਪਿਆ ਜਾ ਸਕਦਾ। ਜਿਸ ਘਰ ਵਿੱਚ ਪਿਆਰ, ਸਤਿਕਾਰ ਅਤੇ ਆਪਸੀ ਸਾਂਝ ਹੈ, ਉੱਥੇ ਸਾਦੇ ਦੀਵੇ ਵੀ ਬਹੁਤ ਵੱਡੀ ਰੌਸ਼ਨੀ ਪੈਦਾ ਕਰਦੇ ਹਨ।

ਮਹਿੰਗੇ ਮਹਿੰਗੇ ਅਤੇ ਲੰਮਾ ਸਮਾਂ ਚੱਲਣ ਵਾਲੇ ਪਟਾਕਿਆਂ ਦਾ ਵਧਦਾ ਰੁਝਾਨ ਵੀ ਦੀਵਾਲੀ ਦੀ ਅਸਲ ਭਾਵਨਾ ਉੱਤੇ ਸਵਾਲ ਖੜ੍ਹੇ ਕਰਦਾ ਹੈ। ਕੁਝ ਘੰਟਿਆਂ ਦੀ ਖੁਸ਼ੀ ਲਈ ਅਸੀਂ ਵਾਤਾਵਰਨ ਵਿੱਚ ਜ਼ਹਿਰੀਲਾ ਧੂੰਆਂ ਘੋਲ ਦਿੰਦੇ ਹਾਂ। ਹਵਾ ਪ੍ਰਦੂਸ਼ਿਤ ਹੁੰਦੀ ਹੈ, ਆਵਾਜ਼ ਦਾ ਪ੍ਰਦੂਸ਼ਣ ਵਧਦਾ ਹੈ ਅਤੇ ਬਜ਼ੁਰਗਾਂ, ਬੱਚਿਆਂ, ਬਿਮਾਰਾਂ, ਪਸ਼ੂਆਂ ਤੇ ਪੰਛੀਆਂ ਨੂੰ ਭਾਰੀ ਪਰੇਸ਼ਾਨੀ ਹੁੰਦੀ ਹੈ। ਜਿਹੜੇ ਦੀਵੇ ਹਨੇਰੇ ਨੂੰ ਦੂਰ ਕਰਨ ਦਾ ਪ੍ਰਤੀਕ ਹਨ, ਉਨ੍ਹਾਂ ਦੇ ਤਿਉਹਾਰ ਉੱਤੇ ਹੀ ਅਸੀਂ ਧੂੰਏਂ ਨਾਲ ਵਾਤਾਵਰਨ ਨੂੰ ਹਨੇਰਾ ਕਰ ਰਹੇ ਹੁੰਦੇ ਹਾਂ। ਕੀ ਇਹ ਸਾਡੀ ਤਰੱਕੀ ਹੈ? ਖੁਸ਼ੀਆਂ ਮਨਾਉਣ ਦਾ ਅਜਿਹਾ ਢੰਗ ਕਿਉਂ ਨਾ ਅਪਣਾਇਆ ਜਾਵੇ, ਜਿਸ ਨਾਲ ਕਿਸੇ ਦੂਜੇ ਜੀਵ ਨੂੰ ਤਕਲੀਫ਼ ਨਾ ਹੋਵੇ? ਦੀਵਾਲੀ ਸਾਨੂੰ ਆਪਣੇ ਅੰਦਰ ਝਾਤੀ ਮਾਰਨ ਦਾ ਵੀ ਮੌਕਾ ਦਿੰਦੀ ਹੈ। ਅਸੀਂ ਹਰ ਸਾਲ ਘਰਾਂ ਦੇ ਜਾਲੇ ਸਾਫ਼ ਕਰਦੇ ਹਾਂ, ਕੰਧਾਂ ਨੂੰ ਰੰਗ ਰੋਗਨ ਕਰਵਾਉਂਦੇ ਹਾਂ ਅਤੇ ਵਿਹੜਿਆਂ ਨੂੰ ਸਜਾਉਂਦੇ ਹਾਂ, ਪਰ ਕੀ ਕਦੇ ਆਪਣੇ ਮਨ ਵਿੱਚ ਜਮ੍ਹਾਂ ਹੋਈ ਈਰਖਾ, ਨਫ਼ਰਤ, ਹੰਕਾਰ, ਲਾਲਚ ਅਤੇ ਵੈਰ-ਵਿਰੋਧ ਦੀ ਸਫ਼ਾਈ ਵੀ ਕਰਦੇ ਹਾਂ? ਅਸੀਂ ਘਰਾਂ ਦੇ ਕੋਨੇ-ਕੋਨੇ ਵਿੱਚ ਦੀਵੇ ਤਾਂ ਜਗਾ ਦਿੰਦੇ ਹਾਂ, ਪਰ ਕਈ ਵਾਰ ਆਪਣੇ ਹੀ ਰਿਸ਼ਤਿਆਂ ਵਿੱਚ ਪਏ ਹਨੇਰੇ ਨੂੰ ਦੂਰ ਕਰਨ ਦੀ ਕੋਸ਼ਿਸ਼ ਨਹੀਂ ਕਰਦੇ। ਕਿਸੇ ਨਾਲ ਸਾਲਾਂ ਤੋਂ ਚੱਲ ਰਹੀ ਨਾਰਾਜ਼ਗੀ ਖ਼ਤਮ ਕਰਨਾ, ਕਿਸੇ ਲੋੜਵੰਦ ਦੀ ਮਦਦ ਕਰਨਾ, ਕਿਸੇ ਬਜ਼ੁਰਗ ਦੇ ਚਿਹਰੇ ਉੱਤੇ ਮੁਸਕਾਨ ਲਿਆਉਣਾ ਅਤੇ ਕਿਸੇ ਇਕੱਲੇ ਵਿਅਕਤੀ ਨਾਲ ਕੁਝ ਸਮਾਂ ਬਿਤਾਉਣਾ ਵੀ ਦੀਵਾਲੀ ਮਨਾਉਣ ਦਾ ਬਹੁਤ ਸੋਹਣਾ ਢੰਗ ਹੋ ਸਕਦਾ ਹੈ।

ਹਰ ਦੀਵਾਲੀ ਸਾਨੂੰ ਕੁਝ ਨਵੇਂ ਸੰਕਲਪ ਲੈਣੇ ਚਾਹੀਦੇ ਹਨ। ਮਿੱਟੀ ਦੇ ਦੀਵੇ ਖਰੀਦ ਕੇ ਉਨ੍ਹਾਂ ਕਾਰੀਗਰਾਂ ਦੀ ਮਿਹਨਤ ਦਾ ਸਤਿਕਾਰ ਕਰੀਏ, ਜਿਨ੍ਹਾਂ ਦੇ ਹੱਥਾਂ ਨਾਲ ਸਾਡਾ ਤਿਉਹਾਰ ਰੌਸ਼ਨ ਹੁੰਦਾ ਹੈ। ਮਹਿੰਗੇ ਤੋਹਫ਼ਿਆਂ ਦੀ ਥਾਂ ਆਪਣੇ ਹੱਥੀਂ ਬਣਾਏ ਪਕਵਾਨ ਅਤੇ ਪਿਆਰ ਭਰੇ ਸ਼ਬਦ ਸਾਂਝੇ ਕਰੀਏ। ਕਿਸੇ ਗ਼ਰੀਬ ਪਰਿਵਾਰ ਦੇ ਘਰ ਖੁਸ਼ੀਆਂ ਦਾ ਦੀਵਾ ਜਗਾਈਏ। ਬੇਲੋੜੇ ਖਰਚੇ ਅਤੇ ਮਹਿੰਗੇ ਅਤੇ ਲੰਮਾ ਸਮਾਂ ਉੱਚੀ ਅਵਾਜ਼ ਵਿੱਚ ਚੱਲਣ ਵਾਲੇ ਪਟਾਕਿਆਂ ਤੋਂ ਪਰਹੇਜ਼ ਕਰੀਏ। ਆਪਣੇ ਬੱਚਿਆਂ ਨੂੰ ਦੀਵਾਲੀ ਦਾ ਇਤਿਹਾਸ, ਇਸ ਦੀਆਂ ਪਰੰਪਰਾਵਾਂ ਅਤੇ ਇਸ ਦੇ ਅਸਲ ਸੰਦੇਸ਼ ਤੋਂ ਜਾਣੂ ਕਰਵਾਈਏ, ਤਾਂ ਜੋ ਉਹ ਸਿਰਫ਼ ਤਿਉਹਾਰ ਮਨਾਉਣਾ ਹੀ ਨਹੀਂ, ਸਗੋਂ ਉਸ ਦੀ ਮਹੱਤਤਾ ਨੂੰ ਸਮਝਣਾ ਵੀ ਸਿੱਖਣ। ਦੀਵਾਲੀ ਦੀ ਰੌਸ਼ਨੀ ਸਿਰਫ਼ ਬਨੇਰਿਆਂ ਉੱਤੇ ਹੀ ਨਹੀਂ, ਸਗੋਂ ਸਾਡੇ ਵਿਚਾਰਾਂ, ਵਿਹਾਰਾਂ ਅਤੇ ਰਿਸ਼ਤਿਆਂ ਵਿੱਚ ਵੀ ਦਿਖਾਈ ਦੇਣੀ ਚਾਹੀਦੀ ਹੈ। ਦੀਵਾਲੀ ਦੀ ਰਾਤ ਦੀਵੇ ਬਾਲਣ ਦਾ ਅਸਲ ਮਕਸਦ ਸਿਰਫ਼ ਹਨੇਰੇ ਨੂੰ ਰੌਸ਼ਨ ਕਰਨਾ ਨਹੀਂ, ਸਗੋਂ ਮਨੁੱਖਤਾ ਦੇ ਰਾਹ ਨੂੰ ਚਾਨਣ ਕਰਨਾ ਹੈ। ਆਓ ! ਇਸ ਵਾਰ ਅਜਿਹੀ ਦੀਵਾਲੀ ਮਨਾਈਏ ਜਿਸ ਵਿੱਚ ਨਾ ਕਿਸੇ ਦੀ ਜੇਬ ਉੱਤੇ ਬੋਝ ਪਵੇ, ਨਾ ਵਾਤਾਵਰਨ ਨੂੰ ਨੁਕਸਾਨ ਹੋਵੇ ਅਤੇ ਨਾ ਹੀ ਕਿਸੇ ਜੀਵ ਦੀ ਖੁਸ਼ੀ ਖੋਹੀ ਜਾਵੇ। ਦੀਵੇ ਘਰਾਂ ਵਿੱਚ ਹੀ ਨਹੀਂ, ਦਿਲਾਂ ਵਿੱਚ ਵੀ ਜਗਾਈਏ। ਪਟਾਕਿਆਂ ਦਾ ਸ਼ੋਰ ਨਹੀਂ, ਪਿਆਰ ਅਤੇ ਸਾਂਝ ਦੀ ਆਵਾਜ਼ ਸੁਣਾਈ ਦੇਵੇ। ਕਿਉਂਕਿ ਸੱਚੀ ਦੀਵਾਲੀ ਉਹ ਨਹੀਂ ਜੋ ਸਿਰਫ਼ ਇੱਕ ਰਾਤ ਚਮਕੇ, ਸਗੋਂ ਉਹ ਹੈ ਜਿਸ ਦੀ ਰੌਸ਼ਨੀ ਸਾਡੇ ਜੀਵਨ ਵਿੱਚ ਸਦਾ ਬਣੀ ਰਹੇ।

48 ਘੰਟਿਆਂ ਦੀ ਈਡੀ ਰੇਡ ਤੋਂ ਬਾਅਦ ਵੀ 'ਆਪ' ਵਿਧਾਇਕਾ ਤੋਂ ਇਕ ਪੈਸਾ ਵੀ ਬਰਾਮਦ ਨਹੀਂ ਹੋਇਆ

ਈਡੀ ਨੇ ਇੱਕ ਵਾਰ ਫਿਰ 'ਆਪ' ਨੂੰ 'ਕੱਟੜ ਈਮਾਨਦਾਰ' ਦਾ ਸਰਟੀਫਿਕੇਟ ਦਿੱਤਾ: ਹਰਪਾਲ ਸਿੰਘ ਚੀਮਾ

ਮੋਗਾ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਨੂੰ ਭਾਜਪਾ 'ਤੇ ਤਿੱਖਾ ਹਮਲਾ ਬੋਲਦਿਆਂ ਦੋਸ਼ ਲਾਇਆ ਕਿ ਚੋਣਾਂ ਤੋਂ ਪਹਿਲਾਂ ਵਿਰੋਧੀ ਧਿਰ ਦੇ ਨੇਤਾਵਾਂ ਨੂੰ ਡਰਾਉਣ ਲਈ ਕੇਂਦਰੀ ਏਜੰਸੀਆਂ ਨੂੰ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ ਅਤੇ ਈਡੀ, ਸੀਬੀਆਈ, ਇਨਕਮ ਟੈਕਸ ਵਿਭਾਗ ਅਤੇ ਚੋਣ ਕਮਿਸ਼ਨ ਵਰਗੀਆਂ ਸੰਸਥਾਵਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਮੋਗਾ ਤੋਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨਾਲ ਸਬੰਧਤ ਕਈ ਟਿਕਾਣਿਆਂ 'ਤੇ ਲਗਭਗ 48 ਘੰਟੇ ਚੱਲੀ ਈਡੀ ਦੀ ਛਾਪੇਮਾਰੀ ਦਾ ਜ਼ਿਕਰ ਕਰਦਿਆਂ ਚੀਮਾ ਨੇ ਕਿਹਾ ਕਿ ਏਜੰਸੀ ਖਾਲੀ ਹੱਥ ਪਰਤੀ ਹੈ ਅਤੇ ਇੱਕ ਵੀ ਪੈਸਾ ਬਰਾਮਦ ਨਹੀਂ ਕਰ ਸਕੀ, ਜਿਸ ਨੇ ਇੱਕ ਵਾਰ ਫਿਰ 'ਆਪ' ਆਗੂਆਂ ਨੂੰ 'ਕੱਟੜ ਈਮਾਨਦਾਰ' ਹੋਣ ਦਾ ਸਰਟੀਫਿਕੇਟ ਦਿੱਤਾ ਹੈ। ਸੀਨੀਅਰ 'ਆਪ' ਆਗੂ ਨੇ ਅੱਗੇ ਕਿਹਾ ਕਿ ਭਾਜਪਾ 'ਆਪ' ਵਿਧਾਇਕਾਂ ਨੂੰ ਮੰਤਰੀ ਅਹੁਦਿਆਂ ਅਤੇ ਰਾਜ ਸਭਾ ਮੈਂਬਰਸ਼ਿਪ ਦਾ ਲਾਲਚ ਦੇ ਕੇ ਤੋੜਨ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਪੰਜਾਬ ਦੇ ਨੇਤਾਵਾਂ ਨੇ ਅਜਿਹੇ ਲਾਲਚਾਂ ਅੱਗੇ ਝੁਕਣ ਤੋਂ ਇਨਕਾਰ ਕਰ ਦਿੱਤਾ ਹੈ। ਅਰਵਿੰਦ ਕੇਜਰੀਵਾਲ ਅਤੇ ਸੀਐਮ ਭਗਵੰਤ ਮਾਨ ਪ੍ਰਤੀ ਆਪਣੀ ਅਟੁੱਟ ਵਫ਼ਾਦਾਰੀ ਦੁਹਰਾਉਂਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਐਲਾਨ ਕੀਤਾ ਕਿ ਕੋਈ ਵੀ ਛਾਪੇਮਾਰੀ, ਧਮਕੀ ਜਾਂ ਸਿਆਸੀ ਦਬਾਅ ਉਨ੍ਹਾਂ ਨੂੰ ਜਾਂ 'ਆਪ' ਦੀਆਂ ਮਹਿਲਾ ਆਗੂਆਂ ਨੂੰ ਚੁੱਪ ਨਹੀਂ ਕਰਵਾ ਸਕਦਾ ਅਤੇ ਉਹ ਪੰਜਾਬ ਤੇ ਇਸ ਦੇ ਲੋਕਾਂ ਲਈ ਲੜਾਈ ਜਾਰੀ ਰੱਖਣਗੇ।

'ਆਪ' ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਅਤੇ ਮੋਗਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨਾਲ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੀਨੀਅਰ 'ਆਪ' ਆਗੂ ਅਤੇ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਜਦੋਂ ਵੀ ਕਿਸੇ ਰਾਜ ਵਿੱਚ ਚੋਣਾਂ ਨੇੜੇ ਆਉਂਦੀਆਂ ਹਨ, ਭਾਜਪਾ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਦੀ ਹੈ। ਈਡੀ, ਸੀਬੀਆਈ, ਇਨਕਮ ਟੈਕਸ ਵਿਭਾਗ ਅਤੇ ਇੱਥੋਂ ਤੱਕ ਕਿ ਚੋਣ ਕਮਿਸ਼ਨ ਦੀ ਵਰਤੋਂ ਵਿਰੋਧੀ ਧਿਰ ਦੇ ਨੇਤਾਵਾਂ ਨੂੰ ਡਰਾਉਣ, ਦੋਸ਼ ਲਾਉਣ ਅਤੇ ਸਿਆਸੀ ਪਾਰਟੀਆਂ ਨੂੰ ਬਦਨਾਮ ਕਰਨ ਲਈ ਮੀਡੀਆ ਨਰੇਟਿਵ ਬਣਾਉਣ ਲਈ ਕੀਤੀ ਜਾ ਰਹੀ ਹੈ। ਇਸ ਦਾ ਮਕਸਦ ਜਮਹੂਰੀ ਢੰਗ ਨਾਲ ਚੁਣੀਆਂ ਗਈਆਂ ਸਰਕਾਰਾਂ ਨੂੰ ਕਮਜ਼ੋਰ ਕਰਨਾ ਅਤੇ ਲੋਕਤੰਤਰੀ ਪ੍ਰਕਿਰਿਆ ਨੂੰ ਢਾਹ ਲਾਉਣਾ ਹੈ।" ਪਿਛਲੇ ਪੰਜ ਸਾਲਾਂ ਦੌਰਾਨ ਵਿਧਾਇਕ ਵਜੋਂ ਡਾ. ਅਮਨਦੀਪ ਕੌਰ ਅਰੋੜਾ ਦੇ ਸਮਰਪਿਤ ਕੰਮ ਦੀ ਸ਼ਲਾਘਾ ਕਰਦਿਆਂ ਸੀਨੀਅਰ 'ਆਪ' ਆਗੂ ਨੇ ਕਿਹਾ, "ਡਾ. ਅਮਨਦੀਪ ਕੌਰ ਅਰੋੜਾ ਨੇ ਔਰਤਾਂ, ਵਿਦਿਆਰਥੀਆਂ, ਸਿਹਤ ਸੰਭਾਲ ਅਤੇ ਪੰਜਾਬ ਦੇ ਲੋਕਾਂ ਦੀ ਭਲਾਈ ਨਾਲ ਜੁੜੇ ਮੁੱਦਿਆਂ ਨੂੰ ਲਗਾਤਾਰ ਉਠਾਇਆ ਅਤੇ ਹੱਲ ਕੀਤਾ ਹੈ। ਉਨ੍ਹਾਂ ਦੀ ਸਮਾਜ ਸੇਵਾ ਦੀ ਸ਼ਲਾਘਾ ਕਰਨ ਦੀ ਬਜਾਏ, ਭਾਜਪਾ ਨੇ ਕੇਂਦਰੀ ਏਜੰਸੀਆਂ ਰਾਹੀਂ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਲਗਾਤਾਰ ਪ੍ਰੇਸ਼ਾਨ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ, "ਈਡੀ ਨੇ ਲਗਭਗ 48 ਘੰਟੇ ਛਾਪੇਮਾਰੀ ਕੀਤੀ, ਪਰ ਇੱਕ ਵੀ ਇਤਰਾਜ਼ਯੋਗ ਦਸਤਾਵੇਜ਼ ਜਾਂ ਇੱਕ ਪੈਸਾ ਵੀ ਬਰਾਮਦ ਨਹੀਂ ਕਰ ਸਕੀ। ਇਹ ਇਸ ਪੂਰੀ ਕਾਰਵਾਈ ਦੇ ਸਿਆਸੀ ਨਿਸ਼ਾਨੇ ਨੂੰ ਸਪੱਸ਼ਟ ਤੌਰ 'ਤੇ ਨੰਗਾ ਕਰਦਾ ਹੈ। ਇੱਕ ਚੁਣੇ ਹੋਏ ਨੁਮਾਇੰਦੇ ਅਤੇ ਉਸ ਦੇ ਪਰਿਵਾਰ 'ਤੇ ਇਸ ਤਰ੍ਹਾਂ ਦੀ ਲੰਬੀ ਤਲਾਸ਼ੀ, ਪੁੱਛਗਿੱਛ ਅਤੇ ਦਬਾਅ ਪਾਉਣਾ ਮਾਨਸਿਕ ਪ੍ਰੇਸ਼ਾਨੀ ਹੈ ਅਤੇ ਬੁਨਿਆਦੀ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ।" ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ, "ਭਾਜਪਾ 'ਆਪ' ਆਗੂਆਂ ਨੂੰ ਇਸ ਲਈ ਨਿਸ਼ਾਨਾ ਬਣਾ ਰਹੀ ਹੈ ਕਿਉਂਕਿ ਉਹ ਪੰਜਾਬ, 'ਆਪ' ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਚਟਾਨ ਵਾਂਗ ਖੜ੍ਹੇ ਹਨ। ਭਾਜਪਾ 'ਆਪ' ਵਿਧਾਇਕਾਂ ਨੂੰ ਮੰਤਰੀ ਅਹੁਦਿਆਂ, ਰਾਜ ਸਭਾ ਮੈਂਬਰਸ਼ਿਪ ਅਤੇ ਹੋਰ ਸ਼ਕਤੀਸ਼ਾਲੀ ਅਹੁਦਿਆਂ ਦੀ ਪੇਸ਼ਕਸ਼ ਕਰਕੇ ਤੋੜਨ ਦੀ ਕੋਸ਼ਿਸ਼ ਕਰ ਰਹੀ ਹੈ। ਪਰ ਸਾਡੇ ਆਗੂ ਲੋਕਾਂ ਦੀ ਸੇਵਾ ਲਈ ਵਚਨਬੱਧ ਹਨ ਅਤੇ ਅਹੁਦਿਆਂ ਜਾਂ ਲਾਲਚਾਂ ਨਾਲ ਖਰੀਦੇ ਨਹੀਂ ਜਾ ਸਕਦੇ।" ਭਾਜਪਾ ਦੀ ਧਮਕਾਉਣ ਅਤੇ ਵੰਡ ਪਾਊ ਰਾਜਨੀਤੀ ਦੀ ਨਿਖੇਧੀ ਕਰਦਿਆਂ ਸੀਨੀਅਰ 'ਆਪ' ਆਗੂ ਨੇ ਕਿਹਾ ਕਿ ਪੰਜਾਬ ਦੇ ਲੋਕ ਲੋਕਤੰਤਰ ਨੂੰ ਕਮਜ਼ੋਰ ਕਰਨ, ਵਿਰੋਧੀ ਪਾਰਟੀਆਂ ਨੂੰ ਅਸਥਿਰ ਕਰਨ ਅਤੇ ਲੋਕਾਂ ਦੇ ਫਤਵੇ ਨੂੰ ਢਾਹ ਲਾਉਣ ਦੀ ਹਰ ਕੋਸ਼ਿਸ਼ ਦਾ ਢੁੱਕਵਾਂ ਜਵਾਬ ਦੇਣਗੇ। ਇਸ ਦੌਰਾਨ 'ਆਪ' ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਅਤੇ ਮੋਗਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ, "ਈਡੀ ਨੇ ਮੇਰੇ ਅਤੇ ਮੇਰੇ ਪਰਿਵਾਰ ਨਾਲ ਸਬੰਧਤ ਕਈ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਮੇਰੀ ਰਿਹਾਇਸ਼, ਦਫ਼ਤਰ, ਹਸਪਤਾਲ ਅਤੇ ਮੇਰੇ ਮਾਤਾ-ਪਿਤਾ, ਭਰਾ ਤੇ ਰਿਸ਼ਤੇਦਾਰਾਂ ਦੇ ਘਰਾਂ ਦੀ ਤਲਾਸ਼ੀ ਲਈ ਗਈ। ਅਧਿਕਾਰੀਆਂ ਨੇ ਲਗਭਗ 42 ਤੋਂ 48 ਘੰਟਿਆਂ ਤੱਕ ਆਪਣੀ ਤਲਾਸ਼ੀ ਅਤੇ ਪੁੱਛਗਿੱਛ ਜਾਰੀ ਰੱਖੀ, ਪਰ ਅੰਤ ਵਿੱਚ ਇੱਕ ਵੀ ਦਸਤਾਵੇਜ਼ ਜਾਂ ਪੈਸਾ ਬਰਾਮਦ ਕੀਤੇ ਬਿਨਾਂ ਹੀ ਵਾਪਸ ਪਰਤ ਗਏ।" 'ਆਪ' ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਨੇ ਕਿਹਾ, "ਖਾਸ ਕਰਕੇ ਪੰਜਾਬ ਵਿਧਾਨ ਸਭਾ ਚੋਣਾਂ ਨੇੜੇ ਆਉਣ ਨਾਲ ਭਾਜਪਾ ਕੇਂਦਰੀ ਏਜੰਸੀਆਂ ਦੀ ਵਰਤੋਂ ਵਿਰੋਧੀ ਨੇਤਾਵਾਂ ਨੂੰ ਡਰਾਉਣ ਅਤੇ ਉਨ੍ਹਾਂ ਨੂੰ ਆਪਣੀ ਪਾਰਟੀ 'ਚ ਸ਼ਾਮਲ ਕਰਨ ਲਈ ਕਰ ਰਹੀ ਹੈ। ਔਰਤਾਂ ਦੇ ਸ਼ਕਤੀਕਰਨ ਅਤੇ ਸੁਰੱਖਿਆ ਦੇ ਵੱਡੇ-ਵੱਡੇ ਦਾਅਵੇ ਕਰਨ ਦੇ ਬਾਵਜੂਦ, ਭਾਜਪਾ ਉਨ੍ਹਾਂ ਮਹਿਲਾ ਨੇਤਾਵਾਂ ਨੂੰ ਨਿਸ਼ਾਨਾ ਬਣਾ ਰਹੀ ਹੈ ਜੋ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਰਹੀਆਂ ਹਨ ਅਤੇ ਜਨਤਕ ਮੁੱਦੇ ਉਠਾ ਰਹੀਆਂ ਹਨ।" ਪੁੱਛਗਿੱਛ ਦੇ ਵੇਰਵੇ ਦਿੰਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਅਧਿਕਾਰੀਆਂ ਨੇ ਉਨ੍ਹਾਂ ਤੋਂ ਬੱਚਿਆਂ ਦੀਆਂ ਮਾਰਕਸ਼ੀਟਾਂ, ਪਰਿਵਾਰਕ ਜਾਇਦਾਦ ਦੇ ਦਸਤਾਵੇਜ਼ਾਂ ਤੋਂ ਲੈ ਕੇ ਹਸਪਤਾਲ ਦੇ ਰਿਕਾਰਡ, ਜਨਤਕ ਸ਼ਿਕਾਇਤਾਂ ਅਤੇ ਵੱਖ-ਵੱਖ ਪਾਰਟੀਆਂ ਦੇ ਸਿਆਸੀ ਨੇਤਾਵਾਂ ਨਾਲ ਸਬੰਧਤ ਜਾਣਕਾਰੀ ਤੱਕ ਹਰ ਚੀਜ਼ ਬਾਰੇ ਪੁੱਛਗਿੱਛ ਕੀਤੀ। ਉਨ੍ਹਾਂ ਕਿਹਾ ਕਿ ਲੰਬੀ ਤਲਾਸ਼ੀ ਅਤੇ ਪੁੱਛਗਿੱਛ ਮੇਰੇ ਅਤੇ ਮੇਰੇ ਪਰਿਵਾਰ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਨ ਲਈ ਜਾਣਬੁੱਝ ਕੇ ਲੰਬੀ ਕੀਤੀ ਗਈ ਸੀ। "ਮੈਨੂੰ ਮੰਤਰੀ ਪਦ ਸਮੇਤ ਕਈ ਅਹੁਦਿਆਂ ਦੀ ਪੇਸ਼ਕਸ਼ ਵੀ ਕੀਤੀ ਗਈ ਸੀ, ਪਰ ਮੈਂ ਇਹ ਲਾਲਚ ਠੁਕਰਾ ਦਿੱਤੇ। ਮੈਂ ਪੰਜਾਬ ਅਤੇ ਦੇਸ਼ ਲਈ ਕੰਮ ਕਰਨ ਲਈ ਰਾਜਨੀਤੀ ਵਿੱਚ ਆਈ ਹਾਂ,



ਅਹੁਦੇ, ਚੋਣ ਟਿਕਟਾਂ ਜਾਂ ਨਿੱਜੀ ਮਨਸੂਬਿਆਂ ਨੂੰ ਪੂਰਾ ਕਰਨ ਲਈ ਨਹੀਂ। ਮੇਰੀ ਵਚਨਬੱਧਤਾ ਉਨ੍ਹਾਂ ਲੋਕਾਂ ਪ੍ਰਤੀ ਹੈ ਜਿਨ੍ਹਾਂ ਨੇ ਮੇਰੇ 'ਤੇ ਭਰੋਸਾ ਕੀਤਾ ਹੈ," ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ। 'ਆਪ' ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ ਅਤੇ ਸੀਐਮ ਭਗਵੰਤ ਸਿੰਘ ਮਾਨ ਪ੍ਰਤੀ ਆਪਣੀ ਵਫ਼ਾਦਾਰੀ ਦੁਹਰਾਉਂਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ, "ਜਦੋਂ ਤੱਕ ਮੈਂ ਜਿਉਂਦੀ ਹਾਂ, ਮੈਂ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਖੜ੍ਹੀ ਰਹਾਂਗੀ। ਕੋਈ ਵੀ ਦਬਾਅ, ਧਮਕੀ ਜਾਂ ਲਾਲਚ ਮੈਨੂੰ ਆਪਣੇ ਸਿਧਾਂਤਾਂ ਨਾਲ ਸਮਝੌਤਾ ਕਰਨ ਜਾਂ ਪੰਜਾਬ ਦੇ ਲੋਕਾਂ ਨਾਲ ਧੋਖਾ ਕਰਨ ਲਈ ਮਜਬੂਰ ਨਹੀਂ ਕਰ ਸਕਦਾ।" ਔਰਤਾਂ ਦੇ ਸਿਆਸੀ ਸ਼ਕਤੀਕਰਨ ਲਈ 'ਆਪ' ਦੀ ਵਚਨਬੱਧਤਾ 'ਤੇ ਚਾਨਣਾ ਪਾਉਂਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ, "ਅੱਜ ਪੰਜਾਬ ਵਿਧਾਨ ਸਭਾ ਵਿੱਚ 'ਆਪ' ਦੀਆਂ 11 ਮਹਿਲਾ ਵਿਧਾਇਕਾਂ ਹਨ, ਜੋ ਸੂਬੇ ਦੇ ਵਿਧਾਨ ਸਭਾ ਇਤਿਹਾਸ ਵਿੱਚ ਮਹਿਲਾ ਵਿਧਾਇਕਾਂ ਦੀ ਸਭ ਤੋਂ ਵੱਧ ਪ੍ਰਤੀਨਿਧਤਾ ਹੈ। ਸਾਡੀ ਪਾਰਟੀ ਨੇ ਆਮ ਔਰਤਾਂ ਅਤੇ ਮਰਦਾਂ ਲਈ ਰਾਜਨੀਤੀ ਦੇ ਦਰਵਾਜ਼ੇ ਖੋਲ੍ਹੇ ਹਨ, ਜਿਸ ਨਾਲ ਉਨ੍ਹਾਂ ਨੂੰ ਲੋਕਾਂ ਦੀ ਸੇਵਾ ਕਰਨ ਅਤੇ ਬਦਲਾਅ ਲਿਆਉਣ ਦਾ ਮੌਕਾ ਮਿਲਿਆ ਹੈ।" 'ਆਪ' ਨੇਤਾਵਾਂ ਨੂੰ ਡਰਾਉਣ ਦੀਆਂ ਭਾਜਪਾ ਦੀਆਂ ਕੋਸ਼ਿਸ਼ਾਂ ਨੂੰ ਚੁਣੌਤੀ ਦਿੰਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ, "ਕੋਈ ਵੀ ਡਰਾਵਾ, ਦਬਾਅ ਜਾਂ ਪ੍ਰੇਸ਼ਾਨੀ ਮੇਰੇ ਜਾਂ 'ਆਪ' ਦੀਆਂ ਮਹਿਲਾ ਨੇਤਾਵਾਂ ਦੇ ਇਰਾਦੇ ਨੂੰ ਕਮਜ਼ੋਰ ਨਹੀਂ ਕਰ ਸਕਦੀ। ਅਸੀਂ ਇੱਥੇ ਲੋਕਾਂ ਦੀ ਸੇਵਾ ਕਰਨ ਲਈ ਹਾਂ, ਅਤੇ ਅਸੀਂ ਡਰ ਕੇ ਆਪਣੀਆਂ ਜ਼ਿੰਮੇਵਾਰੀਆਂ ਤੋਂ ਨਹੀਂ ਭੱਜਾਂਗੇ।" ਪੰਜਾਬ ਪ੍ਰਤੀ ਪਾਰਟੀ ਦੀ ਵਚਨਬੱਧਤਾ ਦੁਹਰਾਉਂਦਿਆਂ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ 'ਆਪ' ਬਿਹਤਰ ਸਿੱਖਿਆ, ਸਿਹਤ ਸੰਭਾਲ, ਜਨਤਕ ਭਲਾਈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਕੰਮ ਕਰਨਾ ਜਾਰੀ ਰੱਖੇਗੀ। ਉਨ੍ਹਾਂ ਕਿਹਾ ਕਿ ਨਾ ਤਾਂ ਛਾਪੇਮਾਰੀ, ਨਾ ਹੀ ਧਮਕੀਆਂ ਅਤੇ ਨਾ ਹੀ ਸਿਆਸੀ ਲਾਲਚ ਪੰਜਾਬ ਦੇ ਲੋਕਾਂ ਪ੍ਰਤੀ ਪਾਰਟੀ ਦੀ ਵਚਨਬੱਧਤਾ ਨੂੰ ਡੋਲਾ ਸਕਦੇ ਹਨ।

ਪੰਜਾਬ ਵੱਲੋਂ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਨਾਲ ਹਾਕੀ ਦੇ ਆਲਮੀ ਨਕਸ਼ੇ ’ਤੇ ਸੁਨਹਿਰੀ ਹਸਤਾਖ਼ਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਵਿਸ਼ਵ ਹਾਕੀ ਦੇ ਨਕਸ਼ੇ ’ਤੇ ਸਥਾਪਿਤ ਕਰਨ ਲਈ ਦੇਖਿਆ ਸੁਪਨਾ ਸਾਕਾਰ ਹੋਣ ਨਾਲ ਭਾਰਤੀ ਹਾਕੀ ਦੇ ਇਤਿਹਾਸ ਵਿੱਚ ਇੱਕ ਸੁਨਹਿਰੀ ਅਧਿਆਏ ਜੁੜ ਗਿਆ ਹੈ। ਸਾਬਕਾ ਭਾਰਤੀ ਵਿਸ਼ਵ ਕੱਪ ਜੇਤੂਆਂ, ਓਲੰਪੀਅਨਾਂ ਅਤੇ ਵਿਦੇਸ਼ੀ ਹਾਕੀ ਸਿਤਾਰਿਆਂ ਦੀ ਮੌਜੂਦਗੀ ਵਿੱਚ ‘ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ ਪੰਜਾਬ- 2026’ ਦੀ ਮੇਜ਼ਬਾਨੀ ਅਤੇ ਭਾਰਤ ਦੀ ਸ਼ਾਨਦਾਰ ਜਿੱਤ ਨਾਲ ਇਹ ਟੂਰਨਾਮੈਂਟ ਪੰਜਾਬ ਦੇ ਖੇਡ ਇਤਿਹਾਸ ਵਿੱਚ ਮੀਲ ਪੱਥਰ ਸਾਬਤ ਹੋਇਆ। ਭਾਰਤ ਨੇ ਰੋਮਾਂਚਕ ਫਾਈਨਲ ਮੁਕਾਬਲੇ ਵਿੱਚ ਜਾਪਾਨ ਨੂੰ 4-1 ਨਾਲ ਹਰਾ ਕੇ ਟਰਾਫੀ ਆਪਣੇ ਨਾਂ ਕੀਤੀ। ਇਸ ਦੌਰਾਨ ਪੰਜਾਬ ਦੇ ਦੋ ਇਤਿਹਾਸਕ ਸਟੇਡੀਅਮਾਂ ਮੋਹਾਲੀ ਸਥਿਤ ‘ਓਲੰਪੀਅਨ ਬਲਬੀਰ ਸਿੰਘ ਸੀਨੀਅਰ ਹਾਕੀ ਸਟੇਡੀਅਮ’ ਅਤੇ ਜਲੰਧਰ ਸਥਿਤ ‘ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ’ ਇਸ ਵੱਕਾਰੀ ਟੂਰਨਾਮੈਂਟ ਦੇ ਗਵਾਹ ਬਣੇ। ਭਾਰਤ ਪੂਰੇ ਟੂਰਨਾਮੈਂਟ ਦੌਰਾਨ ਅਜੇਤੂ ਰਿਹਾ। ਟੀਮ ਨੇ ਆਪਣੇ ਸਾਰੇ 7 ਮੈਚ ਜਿੱਤੇ - ਜਿਸ ਵਿੱਚ ਜਲੰਧਰ ਵਿਖੇ 5 ਲੀਗ ਮੈਚ ਅਤੇ ਮੋਹਾਲੀ ਵਿਖੇ ਸੈਮੀਫਾਈਨਲ ਤੇ ਫਾਈਨਲ ਮੁਕਾਬਲੇ ਸ਼ਾਮਲ ਹਨ। ਇਸ ਜਿੱਤ ਨਾਲ ਭਾਰਤ ਨੇ ਰਿਕਾਰਡ ਕਾਇਮ ਕਰਦਿਆਂ 6ਵੀਂ ਵਾਰ ਖਿਤਾਬ ਜਿੱਤਿਆ। ਇਸਦੇ ਨਾਲ ਹੀ, 2023 ਅਤੇ 2024 ਦੀਆਂ ਜਿੱਤਾਂ ਤੋਂ ਬਾਅਦ ਭਾਰਤ ਨੇ ਲਗਾਤਾਰ ਖਿਤਾਬ ਜਿੱਤ ਕੇ ਆਪਣੀ ’ਹੈਟ੍ਰਿਕ’ ਵੀ ਪੂਰੀ ਕੀਤੀ ਹੈ। ਜਾਪਾਨ ਨੇ ਮੈਚ ਦੇ ਤੀਜੇ ਮਿੰਟ ਵਿੱਚ ਕਾਜ਼ੂਮਾਸਾ ਮਾਤਸੁਮੋਤੋ ਦੇ ਗੋਲ ਨਾਲ ਭਾਰਤ ’ਤੇ ਹਾਫ-ਟਾਈਮ ਤੱਕ 1-0 ਦੀ ਬੜ੍ਹਤ ਬਣਾਈ ਰੱਖੀ। ਪਰ ਚੈਂਪੀਅਨਾਂ ਨੇ ਚੈਂਪੀਅਨਾਂ ਵਾਂਗ ਹੀ ਜਵਾਬ ਦਿੱਤਾ। 42ਵੇਂ ਮਿੰਟ ਵਿੱਚ ਸ਼ਿਲਾਨੰਦ ਲਾਕੜਾ ਨੇ ਗੋਲ ਕਰਕੇ ਸਕੋਰ ਬਰਾਬਰ ਕਰ ਦਿੱਤਾ, 47ਵੇਂ ਮਿੰਟ ਵਿੱਚ ਦਿਲਪ੍ਰੀਤ ਸਿੰਘ ਨੇ ਇੱਕ ਹੋਰ ਗੋਲ ਕਰਕੇ ਟੀਮ ਨੂੰ 2-1 ਨਾਲ ਅੱਗੇ ਕਰ ਦਿੱਤਾ। ਇਸ ਤੋਂ ਬਾਅਦ 52ਵੇਂ ਮਿੰਟ ਵਿੱਚ ਜੁਗਰਾਜ ਸਿੰਘ ਨੇ ਸਕੋਰ 3-1 ਕਰ ਦਿੱਤਾ ਅਤੇ 53ਵੇਂ ਮਿੰਟ ਵਿੱਚ ਵਿਵੇਕ ਸਾਗਰ ਪ੍ਰਸਾਦ ਨੇ 4-1 ਨਾਲ ਜਿੱਤ ਪੱਕੀ ਕਰ ਦਿੱਤੀ। ਆਖਰੀ 18 ਮਿੰਟਾਂ ਵਿੱਚ ਕੀਤੇ ਗਏ ਚਾਰ ਗੋਲਾਂ ਨੇ ਮੈਚ ਦਾ ਪਾਸਾ ਹੀ ਪਲਟ ਦਿੱਤਾ। ਮਲੇਸ਼ੀਆ ਨੇ ਦੱਖਣੀ ਕੋਰੀਆ ਨੂੰ 5-2 ਨਾਲ ਹਰਾ ਕੇ ਤੀਜਾ ਸਥਾਨ ਹਾਸਲ ਕੀਤਾ। ਭਾਰਤੀ ਕਪਤਾਨ ਹਰਮਨਪ੍ਰੀਤ ਸਿੰਘ ਇਸ ਟੂਰਨਾਮੈਂਟ ਦਾ ਸਟਾਰ ਖਿਡਾਰੀ ਰਿਹਾ। ਉਸ ਨੂੰ ਟੂਰਨਾਮੈਂਟ ਦਾ ‘ਸਰਵੋਤਮ ਖਿਡਾਰੀ’ ਚੁਣਿਆ ਗਿਆ ਅਤੇ ਉਹ 10 ਗੋਲਾਂ ਨਾਲ ‘ਟਾਪ ਸਕੋਰਰ’ ਵੀ ਬਣਿਆ। ਟੂਰਨਾਮੈਂਟ ਵਿੱਚ ਹਰਮਨਪ੍ਰੀਤ ਸਿੰਘ ਵੱਲੋਂ ਕੀਤੇ 10ਵੇਂ ਗੋਲ ਨਾਲ ਅੰਤਰਰਾਸ਼ਟਰੀ ਪੱਧਰ ’ਤੇ ਉਸ ਦੇ ਗੋਲਾਂ ਦੀ ਕੁੱਲ ਗਿਣਤੀ 250 ਦੇ ਅਹਿਮ ਅੰਕੜੇ ਤੱਕ ਪਹੁੰਚ ਗਈ ਹੈ। ਭਾਵੇਂ , ਲੀਗ ਮੈਚ ਵਿੱਚ ਮਲੇਸ਼ੀਆ ਵਿਰੁੱਧ ਲਗਾਈ ਗਈ ’ਹੈਟ੍ਰਿਕ’ ਹੋਵੇ, ਦਬਾਅ ਹੇਠ ਮਾਰੇ ਸ਼ਾਨਦਾਰ ‘ਡਰੈਗ-ਫਲਿਕ’ ਹੋਣ ਜਾਂ ਫਿਰ ਫਾਈਨਲ ਵਿੱਚ ਉਨ੍ਹਾਂ ਦੀ ਸ਼ਾਂਤ ਅਗਵਾਈ ਹੋਵੇ ਹਰਮਨ ਨੇ ਹਰ ਮੈਚ ਵਿੱਚ ਟੀਮ ਨੂੰ ਮੂਹਰੇ ਰੱਖਿਆ।

ਗੋਲਕੀਪਰ ਕ੍ਰਿਸ਼ਨ ਬਹਾਦੁਰ ਪਾਠਕ ਨੂੰ ਗੋਲਕੀਪਰ ਆਫ਼ ਟੂਰਨਾਮੈਂਟ ਐਲਾਨਿਆ ਗਿਆ। ਟੂਰਨਾਮੈਂਟ ਦੇ ਕੁਝ ਅਹਿਮ ਪਲਾਂ ਵਿੱਚ, ਖਾਸ ਕਰਕੇ ਮਲੇਸ਼ੀਆ ਅਤੇ ਦੱਖਣੀ ਕੋਰੀਆ ਵਿਰੁੱਧ ਲੀਗ ਮੈਚ ਦੌਰਾਨ ਪੈਨਲਟੀ ਕਾਰਨਰਾਂ ’ਤੇ ਉਸਦੇ ਸ਼ਾਨਦਾਰ ਬਚਾਅ ਨੇ ਭਾਰਤ ਨੂੰ ਪੂਰੇ ਸਮੇਂ ਦੌਰਾਨ ਅਜੇਤੂ ਰੱਖਿਆ। ਪਹਿਲੀ ਵਾਰ ਅੰਤਰਰਾਸ਼ਟਰੀ ਟੂਰਨਾਮੈਂਟ ਦੀ ਮੇਜ਼ਬਾਨੀ ਕਰ ਰਹੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਹਾਕੀ ਸਟੇਡੀਅਮ, ਮੋਹਾਲੀ ਨੇ ਜ਼ੋਰਦਾਰ ਢੰਗ ਨਾਲ ਵਿਸ਼ਵ ਪੱਧਰੀ ਖੇਡ ਮੰਚ ’ਤੇ ਆਪਣੀ ਸ਼ੁਰੂਆਤ ਕੀਤੀ। ਖਚਾਖਚ ਭਰਿਆ ਸਟੇਡੀਅਮ, ਜੋਸ਼ੀਲਾ ਮਾਹੌਲ, ਵਿਸ਼ਵ ਪੱਧਰੀ ਸਹੂਲਤਾਂ ਅਤੇ ਸੈਮੀਫਾਈਨਲ, ਕਾਂਸੀ ਦੇ ਤਗਮੇ ਦੇ ਮੈਚ ਅਤੇ ਫਾਈਨਲ ਲਈ ਪੁਖ਼ਤਾ ਪ੍ਰਬੰਧਾਂ ਲਈ ਮੋਹਾਲੀ ਨੇ ਏਸ਼ੀਆ ਭਰ ਦੀਆਂ ਟੀਮਾਂ, ਅਧਿਕਾਰੀਆਂ ਅਤੇ ਪ੍ਰਸ਼ੰਸਕਾਂ ਤੋਂ ਵਾਹ-ਵਾਹ ਖੱਟੀ। ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ , ਜਿੱਥੇ ਲੀਗ ਮੁਕਾਬਲੇ ਖੇਡੇ ਗਏ, ਨੇ ਵੀ ਅੰਤਰਰਾਸ਼ਟਰੀ ਪੱਧਰ ’ਤੇ ਲੋਕਾਂ ਦਾ ਧਿਆਨ ਖਿੱਚਿਆ ਅਤੇ ਪ੍ਰਸ਼ੰਸਾ ਹਾਸਲ ਕੀਤੀ। ਬੰਗਲਾਦੇਸ਼ ਵਿਰੁੱਧ ਭਾਰਤ ਦੀ 13-0 ਦੀ ਸ਼ਾਨਦਾਰ ਸ਼ੁਰੂਆਤੀ ਜਿੱਤ ਤੋਂ ਲੈ ਕੇ ਮਲੇਸ਼ੀਆ ਵਿਰੁੱਧ 4-2 ਦੇ ਰੋਮਾਂਚਕ ਮੁਕਾਬਲੇ ਤੱਕ, ਜਲੰਧਰ ਵਿੱਚ ਹਰ ਸ਼ਾਮ ਸਟੇਡੀਅਮ ਦਰਸ਼ਕਾਂ ਨਾਲ ਖਚਾਖਚ ਭਰਿਆ ਰਿਹਾ ਅਤੇ ਭੀੜ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਜਲੰਧਰ ਅਤੇ ਮੋਹਾਲੀ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਨਾ ਸਿਰਫ਼ ਭਾਰਤੀ ਹਾਕੀ ਦੀ ’ਨਰਸਰੀ’ ਹੈ ਸਗੋਂ ਇਹ ਵਿਸ਼ਵ ਹਾਕੀ ਦੇ ਸਭ ਤੋਂ ਵੱਡੇ ਮੁਕਾਬਲਿਆਂ ਦੀ ਮੇਜ਼ਬਾਨੀ ਕਰਨ ਲਈ ਵੀ ਪੂਰੀ ਤਰ੍ਹਾਂ ਤਿਆਰ ਹੈ। ਇਸ ਨਾਲ 2030 ਵਿਸ਼ਵ ਕੱਪ ਦੀ ਮੇਜ਼ਬਾਨੀ ਕਰਨ ਦੇ ਪੰਜਾਬ ਦੇ ਦਾਅਵੇ ਨੂੰ ਹੋਰ ਮਜ਼ਬੂਤੀ ਮਿਲੀ ਹੈ। ਪੰਜਾਬ ਦੀ ਧਰਤੀ ’ਤੇ ਭਾਰਤ ਦੀ ਇਹ ਜਿੱਤ ਸਿਰਫ਼ ਇੱਕ ਖਿਤਾਬ ਨਹੀਂ ਹੈ। ਹਰਮਨਪ੍ਰੀਤ ਸਿੰਘ ਦੀ ਅਗਵਾਈ ਅਤੇ ਕ੍ਰਿਸ਼ਨ ਬਹਾਦਰ ਪਾਠਕ ਦੀ ਰਖਵਾਲੀ ਹੇਠ ਭਾਰਤੀ ਹਾਕੀ ਏਸ਼ੀਆ ਵਿੱਚ ਸ਼ਿਖਰ ’ਤੇ ਹੈ।

TAKE CONTROL OF YOUR HEALTH!

PRIVATE, AFFORDABLE, & CONVENIENT

8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

NO INSURANCE? NO PROBLEM!

WALK-INS WELCOME



ANYLABTEST NOW

ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

WHOLE HOME SOLAR & BATTERY
STARTING AT $25,000

For a standard 5kW Solar & 14kWh Battery system

Roof or main panel upgrades not included



Clear & Up-Front Pricing

High-Efficiency Components

Permits and Utility Approvals Included

Protect Existing NEM 2.0 (Via Non-Export Configuration)

CALL HARRY FOR A QUOTE | (925) 537-2732

Harkaran Singh (HIS Registration #167489 SP) AUTHORIZED REPRESENTATIVE FOR TSP SOLAR SALES AND SERVICES (DBA TSP ROOFING AND SOLAR)
CSLB Contractor License #1096233 • C-10 Electrical, C-39 Roofing, B-General Building
Pricing & offer details vary by location & applicant.

Gillson
TRUCKING INC

NOW HIRING
TRUCK DRIVERS
CLASS A CDL



- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight



SKILLS

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

RESPONSIBILITIES

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

PAY

